ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸੋਮਵਾਰ, 17 ਅਗਸਤ 2026 (ਨਾਨਕਸ਼ਾਹੀ ਸੰਮਤ : ੫੫੮, ੧ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਭਾਦੋਂ ਦੀ ਸੰਗਰਾਂਦ ਅੱਜ

**(ਬਾਰਹ ਮਾਹਾ ਮਾਂਝ ਮਹਲਾ 5 ਘਰੁ 4**
**੧ਓ ਸਤਿਗੁਰ ਪ੍ਰਸਾਦਿ ॥)**

ਭਾਦੁਇ ਭਰਮਿ ਭੁਲਾਣੀਆ ਦੂਜੈ ਲਗਾ ਹੇਤੁ ॥ ਲਖ ਸੀਗਾਰ ਬਣਾਇਆ ਕਾਰਜਿ ਨਾਹੀ ਕੇਤੁ ॥ ਜਿਤੁ ਦਿਨਿ ਦੇਹ ਬਿਨਸਸੀ ਤਿਤੁ ਵੇਲੈ ਕਹਸਨਿ ਪ੍ਰੇਤੁ ॥ ਪਕੜਿ ਚਲਾਇਨਿ ਦੂਤ ਜਮ ਕਿਸੈ ਨ ਦੇਨੀ ਭੇਤੁ ॥ ਛਡਿ ਖੜੋਤੇ ਖਿਨੈ ਮਾਹਿ ਜਿਨ ਸਿਉ ਲਗਾ ਹੇਤੁ ॥ ਹਥ ਮਰੋੜੈ ਤਨੁ ਕਪੇ ਸਿਆਹਹੁ ਹੋਆ ਸੇਤੁ ॥ ਜੇਹਾ ਬੀਜੈ ਸੋ ਲੁਣੈ ਕਰਮਾ ਸੰਦੜਾ ਖੇਤੁ ॥ ਨਾਨਕ ਪ੍ਰਭ ਸਰਣਾਗਤੀ ਚਰਣ ਬੋਹਿਥ ਪ੍ਰਭ ਦੇਤੁ ॥ ਸੇ ਭਾਦੁਇ ਨਰਕਿ ਨ ਪਾਈਅਹਿ ਗੁਰੁ ਰਖਣ ਵਾਲਾ ਹੇਤੁ ॥7॥

**(ਅਰਥ / ਵਿਆਖਿਆ) :** (ਜਿਵੇਂ) ਭਾਦਰੋਂ (ਦੇ ਤ੍ਰਾਟਕੇ ਤੇ ਘੁੰਮੇ) ਵਿਚ (ਮਨੁੱਖ ਬਹੁਤ ਘਬਰਾਂਦਾ ਹੈ, ਤਿਵੇਂ) ਜਿਸ ਜੀਵ-ਇਸਤ੍ਰੀ ਦਾ ਪਿਆਰ ਪ੍ਰਭੂ-ਪਤੀ ਤੋਂ ਬਿਨਾ ਕਿਸੇ ਹੋਰ ਨਾਲ ਲੱਗਦਾ ਹੈ ਉਹ ਭਟਕਣਾ ਦੇ ਕਾਰਨ ਜੀਵਨ ਦੇ ਸਹੀ ਰਸਤੇ ਤੋਂ ਖੁੰਝ ਜਾਂਦੀ ਹੈ । ਉਹ ਭਾਵੇਂ ਲੱਖਾਂ ਹਾਰ ਸਿੰਗਾਰ ਕਰੇ, (ਉਸ ਦੇ) ਕਿਸੇ ਕੰਮ ਨਹੀਂ ਆਉਂਦੇ । ਜਿਸ ਦਿਨ ਮਨੁੱਖ ਦਾ ਸਰੀਰ ਨਾਸ ਹੋਵੇਗਾ (ਜਦੋਂ ਮਨੁੱਖ ਮਰ ਜਾਇਗਾ) ਉਸ ਵੇਲੇ (ਸਾਰੇ ਸਾਕ-ਅੰਗ) ਆਖਣਗੇ ਕਿ ਇਹ ਹੁਣ ਗੁਜ਼ਰ ਗਿਆ ਹੈ । (ਲੋਥ ਅਪਵਿਤ੍ਰ ਪਈ ਹੈ, ਇਸ ਨੂੰ ਛੇਤੀ ਬਾਹਰ ਲੈ ਚੱਲੋ) । ਜਮਦੂਤ (ਜਿੰਦ ਨੂੰ) ਫੜ ਕੇ ਅੱਗੇ ਲਾ ਲੈਂਦੇ ਹਨ, ਕਿਸੇ ਨੂੰ (ਇਹ) ਭੇਤ ਨਹੀਂ ਦੱਸਦੇ (ਕਿ ਕਿੱਥੇ ਲੈ ਚੱਲੇ ਹਾਂ) । (ਜਿਨ੍ਹਾਂ ਸੰਬੰਧੀਆਂ ਨਾਲ (ਸਾਰੀ ਉਮਰ ਬੜਾ) ਪਿਆਰ ਬਣਿਆ ਰਹਿੰਦਾ ਹੈ ਉਹ ਪਲ ਵਿਚ ਹੀ ਸਾਥ ਛੱਡ ਬੈਠਦੇ ਹਨ । (ਮੌਤ ਆਈ ਵੇਖ ਕੇ ਮਨੁੱਖ) ਬੜਾ ਪਛੁਤਾਂਦਾ ਹੈ, ਉਸ ਦਾ ਸਰੀਰ ਔਖਾ ਹੁੰਦਾ ਹੈ, ਉਹ ਕਾਲੇ ਤੋਂ ਚਿੱਟਾ ਪਿਆ ਹੁੰਦਾ ਹੈ (ਘਬਰਾਹਟ ਨਾਲ ਇਕ ਰੰਗ ਆਉਂਦਾ ਹੈ ਇਕ ਜਾਂਦਾ ਹੈ) । ਇਹ ਸਰੀਰ ਮਨੁੱਖ ਦੇ ਕੀਤੇ ਕਰਮਾਂ ਦਾ ਖੇਤ ਹੈ, ਜੋ ਕੁਝ ਮਨੁੱਖ ਇਸ ਵਿਚ ਬੀਜਦਾ ਹੈ ਉਹੀ ਫ਼ਸਲ ਵੱਢਦਾ ਹੈ (ਜੇਹੇ ਕਰਮ ਕਰਦਾ ਹੈ, ਤੇਹਾ ਫਲ ਪਾਂਦਾ ਹੈ) । ਹੇ ਨਾਨਕ ! ਜਿਨ੍ਹਾਂ ਦਾ ਰਾਖਾ ਤੇ ਹਿਤੂ ਗੁਰੂ ਬਣਦਾ ਹੈ, ਗੁਰੂ ਉਹਨਾਂ ਨੂੰ ਪ੍ਰਭੂ ਦੇ ਚਰਨ-ਰੂਪ ਜਹਾਜ਼ (ਵਿਚ ਚੜ੍ਹਾ) ਦੇਂਦਾ ਹੈ ਉਹ ਨਰਕ ਵਿਚ ਨਹੀਂ ਪਾਏ ਜਾਂਦੇ, (ਕਿਉਂਕਿ ਗੁਰੂ ਦੀ ਕਿਰਪਾ ਨਾਲ) ਉਹ ਪ੍ਰਭੂ ਦੀ ਸਰਨ ਵਿਚ ਆ ਜਾਂਦੇ ਹਨ ॥7॥

**ਸੰਗਰਾਂਦ ਦੀਆਂ ਸਮੂਹ ਸੰਗਤਾਂ ਨੂੰ ਵਧਾਈਆਂ**

### ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਿੱਖ ਸੰਗਤ ਨੂੰ ਕੀਤਾ ਸੰਬੋਧਨ

## 1947 ਦੀ ਵੰਡ ਦੇ ਸ਼ਹੀਦਾਂ ਦੀ ਯਾਦ 'ਚ ਅਰਦਾਸ ਸਮਾਗਮ

**ਅੰਮ੍ਰਿਤਸਰ, 16 ਅਗਸਤ (ਆਵਾਜ਼ਿ ਕੌਮ ਬਿਊਰੋ)**-ਅਗਸਤ 1947 ਦੀ ਕਤਲੋਗਾਰਤ ਤੇ ਪੰਜਾਬ ਦੀ ਵੰਡ ਸਮੇਂ ਸ਼ਹੀਦ ਹੋਏ ਸਮੂਹ ਪੰਜਾਬੀਆਂ ਦੀ ਯਾਦ ਵਿੱਚ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸੰਗਤ ਨੂੰ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਾਡੇ ਬਜ਼ੁਰਗਾਂ ਨੇ 1947 ਦੀ ਵੰਡ ਨੂੰ ਪੰਜਾਬ ਦਾ ਉਜਾੜਾ ਕਿਹਾ ਹੈ, ਜਿਸ ਦੌਰਾਨ 10 ਲੱਖ ਤੋਂ ਵੱਧ ਪੰਜਾਬੀਆਂ ਦੀ ਕਤਲੋਗਾਰਤ ਹੋਈ ਹੈ। ਗਿਆਨੀ ਸੋਹਨ ਸਿੰਘ ਸੀਤਲ ਜੀ ਦੀ ਪੁਸਤਕ ਪੰਜਾਬ ਦਾ ਉਜਾੜਾ ਵਿੱਚ ਵੰਡ ਦੇ ਸਮੇਂ ਦੀਆਂ ਬਹੁਤ ਘਟਨਾਵਾਂ ਦਰਜ ਹਨ, ਜਿਨ੍ਹਾਂ ਨੂੰ ਪੜ੍ਹ ਕੇ ਪਤਾ ਲੱਗਦਾ ਹੈ ਕਿ ਉਦੋਂ ਕੀ ਕੁਝ ਵਾਪਰਿਆ। ਉਨ੍ਹਾਂ ਕਿਹਾ ਕਿ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ 1947 ਦੀ ਕਤਲੋਗਾਰਤ ਵਿੱਚ ਸ਼ਹੀਦ ਹੋਏ ਸਮੂਹ ਪੰਜਾਬੀਆਂ ਦੀ ਯਾਦ ਵਿੱਚ ਗੁਰੂ ਸਾਹਿਬ ਦੇ ਸਨਮੁਖ ਅਰਦਾਸ ਕੀਤੀ ਗਈ ਹੈ, ਕਿ ਅਜਿਹਾ ਸਮਾਂ ਦੁਬਾਰਾ ਕਦੇ ਨਾ ਆਵੇ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਿੱਖ ਰੋਜ਼ਾਨਾ ਅਰਦਾਸ ਕਰਦੇ ਹਨ ਕਿ ਜਿਹੜੇ ਪਾਵਨ ਗੁਰੂਧਾਮ ਖ਼ਾਲਸਾ ਪੰਥ ਤੋਂ ਵਿਛੜੇ ਉਨ੍ਹਾਂ ਦੇ ਖੁੱਲ੍ਹੇ ਦਰਸ਼ਨ ਦੀਦਾਰ ਹੋਣ। ਉਨ੍ਹਾਂ ਕਿਹਾ ਕਿ 1947 ਵਿੱਚ ਸਾਡੇ ਜਾਨ ਤੋਂ ਪਿਆਰੇ ਗੁਰੂਧਾਮ ਵਿਛੜੇ, ਸਾਨੂੰ ਆਪਣੇ ਘਰ ਤੇ ਜ਼ਮੀਨਾਂ ਛੱਡਣੀਆਂ ਪਈਆਂ। ਸਿੱਖਾਂ ਦੀ ਅੱਜ ਵੀ ਇਹੀ ਭਾਵਨਾ ਹੈ ਕਿ ਆਪਣੇ ਗੁਰਧਾਮਾਂ ਦੇ ਖੁੱਲ੍ਹੇ ਦਰਸ਼ਨ ਦੀਦਾਰ ਕਰਦੇ ਰਹਿਣ, ਸਾਨੂੰ ਪੂਰਾ ਭਰੋਸਾ ਹੈ ਕਿ ਗੁਰੂ ਸਾਹਿਬ ਇਹ ਅਰਦਾਸ ਜ਼ਰੂਰ ਪੂਰੀ ਕਰਨਗੇ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਵੀ ਪਿਛਲੇ ਲਗਭਗ ਡੇਢ ਸਾਲ ਤੋਂ ਬੰਦ ਪਿਆ ਹੈ, ਜਿਸ ਨੂੰ ਸਿੱਖ ਭਾਵਨਾਵਾਂ ਅਨੁਸਾਰ ਭਾਰਤ ਤੇ ਪਾਕਿਸਤਾਨ ਸਰਕਾਰਾਂ ਨੂੰ ਆਪਸ ਵਿੱਚ ਗੱਲਬਾਤ ਕਰਕੇ ਬਿਨਾਂ ਦੇਰੀ ਖੋਲ੍ਹਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜਦੋਂ ਸਿੱਖ ਸੰਗਤ ਸ੍ਰੀ ਨਨਕਾਣਾ ਸਾਹਿਬ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਸਮਝੌਤੇ ਤਹਿਤ ਜਥਿਆਂ ਰਾਹੀਂ ਜਾਂਦੀਆਂ ਹਨ, ਤਾਂ ਵੱਧ ਤੋਂ ਵੱਧ ਸੰਗਤ ਦਰਸ਼ਨ ਲਈ ਜਾਣਾ ਚਾਹੁੰਦੀ ਹੈ। ਪਿਛਲੇ ਸਮੇਂ ਸਿੱਖ ਜਥਿਆਂ ਲਈ ਸ਼੍ਰੋਮਣੀ ਕਮੇਟੀ ਪਾਸ ਰਿਕਾਰਡ ਗਿਣਤੀ ਵਿੱਚ ਪਾਸਪੋਰਟ ਪੁੱਜ ਰਹੇ ਹਨ। ਦੋਵੇਂ ਦੇਸ਼ਾਂ ਦੀਆਂ ਸਰਕਾਰਾਂ ਨੂੰ ਸਿੱਖ ਜਥਿਆਂ ਵਿੱਚ ਸ਼ਰਧਾਲੂਆਂ ਦੀ ਗਿਣਤੀ ਤੇ ਕੋਟਾ ਵਧਾਉਣ ਲਈ ਗੰਭੀਰਤਾ ਨਾਲ ਗੌਰ ਕਰਨੀ ਚਾਹੀਦੀ ਹੈ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਅਤੇ ਉਨ੍ਹਾਂ ਨਾਲ ਸਬੰਧਤ ਮਸਲੇ ਹੱਲ ਕਰਨ ਦੀ ਗੱਲ ਵੀ ਕੀਤੀ। ਉਨ੍ਹਾਂ ਕਿਹਾ ਕਿ ਭਾਵੇਂ ਜ਼ਿੰਦਾ ਸ਼ਹੀਦ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਸਜ਼ਾ ਨੂੰ ਉਮਰ ਕੈਦ ਵਿੱਚ ਤਬਦੀਲੀ ਦਾ ਮਾਮਲਾ ਹੋਵੇ ਜਾਂ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਅਤੇ ਉਨ੍ਹਾਂ ਦੀ ਬਜ਼ੁਰਗ ਤੇ ਬੀਮਾਰ ਮਾਤਾ ਬੀਬੀ ਨਰਿੰਦਰ ਕੌਰ ਜੀ ਦੀ ਮੁਲਾਕਾਤ ਦਾ ਮਾਮਲਾ ਹੋਵੇ, ਸਿੱਖਾਂ ਨਾਲ ਸਰਕਾਰਾਂ ਵੱਲੋਂ ਵਿਤਕਰਾ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ 1947 ਤੋਂ ਪਹਿਲਾਂ ਵੀ ਸਿੱਖਾਂ ਨੇ ਜੇਲ੍ਹਾਂ ਕੱਟੀਆਂ, ਫਾਂਸੀਆਂ ਝੱਲੀਆਂ ਅਤੇ ਅੱਜ ਵੀ ਸਿੱਖ ਜੇਲ੍ਹਾਂ ਕੱਟ ਰਹੇ ਹਨ। ਜਥੇਦਾਰ ਗੜਗੱਜ ਨੇ ਕਿਹਾ ਕਿ ਅਖੌਤੀ ਡੇਰੇਦਾਰ ਗੁਰਮੀਤ ਰਾਮ ਰਹੀਮ ਨੂੰ ਸਾਲ ਵਿੱਚ ਕਈ-ਕਈ ਪੈਰੋਲਾਂ ਦੇ ਕੇ ਛੱਡਿਆ ਜਾਂਦਾ ਹੈ ਜਦਕਿ ਜੇਕਰ ਬੰਦੀ ਸਿੰਘਾਂ ਦੀ ਗੱਲ ਹੋਵੇ ਤਾਂ ਉਨ੍ਹਾਂ ਨਾਲ ਵਿਤਕਰੇ ਤਹਿਤ ਦੋਹਰੀ ਨੀਤੀ ਅਪਣਾਈ ਜਾਂਦੀ ਹੈ। ਜਥੇਦਾਰ ਗੜਗੱਜ ਨੇ ਕਿਹਾ ਇਹ ਗੱਲ ਗਲਤ ਪ੍ਰਚਾਰੀ ਜਾਂਦੀ ਹੈ ਕਿ ਸਿੱਖਾਂ ਵਿੱਚ ਆਪਸੀ ਵਖਰੇਵੇਂ ਹਨ, ਮਿਸਲਾਂ ਵੇਲੇ ਵੀ ਮਤਭੇਦ ਹੁੰਦੇ ਸਨ, ਪਰੰਤੂ ਜਦੋਂ ਗੱਲ ਕੌਮ ਤੇ ਗੁਰੂ ਸਾਹਿਬ ਦੀ ਹੁੰਦੀ ਸੀ ਤਾਂ ਸਮੂਹ ਜਥੇਬੰਦੀਆਂ ਇਕਜੁੱਟ ਹੋ ਜਾਂਦੀਆਂ ਸਨ। ਉਨ੍ਹਾਂ ਕਿਹਾ ਕਿ ਅੱਜ ਇਹ ਗਲਤ ਪਿਰਤ ਹੈ ਜੋ ਗੁਰਦੁਆਰਾ ਸਾਹਿਬਾਨ ਵਿੱਚ ਹਮਲੇ ਕੀਤੇ ਜਾ ਰਹੇ ਹਨ, ਇਹ ਖ਼ਾਲਸਾ ਪੰਥ ਹਿੱਤਾਂ ਵਿੱਚ ਨਹੀਂ ਹੈ।



## ਭਾਜਪਾ ਨੇ ਪੰਜਾਬ ਦੇ ਸਾਰੇ ਜ਼ਿਲ੍ਹਿਆਂ 'ਚ ਕੀਤੀਆਂ ਨਵੀਆਂ ਨਿਯੁਕਤੀਆਂ

ਜਲੰਧਰ, 16 ਅਗਸਤ (ਆਵਾਜ਼ਿ ਕੌਮ ਬਿਊਰੋ)-ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਸੂਬੇ ਵਿਚ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ, ਜ਼ਿਲ੍ਹਾ ਪੱਧਰ 'ਤੇ ਬਿਹਤਰ ਤਾਲਮੇਲ ਸਥਾਪਤ ਕਰਨ ਅਤੇ ਪਾਰਟੀ ਦੇ ਪ੍ਰੋਗਰਾਮਾਂ ਦੇ ਪ੍ਰਭਾਵਸ਼ਾਲੀ ਅਮਲ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਪੰਜਾਬ ਦੇ ਸਾਰੇ 36 ਜਥੇਬੰਦਕ ਜ਼ਿਲ੍ਹਿਆਂ ਲਈ ਜ਼ਿਲ੍ਹਾ ਇੰਚਾਰਜਾਂ ਅਤੇ ਸਹਿ-ਇੰਚਾਰਜਾਂ ਦੀਆਂ ਨਿਯੁਕਤੀਆਂ ਕੀਤੀਆਂ ਹਨ। ਇਨ੍ਹਾਂ ਨਿਯੁਕਤੀਆਂ ਦੀ ਅਧਿਕਾਰਤ ਸੂਚੀ ਭਾਜਪਾ ਪੰਜਾਬ ਦੇ ਸੂਬਾ ਜਨਰਲ ਸਕੱਤਰ ਅਨਿਲ ਸਰੀਨ ਵੱਲੋਂ ਜਾਰੀ ਕੀਤੀ ਗਈ ਹੈ। ਅੰਮ੍ਰਿਤਸਰ ਦਿਹਾਤੀ: ਇੰਚਾਰਜ ਅਸ਼ਵਨੀ ਸੇਖੜੀ ਅਤੇ ਸਹਿ-ਇੰਚਾਰਜ ਅਜੈਬੀਰਪਾਲ ਸਿੰਘ ਰੰਧਾਵਾ। ਅੰਮ੍ਰਿਤਸਰ ਦਿਹਾਤੀ-99: ਇੰਚਾਰਜ ਰਣਜੀਤ ਸਿੰਘ ਖੋਜੇਵਾਲ ਅਤੇ ਸਹਿ-ਇੰਚਾਰਜ ਮਾਨਵ ਤਨੇਜਾ। ਅੰਮ੍ਰਿਤਸਰ ਸ਼ਹਿਰੀ: ਇੰਚਾਰਜ ਰਾਕੇਸ਼ ਰਾਠੌਰ ਅਤੇ ਸਹਿ-ਇੰਚਾਰਜ ਅਨਿਲ ਵਾਸੂਦੇਵਾ। ਬਰਨਾਲਾ: ਇੰਚਾਰਜ ਨਿਪੁੰਨ ਸ਼ਰਮਾ ਅਤੇ ਸਹਿ-ਇੰਚਾਰਜ ਓਂਕਾਰ ਸਿੰਘ ਸਿੱਧੂ। ਬਟਾਲਾ: ਇੰਚਾਰਜ ਰਵੀਕਰਨ ਸਿੰਘ ਕਾਹਲੋਂ ਅਤੇ ਸਹਿ-ਇੰਚਾਰਜ ਵਿਜੇ ਸ਼ਰਮਾ (ਪਠਾਨਕੋਟ)। ਬਠਿੰਡਾ ਦਿਹਾਤੀ: ਇੰਚਾਰਜ ਸੁਰਜੀਤ ਜਿਆਣੀ ਅਤੇ ਸਹਿ-ਇੰਚਾਰਜ ਰਾਜੇਸ਼ ਪਟੇਹਲਾ। ਬਠਿੰਡਾ ਸ਼ਹਿਰੀ: ਇੰਚਾਰਜ ਮਨਜੀਤ ਸਿੰਘ ਰਾਏ ਅਤੇ ਸਹਿ-ਇੰਚਾਰਜ ਵੰਦਨਾ ਸਾਂਗਵਾਲ। ਫ਼ਰੀਦਕੋਟ: ਇੰਚਾਰਜ ਮੋਨਾ ਜੈਸਵਾਲ ਅਤੇ ਸਹਿ-ਇੰਚਾਰਜ ਸੁਬੋਧ ਵਰਮਾ। ਫ਼ਤਿਹਗੜ੍ਹ ਸਾਹਿਬ: ਇੰਚਾਰਜ ਕੇ.ਡੀ. ਭੰਡਾਰੀ। ਫਾਜ਼ਿਲਕਾ: ਇੰਚਾਰਜ ਸਤੀਸ਼ ਅਸੀਜਾ ਅਤੇ ਸਹਿ-ਇੰਚਾਰਜ ਦੇਵੇਂਦਰ ਬਜਾਜ। ਫਿਰੋਜ਼ਪੁਰ: ਇੰਚਾਰਜ ਜੀਵਨ ਗੁਪਤਾ ਅਤੇ ਸਹਿ-ਇੰਚਾਰਜ ਵਿਜੇ ਸ਼ਰਮਾ (ਮੋਗਾ)। ਗੁਰਦਾਸਪੁਰ: ਇੰਚਾਰਜ ਹਰਵਿੰਦਰ ਸਿੰਘ ਸੰਧੂ ਅਤੇ ਸਹਿ-ਇੰਚਾਰਜ ਹਰਜਿੰਦਰ ਸਿੰਘ ਠੇਕੇਦਾਰ। ਹੁਸ਼ਿਆਰਪੁਰ: ਇੰਚਾਰਜ ਸੁਸ਼ੀਲ ਸ਼ਰਮਾ ਅਤੇ ਸਹਿ-ਇੰਚਾਰਜ ਗੁਰਪ੍ਰਤਾਪ ਸਿੰਘ ਟਿੱਕਾ। ਹੁਸ਼ਿਆਰਪੁਰ ਦਿਹਾਤੀ: ਇੰਚਾਰਜ ਰਾਕੇਸ਼ ਸ਼ਰਮਾ। ਜਗਰਾਉਂ: ਇੰਚਾਰਜ ਅਨਿਲ ਸੱਚਰ ਅਤੇ ਸਹਿ-ਇੰਚਾਰਜ ਰਣਜੀਤ ਸਿੰਘ ਪਵਾਰ। ਜਲੰਧਰ ਦਿਹਾਤੀ (ਉੱਤਰ): ਇੰਚਾਰਜ ਪੁਸ਼ਿਪੰਦਰ ਸਿੰਗਲ। ਜਲੰਧਰ ਦਿਹਾਤੀ (ਦੱਖਣ): ਇੰਚਾਰਜ ਕਰਮਜੀਤ ਕੌਰ ਚੌਧਰੀ ਅਤੇ ਸਹਿ-ਇੰਚਾਰਜ ਅਜੈ ਕੌਸ਼ਲ ਸੇਤੂ। ਜਲੰਧਰ ਸ਼ਹਿਰੀ: ਇੰਚਾਰਜ ਸੂਰਜ ਭਾਰਦਵਾਜ ਅਤੇ ਸਹਿ-ਇੰਚਾਰਜ ਹਰਜੀਤ ਸਿੰਘ ਸੰਧੂ। ਕਪੂਰਥਲਾ: ਇੰਚਾਰਜ ਮਨਜੀਤ ਸਿੰਘ ਮੰਨਾ ਅਤੇ ਸਹਿ-ਇੰਚਾਰਜ ਮੀਨੂ ਸੇਠੀ। ਖੰਨਾ: ਇੰਚਾਰਜ ਅਮਰਜੀਤ ਸਿੰਘ ਅਮਰੀ ਅਤੇ ਸਹਿ-ਇੰਚਾਰਜ ਤੇਜਿੰਦਰ ਸਿੰਘ ਸਰਾਂ। ਲੁਧਿਆਣਾ ਦਿਹਾਤੀ: ਇੰਚਾਰਜ ਗੇਜਾ ਰਾਮ ਵਾਲਮੀਕੀ ਅਤੇ ਸਹਿ-ਇੰਚਾਰਜ ਰਾਕੇਸ਼ ਕੁਮਾਰ ਗੁਪਤਾ। ਲੁਧਿਆਣਾ ਸ਼ਹਿਰੀ: ਇੰਚਾਰਜ ਦਿਆਲ ਸਿੰਘ ਸੋਢੀ ਅਤੇ ਸਹਿ-ਇੰਚਾਰਜ ਸੁਸ਼ੀਲ ਰਾਣਾ। ਮਲੇਰਕੋਟਲਾ: ਇੰਚਾਰਜ ਸੁਸ਼ੀਲ ਰਿੰਕੂ ਅਤੇ ਸਹਿ-ਇੰਚਾਰਜ ਮੇਜਰ ਸਿੰਘ ਦੈਤਵਾਲ। ਮਾਨਸਾ: ਇੰਚਾਰਜ ਕੇ.ਕੇ. ਮਲਹੋਤਰਾ ਅਤੇ ਸਹਿ-ਇੰਚਾਰਜ ਰਿਸ਼ੀਪਾਲ ਖੇੜਾ। ਮੋਗਾ: ਇੰਚਾਰਜ ਚਰਨਜੀਤ ਸਿੰਘ ਬਰਾੜ ਅਤੇ ਸਹਿ-ਇੰਚਾਰਜ ਕੰਵਰਵੀਰ ਸਿੰਘ ਟੋਹੜਾ। ਮੋਹਾਲੀ: ਇੰਚਾਰਜ ਜਤਿੰਦਰ ਮਿੱਤਲ ਅਤੇ ਸਹਿ-ਇੰਚਾਰਜ ਰਮਨ ਪੱਬੀ। ਮੁਕਤਸਰ: ਇੰਚਾਰਜ ਰੰਜਮ ਕਾਮਰਾ। ਨਵਾਂਸ਼ਹਿਰ: ਇੰਚਾਰਜ ਡਾ. ਸੁਭਾਸ਼ ਸ਼ਰਮਾ ਅਤੇ ਸਹਿ-ਇੰਚਾਰਜ ਸਰਬਜੀਤ ਸਿੰਘ ਮੱਕੜ। ਪਠਾਨਕੋਟ: ਇੰਚਾਰਜ ਰਾਜੇਸ਼ ਹਨੀ। ਪਟਿਆਲਾ ਦਿਹਾਤੀ (ਉੱਤਰ): ਇੰਚਾਰਜ ਸ੍ਰੀ ਐਸ.ਕੇ. ਦੇਵ ਅਤੇ ਸਹਿ-ਇੰਚਾਰਜ ਸ. ਜਤਿੰਦਰ ਸਿੰਘ ਅਟਵਾਲ। ਪਟਿਆਲਾ ਦਿਹਾਤੀ (ਦੱਖਣ): ਇੰਚਾਰਜ ਸ. ਜੈਸਮੀਨ ਸੰਧਾਵਾਲੀਆ ਅਤੇ ਸਹਿ-ਇੰਚਾਰਜ ਸ੍ਰੀ ਪ੍ਰਦੀਪ ਗਰਗ। ਪਟਿਆਲਾ ਸ਼ਹਿਰੀ: ਇੰਚਾਰਜ ਸ੍ਰੀ ਵਿਨੈ ਸ਼ਰਮਾ।

## ਜਲੰਧਰ ਤੋਂ ਸ੍ਰੀਨਗਰ ਜਾ ਰਹੇ ਲੋਕਾਂ ਨਾਲ ਵੱਡਾ ਹਾਦਸਾ, ਦਰੱਖਤ 'ਚ ਕਾਰ ਵੱਜਣ ਕਾਰਨ 3 ਲੋਕਾਂ ਦੀ ਮੌਤ

**ਜਲੰਧਰ, 16 ਅਗਸਤ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਤੋਂ ਇੱਕ ਭਿਆਨਕ ਕਾਰ ਹਾਦਸੇ ਦੀ ਖ਼ਬਰ ਹੈ, ਜਿਸ ਵਿੱਚ ਸਵਾਰ 5 ਵਿਚੋਂ 2 ਲੋਕਾਂ ਸਮੇਤ ਤਿੰਨ ਦੀ ਮੌਤ ਹੋ ਗਈ ਹੈ। ਦੱਸਿਆ ਜਾ ਰਿਹਾ ਹੈ ਕਿ ਹਾਦਸਾ ਭੋਗਪੁਰ ਨੇੜੇ ਵਾਪਰਿਆ। ਹਾਦਸੇ ਕਾਰਨਾਂ ਪਿੱਛੇ ਕਾਰ ਚਾਲਕ ਦੀ ਅਚਾਨਕ ਅੱਖ ਲੱਗਣਾ ਦੱਸਿਆ ਜਾ ਰਿਹਾ ਹੈ, ਜਿਸ ਵਿੱਚ ਕਾਰ ਸਿੱਧੀ ਦਰੱਖਤ 'ਚ ਜਾ ਵੱਜੀ। ਮੌਕੇ 'ਤੇ ਇਹ ਵੀ ਜਾਣਕਾਰੀ ਸਾਹਮਣੇ ਆਈ ਹੈ ਕਿ ਕਾਰ ਦੀ ਸਪੀਡ 150 ਦੇ ਲਗਭਗ ਸੀ, ਜਿਸ ਕਾਰਨ ਕਾਰ ਅਚਾਨਕ ਪਹਿਲਾਂ ਰੇਹੜੀ ਵਿੱਚ ਵੱਜਦੀ ਹੋਈ ਦਰੱਖਤ ਵਿੱਚ ਜਾ ਵੱਜੀ। ਦੱਸਿਆ ਜਾ ਰਿਹਾ ਹੈ ਕਿ ਰੇਹੜੀ ਚਾਲਕ ਇਥੇ ਫਲ ਵੇਚਦਾ ਸੀ, ਜਿਸ ਨੂੰ ਵੀ ਕਾਰ ਨੇ ਆਪਣੀ ਲਪੇਟ 'ਚ ਲੈ ਲਿਆ।



ਇਸ ਦੇ ਨਾਲ ਹੀ ਕਾਰ ਸਵਾਰ ਦੋ ਹੋਰ ਲੋਕਾਂ ਦੀ ਵੀ ਮੌਕੇ 'ਤੇ ਮੌਤ ਹੋ ਗਈ। ਇਹ ਹਾਦਸਾ ਐਤਵਾਰ ਦੁਪਹਿਰ 2:20 ਵਜੇ ਦੇ ਕਰੀਬ ਵਾਪਰਿਆ। ਇੱਕ ਤੇਜ਼ ਰਫ਼ਤਾਰ ਕਾਰ ਜਲੰਧਰ ਤੋਂ ਪਠਾਨਕੋਟ ਜਾ ਰਹੀ ਸੀ, ਜਦੋਂ ਚੋਲਾਂਗ ਟੋਲ ਪਲਾਜ਼ਾ ਦੇ ਨੇੜੇ ਪਹੁੰਚੀ ਤਾਂ ਡਰਾਈਵਰ ਨੇ ਅਚਾਨਕ ਆਪਣਾ ਕੰਟਰੋਲ ਗੁਆ ਦਿੱਤਾ। ਕਾਰ ਬੇਕਾਬੂ ਹੋ ਕੇ ਸੜਕ ਕਿਨਾਰੇ ਇੱਕ ਦਰੱਖਤ ਨਾਲ ਟਕਰਾ ਗਈ। ਹਾਦਸੇ ਵਿੱਚ 3 ਹੋਰ ਲੋਕ ਜ਼ਖ਼ਮੀ ਦੱਸੇ ਜਾ ਰਹੇ ਹਨ, ਜਿਨ੍ਹਾਂ ਨੂੰ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਹਮਲੇ ਦੌਰਾਨ, ਇੱਕ ਮ੍ਰਿਤਕ ਦੇ ਸਰੀਰ ਦੇ ਅੰਗ ਖਿੱਲਰੇ ਹੋਏ ਸਨ। ਬਾਅਦ ਵਿੱਚ, ਸਾਰੇ ਅੰਗ ਇਕੱਠੇ ਕੀਤੇ ਗਏ ਅਤੇ ਕੱਪੜੇ ਵਿੱਚ ਲਪੇਟ ਦਿੱਤੇ ਗਏ। ਮ੍ਰਿਤਕਾਂ ਦੀ ਪਛਾਣ ਸੁਖਵਿੰਦਰ ਸਿੰਘ (50) ਵਾਸੀ ਚੱਕ ਸ਼ਕੂਰ, ਇਖਲਾਸ ਕਾਦਿਰ ਅਤੇ ਅਨੀਕ ਅਮੀਨ ਵਜੋਂ ਹੋਈ ਹੈ। ਹਾਦਸੇ ਵਿੱਚ ਕਾਰ ਵਿੱਚ ਸਵਾਰ ਤਿੰਨ ਹੋਰ ਨੌਜਵਾਨ ਜ਼ਖ਼ਮੀ ਹੋ ਗਏ। ਉਨ੍ਹਾਂ ਦੀ ਪਛਾਣ ਸ੍ਰੀਨਗਰ ਦੇ ਰਹਿਣ ਵਾਲੇ ਉਮੈਰ ਅਹਿਮਦ, ਦਾਨਿਸ਼ ਅਤੇ ਸੋਹੇਲ ਵਜੋਂ ਹੋਈ ਹੈ। ਘਟਨਾ ਸਥਾਨ ਤੋਂ ਬਰਾਮਦ ਹੋਏ ਪੀੜਤਾਂ ਦੇ ਸਮਾਨ ਨੂੰ ਪੁਲਿਸ ਨੇ ਸੁਰੱਖਿਅਤ ਢੰਗ ਨਾਲ ਇਕੱਠਾ ਕਰ ਲਿਆ ਅਤੇ ਭੋਗਪੁਰ ਪੁਲਿਸ ਸਟੇਸ਼ਨ ਦੇ ਸਬ-ਇੰਸਪੈਕਟਰ (ਐਸਆਈ) ਸੁਰਿੰਦਰ ਸਿੰਘ ਨੂੰ ਸੌਂਪ ਦਿੱਤਾ। ਬਰਾਮਦ ਕੀਤੇ ਗਏ ਸਮਾਨ ਵਿੱਚ ਸੱਤ ਕਿੱਟ ਬੈਗ (ਇੱਕ ਲੈਪਟਾਪ ਸਮੇਤ), ਤਿੰਨ ਬਟੂਏ ਜਿਨ੍ਹਾਂ ਵਿੱਚ ?4,400 ਨਕਦ ਅਤੇ ਕਾਰਡ, ਇੱਕ ਗੁੱਟ ਘੜੀ, ਦੋ ਮੋਬਾਈਲ ਫੋਨ ਅਤੇ ਦੋ ਮੋਬਾਈਲ ਚਾਰਜਰ ਸ਼ਾਮਲ ਸਨ। ਪੁਲਿਸ ਨੇ ਹਾਦਸਾਗ੍ਰਸਤ ਵਾਹਨ ਨੂੰ ਕਬਜ਼ੇ ਵਿੱਚ ਲੈ ਲਿਆ ਹੈ ਅਤੇ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਸੁਖਬੀਰ ਸਿੰਘ ਬਾਦਲ 'ਤੇ ਹੋਏ ਦੋਵੇਂ ਹਮਲਿਆਂ ਦੀ NIA ਜਾਂਚ ਕਰਵਾਈ ਜਾਵੇ; ਐਮ.ਪੀ. ਹਰਸਿਮਰਤ ਕੌਰ ਬਾਦਲ ਨੇ ਗ੍ਰਹਿ ਮੰਤਰੀ ਨੂੰ ਲਿਖੀ ਚਿੱਠੀ

**ਚੰਡੀਗੜ੍ਹ, 16 ਅਗਸਤ (ਆਵਾਜ਼ਿ ਕੌਮ ਬਿਊਰੋ)**-ਬਠਿੰਡਾ ਤੋਂ ਸਾਂਸਦ ਹਰਸਿਮਰਤ ਕੌਰ ਬਾਦਲ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਹਮਲੇ ਨੂੰ ਲੈ ਕੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਚਿੱਠੀ ਲਿਖੀ ਹੈ। ਸਾਂਸਦ ਨੇ ਹਮਲੇ ਦੀ ਐਨ. ਆਈ. ਏ. ਜਾਂਚ ਕਰਵਾਉਣ ਦੀ ਮੰਗ ਨੂੰ ਲੈ ਕੇ ਕਈ ਸਵਾਲ ਖੜੇ ਕੀਤੇ ਹਨ। ਉਨ੍ਹਾਂ ਨੇ ਅਕਾਲੀ ਦਲ ਦੇ ਪ੍ਰਧਾਨ 'ਤੇ 2024 'ਚ ਹੋਏ ਹਮਲੇ ਅਤੇ ਹੁਣ ਨਾਂਦੇੜ 'ਚ ਹੋਏ ਹਮਲੇ ਦੇ ਸਬੰਧ ਦੀ ਵੀ ਜਾਂਚ ਮੰਗੀ ਹੈ। ਪੱਤਰ ਵਿੱਚ ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ 13 ਅਗਸਤ, 2026 ਨੂੰ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਕਤਲ ਦੀ ਸਾਜ਼ਿਸ਼ ਰਚੀ ਗਈ ਸੀ, ਜਿਸ ਕਾਰਨ ਉਹ ਗੰਭੀਰ ਜ਼ਖਮੀ ਹੋ ਗਏ ਸਨ ਅਤੇ ਜੇਕਰ ਇੱਕ ਸੁਚੇਤ ਸੁਰੱਖਿਆ ਕਰਮਚਾਰੀ ਹਮਲਾਵਰ ਨੂੰ ਆਪਣੇ ਘਾਤਕ ਇਰਾਦੇ ਨੂੰ ਪੂਰਾ ਕਰਨ ਤੋਂ ਰੋਕਣ ਲਈ ਆਪਣੀ ਜਾਨ ਨੂੰ ਜੋਖਮ ਵਿੱਚ ਨਾ ਪਾਉਂਦਾ ਤਾਂ ਨਤੀਜੇ ਘਾਤਕ ਹੋ ਸਕਦੇ ਸਨ। ਇਸ ਪ੍ਰਕਿਰਿਆ ਵਿੱਚ ਸੁਰੱਖਿਆ ਕਰਮਚਾਰੀ ਵੀ ਜ਼ਖਮੀ ਹੋ ਗਿਆ ਸੀ। ਹਰਸਿਮਰਤ ਕੌਰ ਬਾਦਲ ਨੇ ਦੱਸਿਆ ਕਿ ਉਹ ਆਪਣੇ ਪਤੀ ਅਤੇ ਬੱਚਿਆਂ ਨਾਲ ਨਾਂਦੇੜ ਸਾਹਿਬ ਦੇ ਇੱਕ ਗੁਰਦੁਆਰੇ ਤੋਂ ਮੱਥਾ ਟੇਕਣ ਤੋਂ ਬਾਅਦ ਵਾਪਸ ਆ ਰਹੀ ਸੀ। ਇਸ ਦੌਰਾਨ ਇੱਕ ਅਣਪਛਾਤੇ ਹਮਲਾਵਰ ਨੇ ਸੁਖਬੀਰ ਬਾਦਲ 'ਤੇ ਤਲਵਾਰ ਨਾਲ ਹਮਲਾ ਕਰ ਦਿੱਤਾ। ਸੁਖਬੀਰ ਬਾਦਲ ਦੇ ਸੱਜੇ ਹੱਥ 'ਤੇ ਸੱਟ ਲੱਗ ਗਈ। ਉਨ੍ਹਾਂ ਕਿਹਾ ਕਿ ਜੇਕਰ ਸੁਰੱਖਿਆ ਗਾਰਡ ਨੇ ਹਮਲਾਵਰ ਨੂੰ ਰੋਕਣ ਲਈ ਆਪਣੀ ਜਾਨ ਜੋਖਮ ਵਿੱਚ ਨਾ ਪਾਈ ਹੁੰਦੀ ਤਾਂ ਨਤੀਜੇ ਭਿਆਨਕ ਹੋ ਸਕਦੇ ਸਨ। ਹਮਲੇ ਵਿੱਚ ਸੁਰੱਖਿਆ ਗਾਰਡ ਵੀ ਜ਼ਖਮੀ ਹੋ ਗਿਆ ਸੀ। ਉਨ੍ਹਾਂ ਨੇ 4 ਦਸੰਬਰ, 2024 ਨੂੰ ਅੰਮ੍ਰਿਤਸਰ ਦੇ ਸ੍ਰੀ ਹਰਿਮੰਦਰ ਸਾਹਿਬ 'ਤੇ ਹੋਏ ਹਮਲੇ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਅਨੁਸਾਰ, ਦੋਵਾਂ ਘਟਨਾਵਾਂ ਵਿੱਚ ਬਹੁਤ ਸਾਰੀਆਂ ਸਮਾਨਤਾਵਾਂ ਹਨ। ਦੋਵੇਂ ਹਮਲੇ ਗੁਰਦੁਆਰਿਆਂ ਵਿੱਚ ਉਸ ਸਮੇਂ ਹੋਏ ਜਦੋਂ ਸੁਖਬੀਰ ਬਾਦਲ ਧਾਰਮਿਕ ਸੇਵਾਵਾਂ ਵਿੱਚ ਰੁੱਝੇ ਹੋਏ ਸਨ। ਉਨ੍ਹਾਂ ਸਵਾਲ ਕੀਤਾ ਕਿ ਕੀ ਦੋਵਾਂ ਘਟਨਾਵਾਂ ਵਿੱਚ ਕੋਈ ਸਬੰਧ ਹੈ।



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

- ☛ ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ
- ☛ ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★


**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

---

ਦਮਦਮੀ ਟਕਸਾਲ

ਨਾਮ ਜਪੋ / Naam Japo
ਕਿਰਤ ਕਰੋ / Kirat Karo
ਵੰਡ ਛੱਕੋ / Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net

---

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

**ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ**



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**

**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**

ਸੰਪਰਕ ਨੰਬਰ 84278-66404

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


ੴ ਸਤਿਗੁਰ ਪ੍ਰਸਾਦਿ॥
ਸ਼ਹੀਦ ਬਾਬਾ ਬੇਅੰਤ ਸਿੰਘ ਜੀ ਦੀ ਯਾਦ ਵਿੱਚ
ਗੁ: ਸ਼ਹੀਦਾਂ ਸਿੰਘਾਂ ਮੇਨ ਰੋਡ ਪਿੰਡ ਚੌਹੜਾ-ਡਘਾਮ (ਕੋਟ ਪੱਲੀਆਂ) ਵਿਖੇ
ਮਿਤੀ 22 ਅਗਸਤ 2026 ਦਿਨ ਸ਼ਨੀਵਾਰ ਨੂੰ
ਬਰਸੀ ਸਮਾਗਮ
ਕਰਵਾਇਆ ਜਾ ਰਿਹਾ ਹੈ, ਆਪ ਸਭ ਨੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।
ਗੁਰੂ ਕਾ ਲੰਗਰ ਅਟੁੱਟ ਵਰਤੇਗਾ
20 ਅਗਸਤ ਦਿਨ ਵੀਰਵਾਰ ਨੂੰ ਅਰੰਭ ਸ੍ਰੀ ਅਖੰਡਪਾਠ ਸਾਹਿਬ ਜੀ
22 ਅਗਸਤ ਦਿਨ ਸ਼ਨੀਵਾਰ ਨੂੰ ਭੋਗ ਉਪਰੰਤ ਦੀਵਾਨ ਸਜਣਗੇ।
ਸਿੰਘ ਸਾਹਿਬ
ਗਿਆਨੀ ਜਸਵੀਰ ਸਿੰਘ ਜੀ ਰੋਡੇ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ,
ਸਰਪ੍ਰਸਤ ਪੰਥਕ ਅਕਾਲੀ ਦਲ
ਪਹੁੰਚ ਰਹੇ ਪੰਥ ਪ੍ਰਸਿੱਧ
ਕਥਾ ਵਾਚਕ, ਕੀਰਤਨੀ ਜਥੇ
ਭਾਈ ਬਲਵੰਤ ਸਿੰਘ
ਬਕਾਪੁਰ ਵਾਲੇ
ਉਸਤਾਦ ਗਿਆਨੀ ਬਲਕਾਰ ਸਿੰਘ ਜੀ
ਦਮਦਮੀ ਟਕਸਾਲ ਵਾਲੇ
ਪੰਥ ਪ੍ਰਸਿੱਧ ਕਵੀਸ਼ਰ
ਗਿਆਨੀ ਕੇਵਲ ਸਿੰਘ ਮਹਿਤਾ, ਕੋਮਲ ਅਤੇ ਸੋਹੀ ਭਰਾ
ਬੇਨਤੀ ਕਰਤਾ
ਜਥੇਦਾਰ ਸਵਰਨਜੀਤ ਸਿੰਘ (ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦੋਆਬਾ) ਮੋਬਾ. 98760-81108
ਏਕ ਨੂਰ ਸਵੈ-ਸੇਵੀ ਸੰਸਥਾ (ਰਜਿ.) ਪਠਲਾਵਾ ਸਮੂਹ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ।
ਆਵਾਜ਼ਿ ਕੌਮ
AWAZE QAUM
International Newspaper & WEB TV


ਗੁਰਦੁਆਰਾ ਸੰਤ ਖਾਲਸਾ
ਜਨਮ ਅਸਥਾਨ ਪਿੰਡ ਰੋਡੇ ਵਿਖੇ
ਭਾਦੋਂ ਮਹੀਨੇ ਦੀ
ਸੰਗਰਾਂਦ ਦਾ
ਪਵਿੱਤਰ ਦਿਹਾੜਾ।
ਗੁਰਦੁਆਰਾ ਸੰਤ ਖਾਲਸਾ
Live On.
AWAZE QAUM TV

ਸੱਦਾ-ਪੱਤਰ

ੴ ਸਤਿਗੁਰ ਪ੍ਰਸਾਦਿ ॥

ਸ਼ਹੀਦ ਬਾਬਾ ਬੇਅੰਤ ਸਿੰਘ ਜੀ ਦੀ ਯਾਦ ਵਿੱਚ

ਗੁ: ਸ਼ਹੀਦਾਂ ਸਿੰਘਾਂ ਮੇਨ ਰੋਡ ਪਿੰਡ ਚੌਹੜਾ-ਡਘਾਮ (ਕੋਟ ਪੱਲੀਆਂ) ਵਿਖੇ

ਮਿਤੀ 22 ਅਗਸਤ 2026 ਦਿਨ ਸ਼ਨੀਵਾਰ ਨੂੰ

# ਬਰਸੀ ਸਮਾਗਮ

ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਬਰਸੀ ਸਮਾਗਮ ਵਿੱਚ ਆਪ ਜੀ ਨੇ ਪਰਿਵਾਰ ਅਤੇ ਵੱਧ ਤੋਂ ਵੱਧ ਸੰਗਤਾਂ ਸਮੇਤ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

|| 20 ਅਗਸਤ ਦਿਨ ਵੀਰਵਾਰ ਨੂੰ ਅਰੰਭ ਸ੍ਰੀ ਅਖੰਡਪਾਠ ਸਾਹਿਬ ਜੀ
22 ਅਗਸਤ ਦਿਨ ਸ਼ਨੀਵਾਰ ਨੂੰ ਭੋਗ ਉਪਰੰਤ ਦੀਵਾਨ ਸਜਣਗੇ ||

ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ
(ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਸਰਪ੍ਰਸਤ ਪੰਥਕ ਅਕਾਲੀ ਦਲ

*ਪਹੁੰਚ ਰਹੇ ਪੰਥ ਪ੍ਰਸਿੱਧ ਕਥਾ ਵਾਚਕ, ਕਵੀਸ਼ਰੀ ਅਤੇ ਕੀਰਤਨੀ ਜਥੇ :-*

* ਭਾਈ ਬਲਵੰਤ ਸਿੰਘ ਬਕਾਪੁਰ ਵਾਲੇ
* ਉਸਤਾਦ ਗਿਆਨੀ ਬਲਕਾਰ ਸਿੰਘ ਜੀ ਗੁਰੂ ਨਾਨਕ ਦਲ ਮੜ੍ਹੀਆਂ ਵਾਲੇ
* ਭਾਈ ਬਿਕਰਮਜੀਤ ਸਿੰਘ ਮਹਿੰਦਪੁਰ ਵਾਲੇ
* ਗਿਆਨੀ ਕੇਵਲ ਸਿੰਘ ਮਹਿਤਾ, ਕੋਮਲ ਅਤੇ ਸੋਹੀ ਭਰਾ (ਪੰਥ ਪ੍ਰਸਿੱਧ ਕਵੀਸ਼ਰ ਜਥਾ)

ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ

ਗੁਰਦੁਆਰਾ ਸ਼ਹੀਦਾਂ ਸਿੰਘਾਂ ਦੀ ਇਮਾਰਤ ਦੀ ਕਾਰ ਸੇਵਾ ਚੱਲ ਰਹੀ ਹੈ ਸੰਗਤਾਂ ਤਨ-ਮਨ-ਧੰਨ ਨਾਲ ਯੋਗਦਾਨ ਪਾਓ ਜੀ।

ਨੋਟ : ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਦੀ ਸੰਥਿਆ ਕਰਵਾਈ ਜਾਂਦੀ ਹੈ।



ਬੇਨਤੀ ਕਰਤਾ

## ਜਥੇਦਾਰ ਸਵਰਨਜੀਤ ਸਿੰਘ

(ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦੋਆਬਾ) 98760-81108

ਏਕ ਨੂਰ ਸਵੈ-ਸੇਵੀ ਸੰਸਥਾ (ਰਜਿ.) ਪਠਲਾਵਾ

ਸਮੂਹ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ।

ਆਵਾਜ਼ਿ ਕੌਮ AWAZE QAUM International Newspaper & WEB TV




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਲੜੀਵਾਰ
ਗੁਰਬਾਣੀ ਸ਼ਬਦ ਵਿਚਾਰ
ਗੁਰਦੁਆਰਾ
ਬੰਗਲਾ ਸਾਹਿਬ
22 ਅਗਸਤ 2026
ਦਿਨ ਸ਼ਨੀਵਾਰ ਨੂੰ
ਸਵੇਰੇ 7:30 ਤੋਂ 8:30
ਵਜੇ ਤੱਕ
ਗੁਰਦੁਆਰਾ
ਸੀਸਗੰਜ ਸਾਹਿਬ
23 ਅਗਸਤ 2026
ਦਿਨ ਐਤਵਾਰ ਨੂੰ
ਸਵੇਰੇ 7:30 ਤੋਂ 8:30
ਵਜੇ ਤੱਕ
ਗੁਰਦੁਆਰਾ ਸੀਸਗੰਜ ਸਾਹਿਬ, ਦਿੱਲੀ
GURUDWARA SISGANJ SAHIB, DELHI
ਵਿਚਾਰਾਂ ਦੀ ਸਾਂਝ ਪਾਉਣਗੇ
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸੰਪਰਕ ਨੰ.- 9814015740, 9356060960
ਆਵਾਜ਼ਿ ਕੌਮ
AWAZE QAUM
International Newspaper & WEB TV


ਕੌਮੀ ਇਨਸਾਫ਼ ਮੋਰਚਾ, ਚੰਡੀਗੜ੍ਹ
ਵੱਲੋਂ
21 ਅਗਸਤ ਨੂੰ
ਪੰਜਾਬ
ਬੰਦ
ਦਾ ਸੱਦਾ
ਆਵਾਜ਼ਿ ਕੌਮ
AWAZE QAUM
International Newspaper & WEB TV
ਸਮੂਹ ਧਾਰਮਿਕ, ਸਮਾਜਿਕ, ਵਪਾਰਕ ਅਤੇ
ਸਿੱਖ ਜਥੇਬੰਦੀਆਂ ਸਮੇਤ ਪੰਜਾਬ ਵਿੱਚ ਵੱਸਦੇ
ਹਰ ਇੱਕ ਪ੍ਰਾਣੀ ਨੂੰ ਅਪੀਲ ਹੈ ਕਿ
ਬੰਦੀ ਸਿੰਘਾਂ ਦੀ ਰਿਹਾਈ ਲਈ
ਇਸ ਪੰਜਾਬ ਬੰਦ ਦੇ ਸੱਦੇ ਵਿੱਚ
ਆਪਣਾ ਸਹਿਯੋਗ ਦੇਣ।
ਪੰਜਾਬ ਦੇ ਜੰਮੇ-ਜਾਏ ਨੌਜਵਾਨ
ਬੰਦੀ ਸਿੰਘਾਂ ਦੀ ਰਿਹਾਈ ਲਈ–
ਆਓ, ਇਕਜੁੱਟ ਹੋ ਕੇ ਆਵਾਜ਼ ਬੁਲੰਦ ਕਰੀਏ।
ਕੌਮੀ ਇਨਸਾਫ਼ ਮੋਰਚਾ, ਚੰਡੀਗੜ੍ਹ

### ਆਜ਼ਾਦੀ ਦਾ ਸੰਤਾਪ : ਵੰਡ ਦੀ ਕਤਲੋ-ਗਾਰਤ ਤੋਂ ਲੈ ਕੇ

# ਅਧੂਰੇ ਇਨਸਾਫ਼ ਅਤੇ ਬੰਦੀ ਸਿੰਘਾਂ ਦੇ ਸੰਘਰਸ਼ ਤੱਕ

1947 ਦੀ ਆਜ਼ਾਦੀ ਪੰਜਾਬੀ ਕੌਮ ਲਈ ਕਿਸੇ ਆਜ਼ਾਦੀ ਦੀ ਬਜਾਏ ਇੱਕ ਬੇਹੱਦ ਦਰਦਨਾਕ ,ਤ੍ਰਾਸਦੀ ਤੇ ਕਦੇ ਨਾ ਮਿਟਣ ਵਾਲੇ ਜਖਮ ਦੇ ਦਾਗ ਸਾਬਤ ਹੋਈ ।ਆਜ਼ਾਦੀ ਦੇ ਨਾਂ ’ਤੇ ਸਦੀਆਂ ਤੋਂ ਇਕੱਠੇ ਰਹਿੰਦੇ ਅਤੇ ਇੱਕੋ ਸੱਭਿਆਚਾਰ ਵਿੱਚ ਸਾਹ ਲੈਂਦੇ ਪੰਜਾਬ ਦੇ ਦੋ ਟੋਟੇ ਕਰ ਦਿੱਤੇ ਗਏ—ਇੱਕ ਚੜ੍ਹਦਾ ਪੰਜਾਬ (ਜੋ ਭਾਰਤ ’ਚ ਰਹਿ ਗਿਆ) ਅਤੇ ਦੂਜਾ ਲਹਿੰਦਾ ਪੰਜਾਬ (ਜੋ ਪਾਕਿਸਤਾਨ ’ਚ ਚਲਾ ਗਿਆ)। ਇਸ ਵੰਡ ਨਾਲ ਪੰਜਾਬ ਨੂੰ ਆਜ਼ਾਦੀ ਦੀ ਕੋਈ ਅਸਲ ਪ੍ਰਾਪਤੀ ਨਹੀਂ ਹੋਈ, ਸਗੋਂ ਦੋਵਾਂ ਪੰਜਾਬਾਂ ਦੇ ਲੋਕਾਂ ਨੇ ਅਪਾਰ ਸੰਤਾਪ ਹੰਢਾਇਆ। ਦੋਵਾਂ ਪਾਸਿਆਂ ਦੀਆਂ ਉਪਜਾਊ ਜ਼ਮੀਨਾਂ, ਪੰਜਾਂ ਦਰਿਆਵਾਂ ਦਾ ਸਾਂਝਾ ਵਹਾਅ, ਸਾਂਝਾ ਸੱਭਿਆਚਾਰ, ਭਾਸ਼ਾ ਅਤੇ ਪਰਿਵਾਰਕ ਰਿਸ਼ਤੇ ਤਾਰ-ਤਾਰ ਹੋ ਗਏ। ਇਸ ਤੋਂ ਇਲਾਵਾ, ਜਦੋਂ ਵੀ ਦਿੱਲੀ ਅਤੇ ਇਸਲਾਮਾਬਾਦ/ਕਰਾਚੀ ਦੇ ਰਾਜਨੇਤਾਵਾਂ ਦੇ ਅਹੰਕਾਰ ਕਾਰਨ ਭਾਰਤ ਅਤੇ ਪਾਕਿਸਤਾਨ ਵਿਚਕਾਰ ਕੋਈ ਜੰਗੀ ਟਕਰਾਅ (ਜਿਵੇਂ 1965, 1971 ਜਾਂ ਹੋਰ ਸਰਹੱਦੀ ਤਣਾਅ) ਹੁੰਦਾ ਹੈ, ਤਾਂ ਸਰਹੱਦ ’ਤੇ ਸਭ ਤੋਂ ਪਹਿਲਾਂ ਗੋਲੀਬਾਰੀ, ਤਬਾਹੀ, ਆਪਣੀਆਂ ਫ਼ਸਲਾਂ ਦਾ ਨੁਕਸਾਨ ਅਤੇ ਘਰ-ਬਾਰ ਦਾ ਉਜਾੜਾ ਦੋਵੇਂ ਪੰਜਾਬ ਹੀ ਭੁਗਤਦੇ ਹਨ।

> **ਆਜ਼ਾਦੀ ਦੇ ਨਾਂ ’ਤੇ ਦੋਵੇਂ ਪੰਜਾਬ ਭੁਗਤ ਰਹੇ ਨੇ ਸੰਤਾਪ: ਚੜ੍ਹਦਾ ਤੇ ਲਹਿੰਦਾ ਦੋ ਪੰਜਾਬ ਹੋ ਗਏ, ਕੋਈ ਪ੍ਰਾਪਤੀ ਨਹੀਂ ਹੋਈ**

ਦਿੱਲੀ ਦੇ ਨੇਤਾਵਾਂ ਦੇ ਵਾਅਦੇ, ਰੈੱਡਕਲਿਫ ਦੀ ਲਾਈਨ ਅਤੇ ਵੰਡ ਦੀ ਖ਼ੂਨੀ ਕਤਲੋ-ਗਾਰਤ ਵੰਡ ਤੋਂ ਪਹਿਲਾਂ ਜਵਾਹਰਲਾਲ ਨਹਿਰੂ, ਮਹਾਤਮਾ ਗਾਂਧੀ ਅਤੇ ਸਰਦਾਰ ਵੱਲਭਭਾਈ ਪਟੇਲ ਵਰਗੇ ਦਿੱਲੀ ਦੇ ਕੇਂਦਰੀ ਲੀਡਰਾਂ ਨੇ ਪੰਜਾਬੀ ਅਤੇ ਸਿੱਖ ਆਗੂਆਂ (ਜਿਵੇਂ ਮਾਸਟਰ ਤਾਰਾ ਸਿੰਘ ਅਤੇ ਹੋਰ ਅਕਾਲੀ ਨੇਤਾਵਾਂ) ਨੂੰ ਪੂਰੇ ਵਿਸ਼ਵਾਸ ਵਿੱਚ ਲਿਆ ਸੀ। ਨਹਿਰੂ ਨੇ 1946 ਵਿੱਚ ਕਾਂਗਰਸ ਦੇ ਕੋਲਕਾਤਾ ਇਜਲਾਸ ਦੌਰਾਨ ਐਲਾਨ ਕੀਤਾ ਸੀ: ÷ਉੱਤਰ ਵਿੱਚ ਇੱਕ ਅਜਿਹਾ ਖਿੱਤਾ ਬਣਾਇਆ ਜਾਵੇਗਾ ਜਿੱਥੇ ਸਿੱਖ ਵੀ ਆਜ਼ਾਦੀ ਦੀ ਆਜ਼ਾਦ ਫ਼ਿਜ਼ਾ ਦਾ ਨਿੱਘ ਮਾਣ ਸਕਣ।÷ ਪਰ ਲਾਰਡ ਮਾਊਂਟਬੈਟਨ ਅਤੇ ਮੁਹੰਮਦ ਅਲੀ ਜਿਨ੍ਹਾਂ ਨਾਲ ਹੋਈਆਂ ਰਾਜਨੀਤਿਕ ਬੈਠਕਾਂ ਤੋਂ ਬਾਅਦ ਜਲਦਬਾਜ਼ੀ ਵਿੱਚ ਸਿਰਿਲ ਰੈੱਡਕਲਿਫ ਨਾਂ ਦੇ ਅੰਗਰੇਜ਼ ਦੁਆਰਾ ਮਹਿਜ਼ ਕੁਝ ਦਿਨਾਂ ਵਿੱਚ ਪੰਜਾਬ ਦੇ ਸੀਨੇ ’ਤੇ ਲਾਈਨ ਖਿੱਚ ਦਿੱਤੀ ਗਈ। ਇਸ਼ਤੀਆਕ ਅਹਿਮਦ ਆਪਣੀ ਖੋਜ ਪੁਸਤਕ ਵਿੱਚ ਲਿਖਦੇ ਹਨ ਕਿ ਕਿਵੇਂ ਰਾਜਨੀਤਿਕ ਜਲਦਬਾਜ਼ੀ ਕਾਰਨ 5 ਲੱਖ ਤੋਂ 10 ਲੱਖ ਦੇ ਕਰੀਬ ਬੇਗੁਨਾਹ ਲੋਕ ਮਾਰੇ ਗਏ ਅਤੇ ਦੋਹਾਂ ਪਾਸਿਆਂ ਤੋਂ ਲਾਸ਼ਾਂ ਨਾਲ ਭਰੀਆਂ ਟਰੇਨਾਂ ਆਉਂਦੀਆਂ-ਜਾਂਦੀਆਂ ਰਹੀਆਂ।

ਯਾਸਮੀਨ ਖਾਨ ਆਪਣੀ ਕਿਤਾਬ ਵਿੱਚ ਦਰਜ ਕਰਦੇ ਹਨ ਕਿ ਇਹ ਦੁਨੀਆ ਦਾ ਸਭ ਤੋਂ ਵੱਡਾ ਮਨੁੱਖੀ ਉਜਾੜਾ ਸੀ, ਜਿਸ ਵਿੱਚ 1 ਕਰੋੜ 40 ਲੱਖ ਤੋਂ ਵੱਧ ਲੋਕ ਬੇਘਰ ਹੋ ਗਏ।

ਐਚ. ਵੀ. ਹੱਡਸਨ ਆਪਣੀ ਪੁਸਤਕ ਵਿੱਚ ਜ਼ਿਕਰ ਕਰਦੇ ਹਨ ਕਿ ਨੇਤਾਵਾਂ ਦੀ ਕੁਰਸੀ ਦੀ ਖਿੱਚੋਤਾਣ ਕਾਰਨ 75,000 ਤੋਂ ਵੱਧ ਔਰਤਾਂ ਨੂੰ ਅਗਵਾ ਕੀਤਾ ਗਿਆ, ਉਨ੍ਹਾਂ ਦੀ ਬੇਪੱਤੀ ਹੋਈ ਅਤੇ ਪਰਿਵਾਰਾਂ ਨੇ ਆਪਣੀਆਂ ਧੀਆਂ-ਭੈਣਾਂ ਦੀ ਇੱਜ਼ਤ ਬਚਾਉਣ ਲਈ ਉਨ੍ਹਾਂ ਨੂੰ ਆਪ ਸ਼ਹੀਦ ਕੀਤਾ।

ਪੰਜਾਬ ਨੇ ਆਪਣੀਆਂ ਜੜ੍ਹਾਂ, ਜ਼ਮੀਨਾਂ ਅਤੇ ਸ੍ਰੀ ਨਨਕਾਣਾ ਸਾਹਿਬ ਵਰਗੇ ਪਵਿੱਤਰ ਧਾਰਮਿਕ ਅਸਥਾਨ ਹਮੇਸ਼ਾ ਲਈ ਗੁਆ ਦਿੱਤੇ।

1984 ਤੋਂ 1995 ਦਾ ਕਾਲਾ ਦੌਰ: ਨਸਲਕੁਸ਼ੀ, ਝੂਠੇ ਮੁਕਾਬਲੇ, ਜਸਵੰਤ ਸਿੰਘ ਖਾਲੜਾ ਦਾ ਖੁਲਾਸਾ ਅਤੇ ਕਾਨੂੰਨੀ ਛੋਟ

ਆਜ਼ਾਦੀ ਤੋਂ ਬਾਅਦ ਵੀ ਪੰਜਾਬ ਦੇ ਹੱਕਾਂ ਨੂੰ ਲਗਾਤਾਰ ਅਣਗੌਲਿਆ ਕੀਤਾ ਗਿਆ। 1984 ਵਿੱਚ ਅੰਮ੍ਰਿਤਸਰ ’ਚ ਸ੍ਰੀ ਦਰਬਾਰ ਸਾਹਿਬ ’ਤੇ ਹਮਲਾ (ਅਪ੍ਰੇਸ਼ਨ ਬਲੂ ਸਟਾਰ) ਅਤੇ ਦਿੱਲੀ ਸਮੇਤ ਦੇਸ਼ ਭਰ ਵਿੱਚ ਹੋਈ ਸਿੱਖ ਨਸਲਕੁਸ਼ੀ ਨੇ ਪੰਜਾਬ ਦੇ ਜ਼ਖ਼ਮਾਂ ਨੂੰ ਹੋਰ ਅੱਲਾ ਕਰ ਦਿੱਤਾ। ਇਹਨਾਂ ਘੱਲੂਘਾਰਿਆਂ ਦੇ ਮੁੱਖ ਦੋਸ਼ੀ ਦਹਾਕਿਆਂ ਤੱਕ ਕਾਨੂੰਨੀ ਛੋਟਾਂ ਲੈਂਦੇ ਰਹੇ ਅਤੇ ਵੱਡੇ ਰਾਜਨੀਤਿਕ ਅਹੁਦਿਆਂ ’ਤੇ ਬਿਰਾਜਮਾਨ ਰਹੇ। ਇਸ ਤੋਂ ਬਾਅਦ 1984 ਤੋਂ 1995 ਦੇ ਦੌਰ ਵਿੱਚ ਪੰਜਾਬ ਦੀ ਨੌਜਵਾਨੀ ਨੂੰ ਸਿੱਧੇ ਤੌਰ ’ਤੇ ਨਿਸ਼ਾਨਾ ਬਣਾਇਆ ਗਿਆ। ਸ਼ਹੀਦ ਜਸਵੰਤ ਸਿੰਘ ਖਾਲੜਾ ਦੀ ਇਤਿਹਾਸਕ ਰਿਪੋਰਟ: ਮਨੁੱਖੀ ਅਧਿਕਾਰ ਕਾਰਜਕਰਤਾ ਸ਼ਹੀਦ ਜਸਵੰਤ ਸਿੰਘ ਖਾਲੜਾ ਨੇ ਆਪਣੀ ਬਹਾਦਰਾਨਾ ਖੋਜ ਰਾਹੀਂ ਅੰਮ੍ਰਿਤਸਰ, ਤਰਨ ਤਾਰਨ ਅਤੇ ਪੱਟੀ ਦੇ ਸ਼ਮਸ਼ਾਨਘਾਟਾਂ ਤੋਂ ਤੱਥ ਇਕੱਠੇ ਕਰਕੇ ਪਰਦਾਫਾਸ਼ ਕੀਤਾ ਕਿ ਕਿਵੇਂ ਹਜ਼ਾਰਾਂ ਬੇਗੁਨਾਹ ਸਿੱਖ ਨੌਜਵਾਨਾਂ ਨੂੰ ਝੂਠੇ ਮੁਕਾਬਲਿਆਂ ਵਿੱਚ ਮਾਰ ਕੇ ’ਲਾਵਾਰਿਸ’ ਕਰਾਰ ਦੇ ਕੇ ਸਸਕਾਰ ਕਰ ਦਿੱਤਾ ਗਿਆ। ਕਾਤਲਾਂ ਨੂੰ ਪੁਲਿਸ ਛੋਟ: ਇਸ ਸਭ ਦੇ ਬਾਵਜੂਦ, ਹਜ਼ਾਰਾਂ ਨੌਜਵਾਨਾਂ ਦਾ ਕਤਲ ਕਰਨ ਵਾਲੇ ਦੋਸ਼ੀ ਪੁਲਿਸ ਅਧਿਕਾਰੀ ਇਨਸਾਫ਼ ਦੀ ਗ੍ਰਿਫ਼ਤ ਤੋਂ ਬਾਹਰ ਰਹੇ, ਉੱਚੇ ਅਹੁਦਿਆਂ ’ਤੇ ਰਹੇ ਅਤੇ ਸਰਕਾਰੀ ਸਰਪ੍ਰਸਤੀ ਮਾਣਦੇ ਰਹੇ। ਹੱਕਾਂ ਲਈ ਆਵਾਜ਼ ਬੁਲੰਦ ਕਰਨ ਵਾਲੇ ਸਿੱਖ ਵਿਚਾਰਕ, ਜੁਝਾਰੂ ਸ਼ਖ਼ਸੀਅਤਾਂ ਅਤੇ ਹੱਕੀ ਲੜਾਈ ਸਿੱਖ ਇਤਿਹਾਸ ਗਵਾਹ ਹੈ ਕਿ ਜਦੋਂ ਵੀ ਅਨਿਆਂ ਅਤੇ ਧੱਕੇਸ਼ਾਹੀ ਹੱਦੋਂ ਵੱਧ ਗਈ, ਤਾਂ ਸਿੱਖ ਵਿਚਾਰਕਾਂ, ਕਲਮ ਦੇ ਧਨੀ, ਅਤੇ ਸਿੱਧੀ ਲੜਾਈ ਲੜਨ ਵਾਲੇ ਜੁਝਾਰੂਆਂ ਨੇ ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕੀਤੀ। ਧਾਰਮਿਕ ਤੇ ਸਿਧਾਂਤਕ ਸੰਘਰਸ਼: ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ ਵਰਗੀਆਂ ਸ਼ਖ਼ਸੀਅਤਾਂ ਨੇ 1980ਵਿਆਂ ਵਿੱਚ ਪੰਜਾਬ ਦੇ ਪਾਣੀਆਂ ਦੇ ਰਿਪੇਰੀਅਨ ਹੱਕਾਂ, ਆਨੰਦਪੁਰ ਸਾਹਿਬ ਦੇ ਮਤੇ ਅਤੇ ਸਿੱਖ ਪਛਾਣ ਦੀ ਬਰਾਬਰੀ ਲਈ ਕੇਂਦਰ ਸਰਕਾਰ ਦੀਆਂ ਵਿਤਕਰੇਪੂਰਨ ਨੀਤੀਆਂ ਵਿਰੁੱਧ ਇੱਕ ਬੇਬਾਕ ਆਵਾਜ਼ ਉਠਾਈ। ਵਿਚਾਰਕ ਤੇ ਮਨੁੱਖੀ ਅਧਿਕਾਰ ਲੜਾਈ: ਪ੍ਰੋ. ਗੁਰਭਗਤ ਸਿੰਘ, ਡਾ. ਗੁਰਨਾਮ ਸਿੰਘ ਤੀਰ ਮਨੁੱਖੀ ਅਧਿਕਾਰ ਕਾਰਜਕਰਤਾ, ਐਡਵੋਕੇਟ ਅਮਰ ਸਿੰਘ ਚਾਹਲ, ਅਤੇ ਜਸਵੰਤ ਸਿੰਘ ਖਾਲੜਾ ਵਰਗੇ ਵਿਚਾਰਕਾਂ ਅਤੇ ਬੁੱਧੀਜੀਵੀਆਂ ਨੇ ਕਾਨੂੰਨੀ, ਅੰਤਰਰਾਸ਼ਟਰੀ ਅਤੇ ਲੇਖਣੀ ਦੇ ਪੱਧਰ ’ਤੇ ਇਹ ਸਾਬਤ ਕੀਤਾ ਕਿ ਸਿੱਖਾਂ ਨਾਲ ਭਾਰਤੀ ਸੰਵਿਧਾਨਕ ਢਾਂਚੇ ਅੰਦਰ ਦੋਹਰਾ ਵਿਤਕਰਾ ਹੋ ਰਿਹਾ ਹੈ। ਸਿੱਖ ਚਿੰਤਕਾਂ ਦਾ ਮੰਨਣਾ ਹੈ ਕਿ ਪੰਜਾਬ ਦਾ ਸੰਘਰਸ਼ ਸਿਰਫ਼ ਰਾਜਨੀਤਿਕ ਨਹੀਂ, ਸਗੋਂ ਆਪਣੀ ਹੋਂਦ, ਅਣਖ ਅਤੇ ਸਵੈ-ਮਾਣ ਦੀ ਲੜਾਈ ਹੈ।

ਵਰਤਮਾਨ ਸਥਿਤੀ: ਪੰਜੋਖਰਾ ਸਾਹਿਬ ਘਟਨਾ, ਸੰਘਰਸ਼ ਕਰਨ ’ਤੇ ਨਵੇਂ ਪਰਚੇ ਅਤੇ ਬੰਦੀ ਸਿੰਘਾਂ ਨਾਲ ਵਿਤਕਰਾ

1947 ਤੋਂ ਸ਼ੁਰੂ ਹੋਇਆ ਇਹ ਵਿਤਕਰਾ ਅਤੇ ਨਾਇਨਸਾਫ਼ੀ ਅੱਜ ਵੀ ਬਦਸਤੂਰ ਜਾਰੀ ਹੈ।

**ਅੰਬਾਲਾ/ਪੰਜੋਖਰਾ ਸਾਹਿਬ ਦਾ ਤਾਜ਼ਾ ਮਾਮਲਾ:** ਹਾਲ ਹੀ ਵਿੱਚ ਹਰਿਆਣਾ ਦੇ ਅੰਬਾਲਾ ਵਿਖੇ ਗੁਰਦੁਆਰਾ ਪੰਜੋਖਰਾ ਸਾਹਿਬ ਵਿਖੇ ਗੁਰਸਿਮਰਨ ਸਿੰਘ ਮੰਡ ਦੀ ਟ੍ਰੀਟਮੈਂਟ/ਗੁੰਡਾਗਰਦੀ ਅਤੇ ਉਸ ਦੇ ਪੁੱਤਰ ਵੱਲੋਂ ਗੱਡੀ ਭਜਾ ਕੇ ਨੌਜਵਾਨਾਂ ਨੂੰ ਦਰੜਨ ਦਾ ਮਾਮਲਾ ਸਾਹਮਣੇ ਆਇਆ। ਜਦੋਂ ਸਿੱਖਾਂ ਅਤੇ ਸਥਾਨਕ ਲੋਕਾਂ ਨੇ ਇਸ ਬਦਮਾਸ਼ੀ ਅਤੇ ਨਾਇਨਸਾਫ਼ੀ ਖ਼ਿਲਾਫ਼ ਆਵਾਜ਼ ਉਠਾਈ, ਇਨਸਾਫ਼ ਦੀ ਮੰਗ ਲਈ ਧਰਨਾ ਦਿੱਤਾ ਅਤੇ ਨੈਸ਼ਨਲ ਹਾਈਵੇਅ ਜਾਮ ਕੀਤਾ, ਤਾਂ ਪ੍ਰਸ਼ਾਸਨ ਨੇ ਦੋਸ਼ੀਆਂ ’ਤੇ ਤੁਰੰਤ ਸਖ਼ਤ ਕਾਰਵਾਈ ਕਰਨ ਦੀ ਬਜਾਏ ਇਨਸਾਫ਼ ਮੰਗ ਰਹੇ ਪ੍ਰਦਰਸ਼ਨਕਾਰੀਆਂ ਅਤੇ ਸੰਘਰਸ਼ ਦੇ ਮੋਢੀਆਂ ’ਤੇ ਹੀ ਹਰਿਆਣਾ ਪੁਲਿਸ ਵੱਲੋਂ (ਨਵੇਂ ਪਰਚੇ) ਦਰਜ ਕਰ ਦਿੱਤੀਆਂ।

**ਬੰਦੀ ਸਿੰਘਾਂ ਦੀ ਅਣਦੇਖੀ:** ਦੂਜੇ ਪਾਸੇ, ਭਾਈ ਜਗਤਾਰ ਸਿੰਘ ਹਵਾਰਾ ਵਰਗੇ ਬੰਦੀ ਸਿੰਘ (ਜੋ 1995 ਦੇ ਬੇਅੰਤ ਸਿੰਘ ਕੇਸ ਵਿੱਚ 30 ਸਾਲਾਂ ਤੋਂ ਵੱਧ ਸਮੇਂ ਤੋਂ ਦਿੱਲੀ ਦੀ ਤਿਹਾੜ ਜੇਲ੍ਹ ਵਿੱਚ ਬੰਦ ਹਨ ਅਤੇ 2015 ਦੇ ਸਰਬੱਤ ਖ਼ਾਲਸਾ ਦੁਆਰਾ ’ਥਾਪੇ ਗਏ ਜਥੇਦਾਰ’ ਹਨ) ਆਪਣੀਆਂ ਅਦਾਲਤੀ ਸਜ਼ਾਵਾਂ (14-20 ਸਾਲ) ਦੀ ਮਿਆਦ ਪੂਰੀ ਕਰਨ ਤੋਂ ਬਾਅਦ ਵੀ ਰਿਹਾਅ ਨਹੀਂ ਕੀਤੇ ਜਾ ਰਹੇ। ਇਹ ਸਾਰੇ ਇਤਿਹਾਸਕ ਤੱਥ, ਕਿਤਾਬੀ ਹਵਾਲੇ ਅਤੇ ਵਰਤਮਾਨ ਘਟਨਾਵਾਂ ਸਾਬਤ ਕਰਦੀਆਂ ਹਨ ਕਿ 1947 ਤੋਂ ਲੈ ਕੇ ਅੱਜ ਤੱਕ ਸਿੱਖਾਂ ਨੂੰ ਬਿਨਾਂ ਸੰਘਰਸ਼ ਦੇ ਕਦੇ ਸਿੱਧਾ ਇਨਸਾਫ਼ ਨਹੀਂ ਮਿਲਿਆ। ਅਤੇ ਜਦੋਂ ਵੀ ਇਨਸਾਫ਼ ਲਈ ਸੰਘਰਸ਼ ਕੀਤਾ ਜਾਂਦਾ ਹੈ, ਤਾਂ ਹੱਕ ਦੇਣ ਦੀ ਬਜਾਏ ਸੰਘਰਸ਼ ਕਰਨ ਵਾਲਿਆਂ ਦੇ ਆਪਣੇ ਹੀ ਸਿਰ ’ਤੇ ਨਵੇਂ ਪਰਚੇ ਮੱਢ ਦਿੱਤੇ ਜਾਂਦੇ ਹਨ।

**-ਪਰਗਟ ਸਿੰਘ ਬਲਬੇੜਾ**, 9022000070

### ਹਾਈ ਕੋਰਟ ਦੇ ਹੁਕਮਾਂ ਦੀ ਅਣਦੇਖੀ ਤੇ ਖਿਡਾਰੀਆਂ ਪ੍ਰਤੀ ਉਦਾਸੀਨਤਾ ਨਾਲ

# ਮਾਨ ਸਰਕਾਰ ਬੇਨਕਾਬ — ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 16 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਗਤੀਸ਼ੀਲ ਅਗਵਾਈ ਹੇਠ ਪੰਜਾਬ ਦੇ ਸਰਹੱਦੀ ਖੇਤਰਾਂ ਵਿੱਚ ਰੇਲਵੇ ਨੈੱਟਵਰਕ ਨੂੰ ਹੋਰ ਮਜ਼ਬੂਤ ਕਰਨ ਲਈ 1,419 ਕਰੋੜ ਰੁਪਏ ਦੇ ਰੇਲਵੇ ਪ੍ਰਾਜੈਕਟਾਂ ਨੂੰ ਮਨਜ਼ੂਰੀ ਦਿੱਤੇ ਜਾਣ ਦਾ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਾਜੈਕਟ ਸਰਹੱਦੀ ਪੰਜਾਬ ਦੇ ਵਿਕਾਸ, ਬੁਨਿਆਦੀ ਢਾਂਚੇ ਅਤੇ ਰਾਸ਼ਟਰੀ ਸੁਰੱਖਿਆ ਪ੍ਰਤੀ ਕੇਂਦਰ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦਾ ਪ੍ਰਤੀਕ ਹਨ। ਇਸ ਦੇ ਨਾਲ ਹੀ ਉਨ੍ਹਾਂ ਪੰਜਾਬ ਸਰਕਾਰ ਨੂੰ ਮਨਜ਼ੂਰਸ਼ੁਦਾ ਰੇਲ ਅਤੇ ਸੜਕ ਪ੍ਰਾਜੈਕਟਾਂ ਵਿੱਚ ਹੋ ਰਹੀ ਬੇਵਜ੍ਹਾ ਦੇਰੀ ਲਈ ਘੇਰਦਿਆਂ ਜਵਾਬਦੇਹੀ ਤੈਅ ਕਰਨ ਦੀ ਮੰਗ ਕੀਤੀ। ਪ੍ਰੋ. ਖਿਆਲਾ ਨੇ ਭਗਵੰਤ ਮਾਨ ਸਰਕਾਰ ਉੱਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਨੂੰ ਵੀ ਗੰਭੀਰਤਾ ਨਾਲ ਨਹੀਂ ਲਿਆ। ਉਨ੍ਹਾਂ 3 ਅਗਸਤ ਦੇ ਹਾਈ ਕੋਰਟ ਦੇ ਉਸ ਹੁਕਮ ਦਾ ਹਵਾਲਾ ਦਿੱਤਾ, ਜਿਸ ਵਿੱਚ ਰਾਜ ਸਰਕਾਰ ਨੂੰ ਕਰੀਬ 8 ਲੱਖ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ 14,191 ਕਰੋੜ ਰੁਪਏ ਬਕਾਇਆ ਮਹਿੰਗਾਈ ਭੱਤਾ (ਡੀ.ਏ.) 15 ਦਿਨਾਂ ਦੇ ਅੰਦਰ ਜਾਰੀ ਕਰਨ ਅਤੇ ਉਦੋਂ ਤੱਕ ਵੱਡੇ ਪੱਧਰ ਦੀ ਇਸ਼ਿਤਹਾਰਬਾਜ਼ੀ ਤੋਂ ਪਰਹੇਜ਼ ਕਰਨ ਲਈ ਕਿਹਾ ਗਿਆ ਸੀ। ਉਨ੍ਹਾਂ ਦੋਸ਼ ਲਗਾਇਆ ਕਿ ਅਦਾਲਤ ਦੇ ਸਪੱਸ਼ਟ ਹੁਕਮਾਂ ਦੀ ਪਾਲਣਾ ਕਰਨ ਦੀ ਬਜਾਏ ਮਾਨ ਸਰਕਾਰ ਨੇ ਸਰਕਾਰੀ ਖ਼ਜ਼ਾਨੇ ਦਾ ਪੈਸਾ ਦੇਸ਼ ਭਰ ਦੇ ਅਖ਼ਬਾਰਾਂ ਵਿੱਚ ਇਸ਼ਿਤਹਾਰ ਛਪਵਾ ਕੇ ਅਰਵਿੰਦ ਕੇਜਰੀਵਾਲ ਅਤੇ ਆਮ ਆਦਮੀ ਪਾਰਟੀ ਦੀ ਸਿਆਸੀ ਬ੍ਰਾਂਡਿੰਗ ’ਤੇ ਖਰਚ ਕੀਤਾ। ਉਨ੍ਹਾਂ ਕਿਹਾ ਕਿ ਇਸ ਨਾਲ ਸਪੱਸ਼ਟ ਹੋ ਗਿਆ ਹੈ ਕਿ ਸਰਕਾਰ ਲਈ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਹੱਕਾਂ ਨਾਲੋਂ ਸਿਆਸੀ ਪ੍ਰਚਾਰ ਜ਼ਿਆਦਾ ਮਹੱਤਵਪੂਰਨ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਹਾਈ ਕੋਰਟ ਵੱਲੋਂ ਦਿੱਤੀ ਗਈ 15 ਦਿਨਾਂ ਦੀ ਮਿਆਦ ਹੁਣ ਪੂਰੀ ਹੋ ਚੁੱਕੀ ਹੈ, ਪਰ ਲੱਖਾਂ ਮੁਲਾਜ਼ਮ ਅਤੇ ਪੈਨਸ਼ਨਰ ਅਜੇ ਵੀ ਆਪਣੇ ਕਾਨੂੰਨੀ ਹੱਕ ਦੀ ਉਡੀਕ ਕਰ ਰਹੇ ਹਨ। “ਡੀ.ਏ. ਅਤੇ ਪੈਨਸ਼ਨ ਕਿਸੇ ਸਰਕਾਰ ਦੀ ਮਿਹਰਬਾਨੀ ਨਹੀਂ, ਸਗੋਂ ਮੁਲਾਜ਼ਮਾਂ ਦੇ ਸੰਵਿਧਾਨਕ, ਕਾਨੂੰਨੀ ਅਤੇ ਨੈਤਿਕ ਅਧਿਕਾਰ ਹਨ। ਜਿਹੜੀ ਸਰਕਾਰ ਆਪਣੇ ਹੀ ਕਰਮਚਾਰੀਆਂ ਦਾ ਹੱਕ ਰੋਕ ਕੇ ਸਿਆਸੀ ਇਸ਼ਿਤਹਾਰਾਂ ’ਤੇ ਕਰੋੜਾਂ ਰੁਪਏ ਖਰਚ ਕਰੇ, ਉਹ ਆਪਣਾ ਨੈਤਿਕ ਅਧਿਕਾਰ ਗੁਆ ਬੈਠਦੀ ਹੈ।” ਉਨ੍ਹਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਤੁਰੰਤ ਹਾਈ ਕੋਰਟ ਦੇ ਹੁਕਮਾਂ ਦੀ ਪਾਲਣਾ ਕਰੇ ਅਤੇ ਪੰਜਾਬ ਦੇ ਲੋਕਾਂ ਨੂੰ ਦੱਸੇ ਕਿ ਉਸ ਦੀ ਪਹਿਲੀ ਤਰਜੀਹ ਮੁਲਾਜ਼ਮਾਂ ਦੀ ਆਰਥਿਕ ਸੁਰੱਖਿਆ ਹੈ ਜਾਂ ਟੈਕਸਦਾਤਾਵਾਂ ਦੇ ਪੈਸੇ ਨਾਲ ਸਿਆਸੀ ਪ੍ਰਚਾਰ। ਤਗਮੇ ਜਿੱਤਣ ਵਾਲੇ ਖਿਡਾਰੀਆਂ ਦੀ ਅਣਦੇਖੀ ਨਾਲ ਪੰਜਾਬ ਦੀ ਖੇਡ ਨੀਤੀ ਵੀ ਬੇਨਕਾਬ ਇੱਕ ਵੱਖਰੇ ਬਿਆਨ ਵਿੱਚ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਗਲਾਸਗੋ ਕਾਮਨਵੈਲਥ ਖੇਡਾਂ 2026 ਵਿੱਚ ਚਾਂਦੀ ਦੇ ਤਗਮੇ ਜਿੱਤਣ ਵਾਲੇ ਪੰਜਾਬ ਦੇ ਹੋਣਹਾਰ ਵੇਟਲਿਫਟਰ ਹਰਜਿੰਦਰ ਕੌਰ ਅਤੇ ਲਵਪ੍ਰੀਤ ਸਿੰਘ ਦੀ ਅਣਦੇਖੀ ਨੂੰ ਪੰਜਾਬ ਸਰਕਾਰ ਦੀ ਖੇਡ ਨੀਤੀ ਦੀ ਸਭ ਤੋਂ ਵੱਡੀ ਨਾਕਾਮੀ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਇੱਕ ਪਾਸੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦਿੱਲੀ ਵਿਖੇ ਦੋਵੇਂ ਚੈਂਪੀਅਨਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ ਅਤੇ ਦੇਸ਼ ਦਾ ਮਾਣ ਵਧਾਉਣ ਲਈ ਵਧਾਈ ਦਿੱਤੀ, ਜਦਕਿ ਦੂਜੇ ਪਾਸੇ ਆਪਣੇ ਹੀ ਸੂਬੇ ਦੇ ਮੁੱਖ ਮੰਤਰੀ ਅਤੇ ਖੇਡ ਮੰਤਰੀ ਦੀ ਚੁੱਪੀ ਕਾਰਨ ਪੰਜਾਬ ਦੇ ਜੇਤੂ ਖਿਡਾਰੀ ਨਿਰਾਸ਼ ਹਨ। ਉਨ੍ਹਾਂ ਸਵਾਲ ਕੀਤਾ ਕਿ ਕੀ ਮਾਨ ਸਰਕਾਰ ਨੂੰ ਆਪਣੇ ਹੀ ਖਿਡਾਰੀਆਂ ਦੀ ਇਤਿਹਾਸਕ ਜਿੱਤ ਦੀ ਕੋਈ ਖੁਸ਼ੀ ਨਹੀਂ? ਪ੍ਰੋ. ਖਿਆਲਾ ਨੇ ਕਿਹਾ ਕਿ ਇੱਕ ਮਹੀਨਾ ਬੀਤ ਜਾਣ ਦੇ ਬਾਵਜੂਦ ਨਾ ਕੋਈ ਰਾਜ ਪੱਧਰੀ ਸਨਮਾਨ ਸਮਾਰੋਹ ਹੋਇਆ, ਨਾ ਵਧਾਈ ਦਾ ਅਧਿਕਾਰਤ ਸੰਦੇਸ਼ ਆਇਆ ਅਤੇ ਨਾ ਹੀ ਸਰਕਾਰੀ ਨੌਕਰੀ ਜਾਂ ਇਨਾਮ ਬਾਰੇ ਕੋਈ ਐਲਾਨ ਕੀਤਾ ਗਿਆ। ਇਹ ਰਵੱਈਆ ਪੰਜਾਬ ਦੇ ਨੌਜਵਾਨਾਂ ਅਤੇ ਖੇਡ ਜਗਤ ਦੇ ਮਨੋਬਲ ਨੂੰ ਠੇਸ ਪਹੁੰਚਾਉਣ ਵਾਲਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਖੇਡ ਕ੍ਰਾਂਤੀ, ਹਜ਼ਾਰਾਂ ਨੌਕਰੀਆਂ ਅਤੇ 1,744 ਕਰੋੜ ਰੁਪਏ ਦੇ ਖੇਡ ਬਜਟ ਦੇ ਵੱਡੇ-ਵੱਡੇ ਦਾਅਵੇ ਕੀਤੇ ਸਨ, ਪਰ ਅੱਜ ਇਹ ਬਜਟ ਖਿਡਾਰੀਆਂ ਦੇ ਭਵਿੱਖ ਵਿੱਚ ਨਹੀਂ, ਸਗੋਂ ਇਸ਼ਿਤਹਾਰਾਂ ਵਿੱਚ ਦਿਖਾਈ ਦਿੰਦਾ ਹੈ। ਜੇ ਅੰਤਰਰਾਸ਼ਟਰੀ ਪੱਧਰ ’ਤੇ ਤਗਮੇ ਜਿੱਤਣ ਵਾਲੇ ਖਿਡਾਰੀ ਹੀ ਸਰਕਾਰੀ ਮਾਣ-ਸਤਿਕਾਰ ਤੋਂ ਵਾਂਝੇ ਰਹਿਣ, ਤਾਂ ਆਮ ਖਿਡਾਰੀਆਂ ਦਾ ਮਨੋਬਲ ਕਿਵੇਂ ਵਧੇਗਾ? ਪ੍ਰੋ. ਖਿਆਲਾ ਨੇ ਕਿਹਾ ਕਿ ਖਿਡਾਰੀ ਸਿਰਫ਼ ਤਗਮੇ ਨਹੀਂ ਜਿੱਤਦੇ, ਉਹ ਪੰਜਾਬ ਅਤੇ ਭਾਰਤ ਦੀ ਸ਼ਾਨ ਨੂੰ ਵਿਸ਼ਵ ਮੰਚ ’ਤੇ ਸਥਾਪਿਤ ਕਰਦੇ ਹਨ। ਅਜਿਹੇ ਚੈਂਪੀਅਨਾਂ ਨੂੰ ਆਪਣੀ ਹੀ ਸਰਕਾਰ ਤੋਂ ਇੱਕ ਵਧਾਈ ਲਈ ਉਡੀਕ ਕਰਨੀ ਪਵੇ, ਤਾਂ ਇਹ ਪ੍ਰਸ਼ਾਸਨਿਕ ਸੰਵੇਦਨਹੀਣਤਾ ਅਤੇ ਪੰਜਾਬ ਦੀ ਖੇਡ ਨੀਤੀ ਦੀ ਅਸਲ ਤਸਵੀਰ ਹੈ। ਉਨ੍ਹਾਂ ਕਿਹਾ ਕਿ ਪੇਂਡੂ ਪੰਜਾਬ ਵਿੱਚ ਖੇਡ ਢਾਂਚੇ ਦੀ ਕਮੀ, ਕੋਚਾਂ ਦੀਆਂ ਖਾਲੀ ਅਸਾਮੀਆਂ, ਆਧੁਨਿਕ ਸਾਜ਼ੋ-ਸਾਮਾਨ ਦੀ ਘਾਟ ਅਤੇ ਖਿਡਾਰੀਆਂ ਦੇ ਰੁਜ਼ਗਾਰ ਨੂੰ ਲੈ ਕੇ ਅਨਿਸ਼ਚਿਤਤਾ ਅਜੇ ਵੀ ਗੰਭੀਰ ਸਮੱਸਿਆ ਹੈ। ਸਰਕਾਰ ਨੂੰ ਫ਼ੋਟੋ-ਸੈਸ਼ਨਾਂ ਅਤੇ ਇਸ਼ਿਤਹਾਰਾਂ ਦੀ ਰਾਜਨੀਤੀ ਛੱਡ ਕੇ ਖਿਡਾਰੀਆਂ ਦੇ ਸਨਮਾਨ ਅਤੇ ਸੁਰੱਖਿਅਤ ਭਵਿੱਖ ਨੂੰ ਪਹਿਲ ਦੇਣੀ ਚਾਹੀਦੀ ਹੈ। ਉਨ੍ਹਾਂ ਮੰਗ ਕੀਤੀ ਕਿ ਹਰਜਿੰਦਰ ਕੌਰ ਅਤੇ ਲਵਪ੍ਰੀਤ ਸਿੰਘ ਦਾ ਤੁਰੰਤ ਰਾਜ ਪੱਧਰੀ ਸਨਮਾਨ ਕੀਤਾ ਜਾਵੇ, ਖੇਡ ਨੀਤੀ ਅਧੀਨ ਬਣਦੇ ਨਕਦ ਇਨਾਮ ਅਤੇ ਸਰਕਾਰੀ ਨੌਕਰੀ ਦਿੱਤੀ ਜਾਵੇ ਅਤੇ ਪੰਜਾਬ ਦੇ ਸਾਰੇ ਅੰਤਰਰਾਸ਼ਟਰੀ ਤਗਮਾ ਜੇਤੂਆਂ ਲਈ ਸਮੇਂਬੱਧ ਸਨਮਾਨ ਅਤੇ ਨਿਯੁਕਤੀ ਨੀਤੀ ਲਾਗੂ ਕੀਤੀ ਜਾਵੇ।

## ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ‘ਸਾਚਾ ਗੁਰ ਲਾਧੋ ਰੇ’ ਕਾਨਫ਼ਰੰਸ ਨੂੰ ਲੈ ਕੇ ਮਾਝੇ ’ਚ ਉਤਸ਼ਾਹ ਸਿਖਰਾਂ ’ਤੇ, ਹੋਵੇਗਾ ਰਿਕਾਰਡ ਤੋੜ ਇਕੱਠ : ਪੱਧਰੀ ਤੇ ਮੀਆਂਵਿੰਡ



**ਅੰਮ੍ਰਿਤਸਰ, 16 ਅਗਸਤ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ 28 ਅਗਸਤ ਨੂੰ ਬਾਬਾ ਬਕਾਲਾ ਸਾਹਿਬ ਵਿਖੇ ਕਰਵਾਈ ਜਾ ਰਹੀ ‘ਸਾਚਾ ਗੁਰ ਲਾਧੋ ਰੇ’ ਕਾਨਫ਼ਰੰਸ ਨੂੰ ਲੈ ਕੇ ਮਾਝਾ ਜੋਨ ਵਿੱਚ ਉਤਸ਼ਾਹ ਸਿਖਰਾਂ ’ਤੇ ਪਹੁੰਚ ਗਿਆ ਹੈ। ਕਾਨਫ਼ਰੰਸ ਨੂੰ ਇਤਿਹਾਸਕ ਅਤੇ ਯਾਦਗਾਰ ਬਣਾਉਣ ਲਈ ਪਾਰਟੀ ਆਗੂਆਂ ਤੇ ਵਰਕਰਾਂ ਵੱਲੋਂ ਪਿੰਡ-ਪਿੰਡ, ਵਾਰਡ-ਵਾਰਡ ਅਤੇ ਵੱਖ-ਵੱਖ ਹਲਕਿਆਂ ਵਿੱਚ ਮੀਟਿੰਗਾਂ ਕਰਕੇ ਸੰਗਤ ਨਾਲ ਰਾਬਤਾ ਕਾਇਮ ਕੀਤਾ ਜਾ ਰਿਹਾ ਹੈ। ਇਸੇ ਤਹਿਤ ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖ ਦਫ਼ਤਰ ਵਿਖੇ ਹੋਈ ਅਹਿਮ ਮੀਟਿੰਗ ਦੌਰਾਨ ਕਾਨਫ਼ਰੰਸ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ ਅਤੇ ਮਾਝਾ ਜੋਨ ਵਿੱਚ ਲਾਮਬੰਦੀ ਨੂੰ ਹੋਰ ਤੇਜ਼ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਭਾਈ ਪ੍ਰਗਟ ਸਿੰਘ ਮੀਆਂਵਿੰਡ (ਮੁੱਖ ਦਫ਼ਤਰ ਸਕੱਤਰ), ਭਾਈ ਸ਼ਮਸ਼ੇਰ ਸਿੰਘ ਪੱਧਰੀ (ਸੂਬਾ ਮੀਡੀਆ ਇੰਚਾਰਜ), ਭਾਈ ਸੁਖਬੀਰ ਸਿੰਘ ਚੀਮਾਂ (ਯੂਥ ਪ੍ਰਧਾਨ, ਅੰਮ੍ਰਿਤਸਰ ਸ਼ਹਿਰੀ), ਭਾਈ ਮਹਿੰਦਰਪਾਲ ਸਿੰਘ ਤੁੰਗ (ਸਕੱਤਰ, ਅੰਮ੍ਰਿਤਸਰ ਸ਼ਹਿਰੀ), ਭਾਈ ਬਲਵੰਤ ਸਿੰਘ ਭੁੱਲਰ ਅਤੇ ਭਾਈ ਸਤਨਾਮ ਸਿੰਘ ਮੀਆਂਵਿੰਡ ਹਾਜ਼ਰ ਸਨ। ਭਾਈ ਪੱਧਰੀ ਅਤੇ ਭਾਈ ਮੀਆਂਵਿੰਡ ਨੇ ਕਿਹਾ ਕਿ ਕਾਨਫ਼ਰੰਸ ਨੂੰ ਲੈ ਕੇ ਸੰਗਤ ਅਤੇ ਪਾਰਟੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਹੈ ਅਤੇ ਮਾਝਾ ਜੋਨ ਦੇ ਵੱਖ-ਵੱਖ ਇਲਾਕਿਆਂ ਵਿੱਚ ਹੋ ਰਹੀਆਂ ਮੀਟਿੰਗਾਂ ਦੌਰਾਨ ਲੋਕਾਂ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਲਈ ਉਤਸ਼ਾਹ ਪ੍ਰਗਟ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਆਗੂਆਂ ਤੇ ਵਰਕਰਾਂ ਵੱਲੋਂ ਆਪੋ-ਆਪਣੇ ਇਲਾਕਿਆਂ ਵਿੱਚ ਜ਼ਿੰਮੇਵਾਰੀਆਂ ਸੰਭਾਲ ਕੇ ਜਨ ਸੰਪਰਕ ਮੁਹਿੰਮ ਨੂੰ ਤੇਜ਼ ਕੀਤਾ ਜਾ ਰਿਹਾ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਇਹ ਸਿਲਸਿਲਾ ਹੋਰ ਤੇਜ਼ ਹੋਵੇਗਾ। ਆਗੂਆਂ ਨੇ ਕਿਹਾ ਕਿ ‘ਸਾਚਾ ਗੁਰ ਲਾਧੋ ਰੇ’ ਕਾਨਫ਼ਰੰਸ ਸਿਰਫ਼ ਇੱਕ ਸਿਆਸੀ ਇਕੱਠ ਨਹੀਂ, ਸਗੋਂ ਸੰਗਤ ਨਾਲ ਵਿਚਾਰਾਂ ਦੀ ਸਾਂਝ ਅਤੇ ਪੰਜਾਬ ਦੇ ਭਵਿੱਖ ਨਾਲ ਜੁੜੇ ਅਹਿਮ ਮੁੱਦਿਆਂ ’ਤੇ ਵਿਚਾਰ-ਵਟਾਂਦਰੇ ਦਾ ਮਹੱਤਵਪੂਰਨ ਮੰਚ ਹੋਵੇਗੀ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਮਾਝਾ ਜੋਨ ਸਮੇਤ ਪੰਜਾਬ ਦੇ ਵੱਖ-ਵੱਖ ਹਿੱਸਿਆਂ ਤੋਂ ਵੱਡੀ ਗਿਣਤੀ ਵਿੱਚ ਸੰਗਤ ਅਤੇ ਪਾਰਟੀ ਵਰਕਰ ਕਾਨਫ਼ਰੰਸ ਵਿੱਚ ਪਹੁੰਚਣਗੇ ਅਤੇ ਇਹ ਕਾਨਫ਼ਰੰਸ ਰਿਕਾਰਡ ਤੋੜ ਤੇ ਇਤਿਹਾਸਕ ਇਕੱਠ ਹੋ ਨਿਬੜੇਗੀ। ਮੀਟਿੰਗ ਦੇ ਅੰਤ ਵਿੱਚ ਸਮੂਹ ਆਗੂਆਂ ਅਤੇ ਵਰਕਰਾਂ ਨੂੰ ਆਪਸੀ ਤਾਲਮੇਲ ਨਾਲ ਤਿਆਰੀਆਂ ਵਿੱਚ ਹੋਰ ਸਰਗਰਮੀ ਨਾਲ ਜੁਟਣ ਅਤੇ ਕਾਨਫ਼ਰੰਸ ਨੂੰ ਵੱਡੀ ਸਫ਼ਲਤਾ ਦਿਵਾਉਣ ਲਈ ਪ੍ਰੇਰਿਤ ਕੀਤਾ ਗਿਆ।

## 65,048 ਵਾਲੀ ਨੀਤੀ ਵਿੱਚ ਸੇਵਾ ਕੇਂਦਰ ਮੁਲਾਜ਼ਮਾਂ ਨੂੰ ਸ਼ਾਮਲ ਕਰੇ ਪੰਜਾਬ ਸਰਕਾਰ, ਨਹੀਂ ਤਾਂ ਕਰਾਂਗੇ ਤਿੱਖਾ ਸੰਘਰਸ਼- ਸੂਬਾ ਪ੍ਰਧਾਨ



ਤਲਵੰਡੀ ਸਾਬੋ, 16 ਅਗਸਤ (ਗੁਰਜੰਟ ਸਿੰਘ ਨਥੇਹਾ)- ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਪੰਜਾਬ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਪਿਛਲੇ ਲਗਭਗ 10 ਸਾਲਾਂ ਤੋਂ ਆਊਟਸੋਰਸ ਪ੍ਰਣਾਲੀ ਅਧੀਨ ਸੇਵਾ ਕੇਂਦਰਾਂ ਵਿੱਚ ਕੰਮ ਕਰ ਰਹੇ ਮੁਲਾਜ਼ਮਾਂ ਨਾਲ ਵਿਤਕਰਾ ਬੰਦ ਕਰਦਿਆਂ ਉਨ੍ਹਾਂ ਨੂੰ 65,048 ਵਾਲੀ ਨੀਤੀ ਵਿੱਚ ਸ਼ਾਮਲ ਕੀਤਾ ਜਾਵੇ। ਯੂਨੀਅਨ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਸਰਕਾਰ ਨੇ ਇਸ ਸਬੰਧੀ ਕੋਈ ਠੋਸ ਫੈਸਲਾ ਨਾ ਲਿਆ ਤਾਂ ਆਉਣ ਵਾਲੇ ਸਮੇਂ ਵਿੱਚ ਤਿੱਖਾ ਸੂਬਾ ਪੱਧਰੀ ਸੰਘਰਸ਼ ਕੀਤਾ ਜਾਵੇਗਾ। ਯੂਨੀਅਨ ਦੇ ਸੂਬਾ ਪ੍ਰਧਾਨ ਬਲਜਿੰਦਰ ਸਿੰਘ ਮਾਝਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 51 ਵਿਭਾਗਾਂ ਦੇ 65,048 ਆਊਟਸੋਰਸਡ ਅਤੇ ਕੰਟਰੈਕਚੁਅਲ ਕਰਮਚਾਰੀਆਂ ਨੂੰ ਪ੍ਰਾਈਵੇਟ ਠੇਕੇਦਾਰੀ ਪ੍ਰਣਾਲੀ ਤੋਂ ਬਾਹਰ ਕੱਢ ਕੇ ਸਰਕਾਰ ਦੇ ਸਿੱਧੇ ਕੰਟਰੈਕਟ ਅਧੀਨ ਲਿਆਉਣ ਅਤੇ ਅੱਗੇ ਰੈਗੂਲਰ ਕਰਨ ਲਈ ਬਣਾਈ ਗਈ ਨੀਤੀ ਦਾ ਉਹ ਸਵਾਗਤ ਕਰਦੇ ਹਨ। ਪਰ ਉਨ੍ਹਾਂ ਸਵਾਲ ਉਠਾਇਆ ਕਿ ਜਦੋਂ ਸੇਵਾ ਕੇਂਦਰਾਂ ਵਿੱਚ ਲਗਭਗ ਇੱਕ ਦਹਾਕੇ ਤੋਂ ਆਊਟਸੋਰਸ ਪ੍ਰਣਾਲੀ ਅਧੀਨ ਕੰਮ ਕਰ ਰਹੇ ਮੁਲਾਜ਼ਮ ਵੀ ਸਰਕਾਰੀ ਸੇਵਾਵਾਂ ਲੋਕਾਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਅ ਰਹੇ ਹਨ ਤਾਂ ਉਨ੍ਹਾਂ ਨੂੰ ਇਸ ਨੀਤੀ ਤੋਂ ਬਾਹਰ ਕਿਉਂ ਰੱਖਿਆ ਗਿਆ ਹੈ? ਬਲਜਿੰਦਰ ਸਿੰਘ ਮਾਝਾ ਨੇ ਕਿਹਾ ਕਿ ਸਿਹਤ ਬੀਮਾ ਕਾਰਡ, ਰਾਸ਼ਨ ਕਾਰਡ, ਮਾਵਾਂ-ਧੀਆਂ ਯੋਜਨਾ, ਸਤਿਕਾਰਯੋਗ ਯੋਜਨਾ ਸਮੇਤ ਵੱਖ-ਵੱਖ ਲੋਕ ਭਲਾਈ ਸਕੀਮਾਂ ਅਤੇ ਸਰਕਾਰੀ ਸੇਵਾਵਾਂ ਦਾ ਲਾਭ ਲੋਕਾਂ ਤੱਕ ਪਹੁੰਚਾਉਣ ਵਿੱਚ ਸੇਵਾ ਕੇਂਦਰਾਂ ਦੀ ਅਹਿਮ ਭੂਮਿਕਾ ਹੈ। ਸਰਕਾਰ ਦੀਆਂ ਯੋਜਨਾਵਾਂ ਨੂੰ ਜ਼ਮੀਨੀ ਪੱਧਰ ’ਤੇ ਲਾਗੂ ਕਰਨ ਲਈ ਜਦੋਂ ਸੇਵਾ ਕੇਂਦਰ ਮੁਲਾਜ਼ਮਾਂ ਦੀਆਂ ਸੇਵਾਵਾਂ ਜ਼ਰੂਰੀ ਹਨ ਤਾਂ ਉਨ੍ਹਾਂ ਦੇ ਭਵਿੱਖ ਅਤੇ ਰੁਜ਼ਗਾਰ ਦੀ ਸੁਰੱਖਿਆ ਦੇ ਮਾਮਲੇ ਵਿੱਚ ਉਨ੍ਹਾਂ ਨੂੰ 65,048 ਵਾਲੀ ਨੀਤੀ ਤੋਂ ਬਾਹਰ ਰੱਖਣਾ ਸਮਝ ਤੋਂ ਪਰੇ ਹੈ। ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਆਊਟਸੋਰਸਡ ਅਤੇ ਕੰਟਰੈਕਚੁਅਲ ਕਰਮਚਾਰੀਆਂ ਨੂੰ ਪ੍ਰਾਈਵੇਟ ਕੰਪਨੀਆਂ ਦੀ ਪ੍ਰਣਾਲੀ ਤੋਂ ਬਾਹਰ ਕੱਢ ਕੇ ਸਿੱਧੇ ਸਰਕਾਰੀ ਕੰਟਰੈਕਟ ਵਿੱਚ ਲਿਆਉਣ ਲਈ ਨੀਤੀ ਬਣਾ ਸਕਦੀ ਹੈ ਤਾਂ ਸੇਵਾ ਕੇਂਦਰ ਮੁਲਾਜ਼ਮਾਂ ਲਈ ਵੀ ਇਸੇ ਤਰ੍ਹਾਂ ਦੀ ਨੀਤੀ ਲਾਗੂ ਕੀਤੀ ਜਾਣੀ ਚਾਹੀਦੀ ਹੈ। ਯੂਨੀਅਨ ਦੀ ਮੁੱਖ ਮੰਗ ਹੈ ਕਿ ਸੇਵਾ ਕੇਂਦਰਾਂ ਵਿੱਚ ਸਾਲਾਂ ਤੋਂ ਕੰਮ ਕਰ ਰਹੇ ਮੁਲਾਜ਼ਮਾਂ ਨੂੰ ਤੁਰੰਤ 65,048 ਵਾਲੀ ਨੀਤੀ ਵਿੱਚ ਸ਼ਾਮਲ ਕੀਤਾ ਜਾਵੇ ਜਾਂ ਉਨ੍ਹਾਂ ਲਈ ਇਸੇ ਤਰਜ਼ ’ਤੇ ਬਰਾਬਰ ਦੀ ਨੀਤੀ ਲਾਗੂ ਕੀਤੀ ਜਾਵੇ।ਨਹੀਂ ਤਾਂ ਆਰ-ਪਾਰ ਦਾ ਸੰਘਰਸ਼ ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਨੇ ਸਪਸ਼ਟ ਚਿਤਾਵਨੀ ਦਿੱਤੀ ਕਿ ਜੇਕਰ ਪੰਜਾਬ ਸਰਕਾਰ ਵੱਲੋਂ ਇਸ ਮੰਗ ਸਬੰਧੀ ਕੋਈ ਠੋਸ ਫੈਸਲਾ ਨਾ ਲਿਆ ਗਿਆ ਤਾਂ ਮੁਲਾਜ਼ਮ ਚੁੱਪ ਨਹੀਂ ਬੈਠਣਗੇ। ਯੂਨੀਅਨ ਵੱਲੋਂ ਸਰਕਾਰ ਦੇ ਫੈਸਲਿਆਂ ਅਤੇ ਸਰਕਾਰ ਨਾਲ ਸਹਿਯੋਗ ਸਬੰਧੀ ਪੂਰਨ ਬਾਈਕਾਟ ਦਾ ਸੰਗਠਿਤ ਫੈਸਲਾ ਲਿਆ ਜਾਵੇਗਾ। ਆਗੂ ਨੇ ਕਿਹਾ ਕਿ ਪੰਜਾਬ ਭਰ ਦੀਆਂ ਸਬੰਧਤ ਜਥੇਬੰਦੀਆਂ ਨੂੰ ਨਾਲ ਲੈ ਕੇ ਸੂਬਾ ਪੱਧਰੀ ਵੱਡਾ ਸੰਘਰਸ਼ ਅਤੇ ਵਿਸ਼ਾਲ ਇਕੱਠ ਕੀਤਾ ਜਾਵੇਗਾ। ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਇਸ ਮਾਮਲੇ ਨੂੰ ਹੋਰ ਅਣਦੇਖਾ ਨਾ ਕੀਤਾ ਜਾਵੇ ਅਤੇ ਸਾਲਾਂ ਤੋਂ ਲੋਕਾਂ ਨੂੰ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਉਣ ਵਾਲੇ ਸੇਵਾ ਕੇਂਦਰ ਮੁਲਾਜ਼ਮਾਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਜਲਦ ਫੈਸਲਾ ਲਿਆ ਜਾਵੇ। ਯੂਨੀਅਨ ਨੇ ਕਿਹਾ ਕਿ ਹੁਣ ਸਰਕਾਰ ਨੂੰ ਸਪਸ਼ਟ ਕਰਨਾ ਹੋਵੇਗਾ ਕਿ 65,048 ਵਾਲੀ ਨੀਤੀ ਵਿੱਚ ਸੇਵਾ ਕੇਂਦਰ ਮੁਲਾਜ਼ਮਾਂ ਨੂੰ ਕਦੋਂ ਸ਼ਾਮਲ ਕੀਤਾ ਜਾਵੇਗਾ? ਇਸ ਮੌਕੇ ਬਠਿੰਡਾ ਪ੍ਰਧਾਨ ਜਿੰਨੀ ਸ਼ਰਮਾ, ਵਾਰਿਸ ਪ੍ਰਧਾਨ ਮਹਿਕਦੀਪ ਸਿੰਘ ਅਤੇ ਗੁਰਪ੍ਰੀਤ ਸਿੰਘ, ਰਾਕੇਸ਼ ਕੁਮਾਰ, ਪ੍ਰਭਜੀਤ ਸਿੰਘ ਤੇ ਗੁਰਜੀਤ ਸਿੰਘ ਜੋਧਪੁਰ ਪਾਖਰ, ਗੁਰਵਿੰਦਰ ਸਿੰਘ ਭੈਣੀ ਚੂਹੜ ਆਦਿ ਹਾਜ਼ਰ ਸਨ।

15 ਅਗਸਤ ਨੂੰ ਵਿਦੇਸ਼ਾਂ ਵਿੱਚ ਸਿੱਖ ਸੰਗਤ ਵੱਲੋਂ "ਬਲੈਕ ਡੇ" ਵਜੋਂ ਰੋਸ ਪ੍ਰਦਰਸ਼ਨ

# ਵੰਡ ਤੋਂ ਲੈ ਕੇ ਅੱਜ ਤੱਕ ਦੇ ਸਿੱਖ ਦਰਦ ਅਤੇ ਹੱਕਾਂ ਦੀ ਆਵਾਜ਼ ਹੋਈ ਬੁਲੰਦ




ਨਵੀਂ ਦਿੱਲੀ, 16 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਭਾਰਤ ਵਿੱਚ 15 ਅਗਸਤ ਨੂੰ ਆਜ਼ਾਦੀ ਦਿਵਸ ਵਜੋਂ ਮਨਾਇਆ ਗਿਆ, ਪਰ ਵਿਦੇਸ਼ਾਂ ਵਿੱਚ ਵੱਸਦੇ ਸਿੱਖਾਂ ਅਤੇ ਵੱਖ-ਵੱਖ ਪੰਥਕ ਜੱਥੇਬੰਦੀਆਂ ਵੱਲੋਂ ਇਸ ਦਿਨ ਨੂੰ 1947 ਦੀ ਪੰਜਾਬ ਵੰਡ, ਵੱਡੇ ਪੱਧਰ 'ਤੇ ਹੋਏ ਉਜਾੜੇ, ਹਿੰਸਾ ਅਤੇ ਸਿੱਖ ਕੌਮ ਦੇ ਇਤਿਹਾਸਕ ਦਰਦ ਨਾਲ ਜੋੜਦਿਆਂ "ਬਲੈਕ ਡੇ" ਵਜੋਂ ਮਨਾਇਆ ਗਿਆ। ਕੈਨੇਡਾ, ਆਸਟਰੇਲੀਆ, ਨਿਊਜ਼ੀਲੈਂਡ, ਇੰਗਲੈਂਡ, ਜਰਮਨੀ, ਇਟਲੀ, ਪੁਰਤਗਾਲ ਅਤੇ ਅਮਰੀਕਾ ਸਮੇਤ ਵੱਖ-ਵੱਖ ਦੇਸ਼ਾਂ ਵਿੱਚ ਸਿੱਖ ਜੱਥੇਬੰਦੀਆਂ ਅਤੇ ਸੰਗਤਾਂ ਵੱਲੋਂ ਰੈਲੀਆਂ, ਰੋਸ ਮੁਜ਼ਾਹਰੇ ਅਤੇ ਜਾਗਰੂਕਤਾ ਪ੍ਰੋਗਰਾਮ ਕਰਕੇ ਆਪਣੇ ਪੰਥਕ ਅਤੇ ਸਿਆਸੀ ਮੁੱਦਿਆਂ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਉਠਾਇਆ ਗਿਆ। ਵੈਨਕੂਵਰ ਵਿੱਚ ਭਾਰਤੀ ਕੌਂਸਲੇਟ ਦੇ ਬਾਹਰ ਹੋਏ ਰੋਸ ਮੁਜ਼ਾਹਰੇ ਦੌਰਾਨ ਸਿੱਖ ਕਾਰਕੁਨਾਂ ਵੱਲੋਂ ਭਾਰਤ ਸਰਕਾਰ ਦੀਆਂ ਨੀਤੀਆਂ ਵਿਰੁੱਧ ਆਪਣਾ ਰੋਸ ਪ੍ਰਗਟ ਕਰਦਿਆਂ ਪੰਜਾਬ ਅਤੇ ਸਿੱਖਾਂ ਦੇ ਹੱਕਾਂ, ਸਿਆਸੀ ਆਵਾਜ਼ ਅਤੇ ਸਵੈ-ਨਿਰਣੇ ਦੇ ਅਧਿਕਾਰ ਦਾ ਮੁੱਦਾ ਉਠਾਇਆ ਗਿਆ। ਪ੍ਰਦਰਸ਼ਨ ਦੌਰਾਨ ਭਾਰਤੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੁਤਲੇ ਨੂੰ ਉਲਟਾ ਲਟਕਾਉਣਾ ਵੀ ਇੱਕ ਸਿਆਸੀ ਪ੍ਰਤੀਕ ਵਜੋਂ ਪੇਸ਼ ਕੀਤਾ ਗਿਆ। ਇਸ ਮੌਕੇ "ਨਾ ਹਿੰਦੀ, ਨਾ ਹਿੰਦੂਤਵ, ਨਾ ਹਿੰਦੁਸਤਾਨ — ਦਿੱਲੀ ਬਣੇਗਾ ਖਾਲਿਸਤਾਨ" ਵਰਗੇ ਨਾਅਰੇ ਵੀ ਲਗਾਏ ਗਏ। ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਉਨ੍ਹਾਂ ਦੀ ਮੁਹਿੰਮ ਸਿੱਖਾਂ ਦੇ ਸਿਆਸੀ ਹੱਕਾਂ ਅਤੇ ਸਵੈ-ਨਿਰਣੇ ਦੀ ਮੰਗ ਨਾਲ ਸਬੰਧਤ ਹੈ। ਆਸਟਰੇਲੀਆ, ਨਿਊਜ਼ੀਲੈਂਡ, ਇੰਗਲੈਂਡ, ਜਰਮਨੀ, ਇਟਲੀ, ਪੁਰਤਗਾਲ ਅਤੇ ਅਮਰੀਕਾ ਦੀਆਂ ਸਿੱਖ ਜੱਥੇਬੰਦੀਆਂ ਵੱਲੋਂ ਭਾਰਤੀ ਕੌਂਸਲੇਟਾਂ ਅਤੇ ਹੋਰ ਥਾਵਾਂ ਦੇ ਸਾਹਮਣੇ ਕੀਤੇ ਗਏ ਰੋਸ ਮੁਜ਼ਾਹਰੇ ਵੀ ਤਿੱਖੇ ਰੋਸ ਦਾ ਪ੍ਰਗਟਾਵਾ ਬਣੇ। ਸਮੂਹ ਸਿੱਖ ਜੱਥੇਬੰਦੀਆਂ ਦੇ ਨੁਮਾਇੰਦਿਆਂ ਨੇ 1947 ਤੋਂ ਲੈ ਕੇ ਅੱਜ ਤੱਕ ਸਿੱਖਾਂ ਨਾਲ ਹੋਏ ਕਥਿਤ ਵਿਤਕਰੇ, ਦਮਨ ਅਤੇ ਮਨੁੱਖੀ ਅਧਿਕਾਰਾਂ ਨਾਲ ਸਬੰਧਤ ਮਾਮਲਿਆਂ ਨੂੰ ਉਠਾਉਂਦਿਆਂ ਭਾਰਤ ਸਰਕਾਰ ਦੀਆਂ ਨੀਤੀਆਂ 'ਤੇ ਸਵਾਲ ਖੜ੍ਹੇ ਕੀਤੇ। ਬੁਲਾਰਿਆਂ ਨੇ ਕਿਹਾ ਕਿ ਆਜ਼ਾਦੀ ਤੋਂ ਬਾਅਦ ਵੀ ਸਿੱਖਾਂ ਅਤੇ ਹੋਰ ਘੱਟ ਗਿਣਤੀਆਂ ਨਾਲ ਜੁੜੇ ਕਈ ਮਸਲੇ ਹੱਲ ਨਹੀਂ ਹੋਏ ਅਤੇ ਇਨ੍ਹਾਂ ਮਾਮਲਿਆਂ ਵੱਲ ਅੰਤਰਰਾਸ਼ਟਰੀ ਭਾਈਚਾਰੇ ਦਾ ਧਿਆਨ ਖਿੱਚਣਾ ਜ਼ਰੂਰੀ ਹੈ। ਪੰਥਕ ਜੱਥੇਬੰਦੀਆਂ ਦੇ ਨੁਮਾਇੰਦਿਆਂ ਨੇ ਭਾਰਤੀ ਅਧਿਕਾਰੀਆਂ ਵੱਲੋਂ ਆਜ਼ਾਦੀ ਦਿਵਸ ਦੇ ਜਸ਼ਨ ਮਨਾਏ ਜਾਣ ਦੇ ਵਿਰੋਧ ਵਿੱਚ ਆਪਣਾ ਰੋਸ ਪ੍ਰਗਟ ਕੀਤਾ। ਪੰਥਕ ਬੁਲਾਰਿਆਂ ਨੇ 1947 ਦੀ ਵੰਡ ਤੋਂ ਲੈ ਕੇ ਅੱਜ ਤੱਕ ਸਿੱਖਾਂ ਸਮੇਤ ਵੱਖ-ਵੱਖ ਘੱਟ ਗਿਣਤੀਆਂ ਨਾਲ ਵਾਪਰੀਆਂ ਘਟਨਾਵਾਂ ਦਾ ਜ਼ਿਕਰ ਕੀਤਾ। ਉਨ੍ਹਾਂ ਨੇ ਪੰਜਾਬ ਅਤੇ ਪੰਜਾਬ ਤੋਂ ਬਾਹਰ ਸਿੱਖਾਂ ਨਾਲ ਵਾਪਰੀਆਂ ਘਟਨਾਵਾਂ ਦੇ ਨਾਲ-ਨਾਲ ਜੰਮੂ-ਕਸ਼ਮੀਰ ਵਿੱਚ ਮੁਸਲਮਾਨਾਂ, ਮਣੀਪੁਰ ਅਤੇ ਨਾਗਾਲੈਂਡ ਵਿੱਚ ਇਸਾਈਆਂ ਅਤੇ ਆਦਿਵਾਸੀਆਂ ਤੇ ਦਲਿਤਾਂ ਨਾਲ ਸਬੰਧਤ ਮਾਮਲੇ ਵੀ ਉਠਾਏ। ਬੁਲਾਰਿਆਂ ਨੇ ਦੋਸ਼ ਲਾਇਆ ਕਿ ਭਾਰਤ ਦੀ ਆਜ਼ਾਦੀ ਤੋਂ ਕੁਝ ਸਮੇਂ ਬਾਅਦ ਹੀ ਸਿੱਖਾਂ ਨੂੰ ਕਥਿਤ ਤੌਰ 'ਤੇ ਸਰਕਾਰੀ ਨੀਤੀਆਂ ਅਤੇ ਕਾਨੂੰਨਾਂ ਰਾਹੀਂ ਨਿਸ਼ਾਨਾ ਬਣਾਉਣ ਦਾ ਸਿਲਸਿਲਾ ਸ਼ੁਰੂ ਹੋ ਗਿਆ ਸੀ। ਇਸ ਤੋਂ ਬਾਅਦ ਜੂਨ 1984 ਵਿੱਚ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਹੋਏ ਫੌਜੀ ਹਮਲੇ, ਨਵੰਬਰ 1984 ਦੇ ਸਿੱਖ ਵਿਰੋਧੀ ਕਤਲੇਆਮ ਅਤੇ ਉਸ ਤੋਂ ਬਾਅਦ ਲੰਮੇ ਸਮੇਂ ਤੱਕ ਚੱਲੇ ਦਮਨ ਦੇ ਮਾਮਲਿਆਂ ਨੂੰ ਵੀ ਬੁਲਾਰਿਆਂ ਵੱਲੋਂ ਜ਼ੋਰਦਾਰ ਢੰਗ ਨਾਲ ਉਠਾਇਆ ਗਿਆ। ਇਸ ਦੇ ਨਾਲ ਹੀ ਬੰਦੀ ਸਿੰਘਾਂ ਦੀ ਰਿਹਾਈ ਲਈ ਸੰਘਰਸ਼ ਕਰ ਰਹੇ ਸਿੱਖਾਂ 'ਤੇ ਚੰਡੀਗੜ੍ਹ ਵਿਖੇ ਹੋਏ ਪੁਲਿਸ ਐਕਸ਼ਨ ਦਾ ਵਿਰੋਧ ਕੀਤਾ ਗਿਆ ਅਤੇ ਸ. ਸਿਮਰਨਜੀਤ ਸਿੰਘ ਮਾਨ ਸਮੇਤ ਪੰਥਕ ਆਗੂਆਂ ਨਾਲ ਕੀਤੇ ਗਏ ਵਿਹਾਰ 'ਤੇ ਵੀ ਸਵਾਲ ਚੁੱਕੇ ਗਏ। ਬੁਲਾਰਿਆਂ ਨੇ ਸਿੱਖ ਮਸਲਿਆਂ ਦੇ ਸਿਆਸੀ ਹੱਲ ਲਈ ਖਾਲਿਸਤਾਨ ਦੀ ਮੰਗ ਨੂੰ ਉਭਾਰਦਿਆਂ ਸਿੱਖ ਕੌਮ ਨੂੰ ਇਕਜੁੱਟ ਹੋ ਕੇ ਆਪਣੀ ਸਿਆਸੀ ਮੰਜ਼ਿਲ ਵੱਲ ਵਧਣ ਦੀ ਅਪੀਲ ਕੀਤੀ। ਇਨ੍ਹਾਂ ਰੋਸ ਪ੍ਰੋਗਰਾਮਾਂ ਵਿੱਚ ਵੱਖ-ਵੱਖ ਦੇਸ਼ਾਂ ਤੋਂ ਸਿੱਖ ਆਗੂਆਂ ਅਤੇ ਕਾਰਕੁਨਾਂ ਨੇ ਸ਼ਮੂਲੀਅਤ ਕੀਤੀ। ਵੈਨਕੂਵਰ ਵਿੱਚ ਸਰਦਾਰ ਮਨਜਿੰਦਰ ਸਿੰਘ ਖਾਲਸਾ, ਭਾਈ ਜੈਗ ਸਿੱਧੂ, ਇੰਦਰਜੀਤ ਸਿੰਘ ਬੈਂਸ, ਭਾਈ ਅਜੇਪਾਲ ਸਿੰਘ, ਭਾਈ ਹਰਨੇਕ ਸਿੰਘ, ਭਾਈ ਰਜਿੰਦਰ ਸਿੰਘ, ਦਲਜੀਤ ਸਿੰਘ, ਭਾਈ ਨਰਿੰਦਰ ਸਿੰਘ ਰੰਧਾਵਾ ਅਤੇ ਭਾਈ ਗੁਰਮੀਤ ਸਿੰਘ ਤੂਰ ਸਮੇਤ ਹੋਰ ਆਗੂ ਸ਼ਾਮਲ ਰਹੇ। ਔਟਵਾ ਵਿੱਚ ਬਾਬਾ ਸੰਤੋਖ ਸਿੰਘ ਖੇਲਾ ਅਤੇ ਇੰਦਰਜੀਤ ਸਿੰਘ ਗੋਸਲ, ਨਿਊਜ਼ੀਲੈਂਡ ਵਿੱਚ ਪਾਤਸ਼ਾਹੀ ਦਾਵਾ ਦੀ ਪੂਰੀ ਟੀਮ ਦੇ ਨਾਲ ਸਰਦਾਰ ਰਵਿੰਦਰ ਸਿੰਘ ਸੋਹਲ, ਇਟਲੀ ਵਿੱਚ ਭਾਈ ਗੁਰਪਾਲ ਸਿੰਘ ਅਤੇ ਭਾਈ ਜਗਰੂਪ ਸਿੰਘ, ਪੁਰਤਗਾਲ ਵਿੱਚ ਭਾਈ ਸਤਪਾਲ ਸਿੰਘ ਅਤੇ ਇੰਗਲੈਂਡ ਵਿੱਚ ਭਾਈ ਪਰਮਜੀਤ ਸਿੰਘ ਪੰਮਾ ਤੇ ਭਾਈ ਦਪਿੰਦਰਜੀਤ ਸਿੰਘ ਸਮੇਤ ਕਈ ਸਿੱਖਾਂ ਨੇ ਸ਼ਮੂਲੀਅਤ ਕੀਤੀ। ਜਰਮਨੀ ਵਿੱਚ ਹਰਮੀਤ ਸਿੰਘ, ਅੰਗਰੇਜ਼ ਸਿੰਘ, ਅਕਾਲੀ ਦਲ ਅੰਮ੍ਰਿਤਸਰ ਦੇ ਆਗੂ ਭਾਈ ਪ੍ਰਿਤਪਾਲ ਸਿੰਘ ਖਾਲਸਾ, ਇੰਟਰਨੈਸ਼ਨਲ ਸਿੱਖ ਫੈਡਰੇਸ਼ਨ ਜਰਮਨੀ ਦੇ ਪ੍ਰਧਾਨ ਭਾਈ ਲਖਵਿੰਦਰ ਸਿੰਘ ਮੱਲ੍ਹੀ, ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂ ਭਾਈ ਜਗਤਾਰ ਸਿੰਘ ਮਾਹਲ, ਬੱਬਰ ਖਾਲਸਾ ਦੇ ਜੱਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਪ੍ਰਗਟ ਸਿੰਘ ਬੱਬਰ, ਭਾਈ ਦਲਜੀਤ ਸਿੰਘ ਬੱਬਰ, ਭਾਈ ਰਾਜਿੰਦਰ ਸਿੰਘ ਬੱਬਰ, ਪੰਥਕ ਆਗੂ ਭਾਈ ਪ੍ਰਤਾਪ ਸਿੰਘ, ਹਰਜੀਤ ਸਿੰਘ ਲਾਡੀ, ਭਾਈ ਰਾਮਪਾਲ ਸਿੰਘ, ਭਾਈ ਜਸਵੰਤ ਸਿੰਘ, ਭਾਈ ਗੁਰਵਿੰਦਰ ਸਿੰਘ ਨਡਾਲੋਂ, ਆਸਿਮ ਗੁਜ਼ਰ, ਅਮਰੀਕਾ ਦੇ ਵਾਸ਼ਿੰਗਟਨ ਡੀ ਸੀ ਵਿਖੇ ਭਾਈ ਹਿੰਮਤ ਸਿੰਘ ਸਮੇਤ ਅਨੇਕਾਂ ਸਿੰਘਾਂ ਨੇ ਭਾਗ ਲਿਆ। ਇਸ ਮੌਕੇ ਵੈਨਕੂਵਰ ਤੋਂ 18 ਅਕਤੂਬਰ 2026 ਨੂੰ ਐਡਮਿੰਟਨ, ਅਲਬਰਟਾ ਵਿਖੇ ਖਾਲਿਸਤਾਨ ਰੈਫਰੈਂਡਮ ਦੀ ਅਗਲੀ ਵੋਟਿੰਗ ਦਾ ਐਲਾਨ ਵੀ ਕੀਤਾ ਗਿਆ। ਟੀਮ ਸ਼ਹੀਦ ਨਿੱਝਰ ਵੈਨਕੂਵਰ, ਕੈਨੇਡਾ ਵੱਲੋਂ ਕਿਹਾ ਗਿਆ ਕਿ ਸਿੱਖਾਂ ਦੀ ਆਵਾਜ਼ ਨੂੰ ਲੋਕਤੰਤਰਿਕ ਅਤੇ ਸ਼ਾਂਤਮਈ ਢੰਗ ਨਾਲ ਦੁਨੀਆ ਸਾਹਮਣੇ ਰੱਖਣ ਦੀ ਮੁਹਿੰਮ ਜਾਰੀ ਰਹੇਗੀ ਅਤੇ ਐਡਮਿੰਟਨ ਵਿੱਚ ਹੋਣ ਵਾਲੀ ਵੋਟਿੰਗ ਸਬੰਧੀ ਸਿੱਖ ਸੰਗਤ ਨੂੰ ਜਾਗਰੂਕ ਕੀਤਾ ਜਾਵੇਗਾ। ਇਸ ਤਰ੍ਹਾਂ ਵਿਦੇਸ਼ਾਂ ਵਿੱਚ 15 ਅਗਸਤ ਨੂੰ ਹੋਏ ਇਹ ਰੋਸ ਮੁਜ਼ਾਹਰੇ ਸਿਰਫ਼ ਆਜ਼ਾਦੀ ਦਿਵਸ ਦੇ ਵਿਰੋਧ ਤੱਕ ਸੀਮਤ ਨਹੀਂ ਰਹੇ, ਸਗੋਂ 1947 ਦੀ ਪੰਜਾਬ ਵੰਡ ਤੋਂ ਲੈ ਕੇ 1984 ਅਤੇ ਮੌਜੂਦਾ ਸਮੇਂ ਦੇ ਸਿੱਖ ਮਸਲਿਆਂ ਤੱਕ ਦੇ ਇਤਿਹਾਸਕ ਅਤੇ ਸਿਆਸੀ ਮੁੱਦਿਆਂ ਨੂੰ ਮੁੜ ਅੰਤਰਰਾਸ਼ਟਰੀ ਮੰਚ 'ਤੇ ਉਭਾਰਨ ਦਾ ਸਾਧਨ ਬਣੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ਼ੈਲਟਰ ਵੱਲੋਂ ਸਰਕਾਰੀ ਸਕੂਲਾਂ ਨੂੰ ਸਹਾਇਤਾ ਮੁਹਿੰਮ ਜਾਰੀ : ਡਾ. ਮੁਲਤਾਨੀ




ਚੌਕ ਮਹਿਤਾ,16ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ): ਸਮਾਜ ਸੇਵੀ ਸੰਸਥਾ ਸ਼ੈਲਟਰ ਚੈਰੀਟੇਬਲ ਟਰੱਸਟ (ਰਜਿ.) ਲਾਲੜੂ ਵੱਲੋਂ ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਪਿਛਲੇ ਕਈ ਦਹਾਕਿਆਂ ਤੋਂ ਚਲਾਈ ਜਾ ਰਹੀ ਸਹਿਯੋਗ ਮੁਹਿੰਮ ਤਹਿਤ ਅੱਜ ਸਰਕਾਰੀ ਪ੍ਰਾਇਮਰੀ ਸਕੂਲ ਜਿਉਲੀ ਨੂੰ ਇੱਕ ਵੱਡਾ ਇਨਵਰਟਰ ਅਤੇ ਸਰਕਾਰੀ ਹਾਈ ਸਕੂਲ ਕਾਰਕੌਰ ਨੂੰ ਪੰਜ ਛੱਤ ਵਾਲੇ ਪੱਖੇ ਦਾਨ ਕੀਤੇ ਗਏ। ਇਸ ਮੌਕੇ ਸੰਸਥਾ ਦੇ ਮੈਂਬਰਾਂ ਅਤੇ ਸਕੂਲ ਅਧਿਆਪਕਾਂ ਦੀ ਹਾਜ਼ਰੀ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਦਲੇਰ ਸਿੰਘ ਮੁਲਤਾਨੀ ਨੇ ਦੱਸਿਆ ਕਿ ਸ਼ੈਲਟਰ ਵੱਲੋਂ ਪਿਛਲੇ ਕਈ ਸਾਲਾਂ ਤੋਂ ਲੋੜਵੰਦ ਸਰਕਾਰੀ ਸਕੂਲਾਂ ਦੀ ਲਗਾਤਾਰ ਸਹਾਇਤਾ ਕੀਤੀ ਜਾ ਰਹੀ ਹੈ। ਇਸ ਸਹਾਇਤਾ ਵਿੱਚ ਖੇਡ ਮੈਦਾਨ, ਬਿਜਲੀ ਦੀਆਂ ਸਹੂਲਤਾਂ, ਪੱਖੇ, ਸਾਫ਼ ਪਾਣੀ, ਵਾਟਰ ਕੂਲਰ, ਪਖਾਨੇ, ਬੈਂਚ, ਕਮਰੇ, ਧੂੰਆਂ-ਰਹਿਤ ਭੱਠੀ-ਚੁੱਲ੍ਹੇ ਅਤੇ ਸਫ਼ਾਈ ਆਦਿ ਦੇ ਕੰਮ ਸ਼ਾਮਲ ਹਨ। ਡਾ. ਮੁਲਤਾਨੀ ਨੇ ਕਿਹਾ ਕਿ ਲੋੜਵੰਦ ਸਕੂਲਾਂ ਲਈ ਇਹ ਸੇਵਾ ਭਵਿੱਖ ਵਿੱਚ ਵੀ ਜਾਰੀ ਰੱਖੀ ਜਾਵੇਗੀ। ਉਨ੍ਹਾਂ ਸਕੂਲਾਂ ਅਤੇ ਅਧਿਆਪਕਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਧਿਆਪਕ ਸਮਾਜ ਦੇ ਨਿਰਮਾਤਾ ਹਨ। ਇਸ ਲਈ ਸਰਕਾਰ ਅਤੇ ਦਾਨੀ ਸੱਜਣਾਂ ਨੂੰ ਸੇਵਾ ਜਾਂ ਦਾਨ ਕਰਦਿਆਂ ਸਕੂਲਾਂ ਅਤੇ ਹਸਪਤਾਲਾਂ ਨੂੰ ਪਹਿਲ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਦੀ ਚੰਗੀ ਸਿਹਤ ਵੱਲ ਧਿਆਨ ਦਿੱਤੇ ਬਿਨਾਂ ਚੰਗੀ ਪੜ੍ਹਾਈ ਦੀ ਆਸ ਨਹੀਂ ਕੀਤੀ ਜਾ ਸਕਦੀ। "ਸਵਸਥ ਸਰੀਰ ਵਿੱਚ ਹੀ ਸਵਸਥ ਦਿਮਾਗ. ਦਾ ਵਿਕਾਸ ਹੋ ਸਕਦਾ ਹੈ।" ਡਾ. ਮੁਲਤਾਨੀ ਨੇ ਦੱਸਿਆ ਕਿ ਸਕੂਲੀ ਬੱਚਿਆਂ ਦੀ ਸਿਹਤ ਦੀ ਜਾਂਚ ਅਤੇ ਵੱਡੀਆਂ ਬਿਮਾਰੀਆਂ ਦੇ ਇਲਾਜ ਲਈ ਸਿਹਤ ਵਿਭਾਗ ਵੱਲੋਂ ਡਾਕਟਰਾਂ ਦੀਆਂ ਵਿਸ਼ੇਸ਼ ਟੀਮਾਂ ਹਰ ਸਾਲ ਬੱਚਿਆਂ ਦਾ ਸਿਹਤ ਮੁਆਇਨਾ ਕਰਦੀਆਂ ਹਨ ਅਤੇ ਲੋੜ ਅਨੁਸਾਰ ਮੁਫ਼ਤ ਇਲਾਜ ਦਾ ਪ੍ਰਬੰਧ ਕੀਤਾ ਜਾਂਦਾ ਹੈ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਸਰਕਾਰੀ ਸਕੂਲਾਂ ਵਿੱਚ ਅਧਿਆਪਕਾਂ ਦੀਆਂ ਖਾਲੀ ਅਸਾਮੀਆਂ ਜਲਦੀ ਭਰੀਆਂ ਜਾਣ, ਤਾਂ ਜੋ "ਇੱਕ ਅਧਿਆਪਕ—ਇੱਕ ਸਕੂਲ ਦੇ ਦਾਗ. ਤੋਂ ਬਚਿਆ ਜਾ ਸਕੇ ਅਤੇ ਬੱਚਿਆਂ ਦੀ ਪੜ੍ਹਾਈ ਦੀ ਨੀਂਹ ਹੋਰ ਮਜ਼ਬੂਤ ਕੀਤੀ ਜਾ ਸਕੇ। ਇਸ ਮੌਕੇ ਸ਼ੈਲਟਰ ਚੈਰੀਟੇਬਲ ਟਰੱਸਟ ਦੇ ਸੀਨੀਅਰ ਮੀਤ ਪ੍ਰਧਾਨ ਲਾਭ ਸਿੰਘ , ਜਨਰਲ ਸਕੱਤਰ ਰਾਜਬੀਰ ਸਿੰਘ ਰਾਣਾ, ਖਜ਼ਾਨਚੀ ਰਘੁਬੀਰ ਜੁਨੇਜਾ, ਚੰਦਰਪਾਲ ਅੱਤਰੀ ਪੱਤਰਕਾਰ, ਸਾਬਕਾ ਐਮ ਸੀ ਪਵਨ ਕੁਮਾਰ , ਮਨੋਜ ਮਹਿਤਾ, ਜੱਗੀ ਤੁਸ਼ਾਰ, ਅਮਨ , ਸੰਨਦੀਪ ਜਿਉਲੀ ਤੋਂ ਇਲਾਵਾ ਸਕੂਲਾਂ ਦੇ ਟੀਚਰ ਵੀ ਹਾਜ਼ਰ ਸੀ।

# ਚੰਨੀ ਸਰਕਾਰ ਦੇ ਕੰਮਾਂ ਨੂੰ ਯਾਦ ਕਰਦਿਆਂ ਕਾਂਗਰਸ ਪਾਰਟੀ ਦੇ ਉਮੀਦਵਾਰ ਨਵਤੇਜ ਸਿੰਘ ਅਮਰਕੋਟ ਨੇ ਕੀਤੀ ਮੁੜ ਅਗਵਾਈ ਦੀ ਹਮਾਇਤ

## ਕਿਹਾ—ਚਰਨਜੀਤ ਸਿੰਘ ਚੰਨੀ ਮੁੜ ਮੁੱਖ ਮੰਤਰੀ ਬਣੇ ਤਾਂ ਪੰਜਾਬ ਦੇ ਲੋਕਾਂ ਦੀ ਭਲਾਈ ਲਈ ਹੋਰ ਵੀ ਵਧੀਆ ਕੰਮ ਕਰਨਗੇ

ਜੰਡਿਆਲਾ ਗੁਰੂ, 16 ਅਗਸਤ ( ਕੁਲਵੰਤ ਸਿੰਘ ਵਿਰਦੀ): ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕਰਦਿਆਂ ਕਾਂਗਰਸ ਪਾਰਟੀ ਦੇ ਉਮੀਦਵਾਰ ਨਵਤੇਜ ਸਿੰਘ ਅਮਰਕੋਟ ਨੇ ਕਿਹਾ ਕਿ ਚੰਨੀ ਸਾਹਿਬ ਨੇ ਆਪਣੇ ਮੁੱਖ ਮੰਤਰੀ ਦੇ ਕਾਰਜਕਾਲ ਦੌਰਾਨ ਪੰਜਾਬ ਦੇ ਲੋਕਾਂ ਦੇ ਹਿੱਤ ਵਿੱਚ ਕਈ ਮਹੱਤਵਪੂਰਨ ਫੈਸਲੇ ਲਏ ਅਤੇ ਆਮ ਲੋਕਾਂ ਦੀਆਂ ਮੁਸ਼ਕਲਾਂ ਨੂੰ ਸਮਝਦਿਆਂ ਉਨ੍ਹਾਂ ਦੇ ਹੱਲ ਲਈ ਕੰਮ ਕੀਤਾ।ਨਵਤੇਜ ਸਿੰਘ ਅਮਰਕੋਟ ਨੇ ਕਿਹਾ ਕਿ ਚਰਨਜੀਤ ਸਿੰਘ ਚੰਨੀ ਨੇ ਥੋੜ੍ਹੇ ਸਮੇਂ ਦੇ ਕਾਰਜਕਾਲ ਦੌਰਾਨ ਵੀ ਆਮ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਤਰਜੀਹ ਦਿੱਤੀ। ਉਨ੍ਹਾਂ ਕਿਹਾ ਕਿ ਚੰਨੀ ਦੀ ਸਾਦਗੀ, ਲੋਕਾਂ ਤੱਕ ਸਿੱਧੀ ਪਹੁੰਚ ਅਤੇ ਪੰਜਾਬ ਦੇ ਵਿਕਾਸ ਪ੍ਰਤੀ ਸੋਚ ਨੇ ਉਨ੍ਹਾਂ ਨੂੰ ਲੋਕਾਂ ਦੇ ਨੇੜੇ ਲਿਆਉਣ ਵਿੱਚ ਅਹਿਮ ਭੂਮਿਕਾ ਨਿਭਾਈ।ਉਨ੍ਹਾਂ ਕਿਹਾ ਕਿ ਜੇਕਰ ਚਰਨਜੀਤ ਸਿੰਘ ਚੰਨੀ ਨੂੰ ਮੁੜ ਪੰਜਾਬ ਦੀ ਅਗਵਾਈ ਕਰਨ ਦਾ ਮੌਕਾ ਮਿਲਦਾ ਹੈ ਤਾਂ ਉਹ ਆਪਣੇ ਪਿਛਲੇ ਤਜਰਬੇ ਦੇ ਆਧਾਰ 'ਤੇ ਪੰਜਾਬ ਦੇ ਲੋਕਾਂ ਲਈ ਹੋਰ ਵੀ ਵਧੀਆ ਅਤੇ ਲੋਕ-ਪੱਖੀ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਅਜਿਹੀ ਅਗਵਾਈ ਦੀ ਲੋੜ ਹੈ ਜੋ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਮਝੇ ਅਤੇ ਉਨ੍ਹਾਂ ਦੇ ਹੱਲ ਲਈ ਜ਼ਮੀਨੀ ਪੱਧਰ 'ਤੇ ਕੰਮ ਕਰੇ।ਨਵਤੇਜ ਸਿੰਘ ਅਮਰਕੋਟ ਨੇ ਕਿਹਾ ਕਿ ਚੰਨੀ ਦੀ ਅਗਵਾਈ ਹੇਠ ਪੰਜਾਬ ਦੇ ਵਿਕਾਸ, ਆਮ ਲੋਕਾਂ ਦੀ ਭਲਾਈ ਅਤੇ ਲੋਕ-ਹਿੱਤ ਦੇ ਮੁੱਦਿਆਂ ਨੂੰ ਹੋਰ ਮਜ਼ਬੂਤੀ ਨਾਲ ਅੱਗੇ ਵਧਾਇਆ ਜਾ ਸਕਦਾ ਹੈ। ਉਨ੍ਹਾਂ ਚਰਨਜੀਤ ਸਿੰਘ ਚੰਨੀ ਦੀ ਮੁੜ ਅਗਵਾਈ ਦੀ ਹਮਾਇਤ ਕਰਦਿਆਂ ਕਿਹਾ ਕਿ ਪੰਜਾਬ ਦੇ ਹਿੱਤਾਂ ਲਈ ਲੋਕ-ਪੱਖੀ ਸੋਚ ਅਤੇ ਤਜਰਬੇ ਵਾਲੀ ਲੀਡਰਸ਼ਿਪ ਸਮੇਂ ਦੀ ਲੋੜ ਹੈ।



# 17 ਅਗਸਤ ਅੱਜ ਜ਼ਿਲ੍ਹਾ ਅੰਮ੍ਰਿਤਸਰ ਦੀਆਂ ਸਮੂਹ ਵਿਦਿਅਕ ਸੰਸਥਾਵਾਂ ਵਿੱਚ ਛੁੱਟੀ ਦਾ ਐਲਾਨ



ਜੰਡਿਆਲਾ ਗੁਰੂ 16 ਅਗਸਤ (ਕੁਲਵੰਤ ਸਿੰਘ ਵਿਰਦੀ ) - ਸੂਬੇ ਦੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਵੱਲੋਂ 17 ਅਗਸਤ ਨੂੰ ਜ਼ਿਲ੍ਹਾ ਅੰਮ੍ਰਿਤਸਰ ਦੀਆਂ ਸਮੂਹ ਵਿਦਿਅਕ ਸੰਸਥਾਵਾਂ ਵਿੱਚ ਛੁੱਟੀ ਦਾ ਐਲਾਨ ਕੀਤਾ ਗਿਆ ਹੈ।ਕੈਬਨਿਟ ਮੰਤਰੀ ਨੇ ਇਹ ਐਲਾਨ 15 ਅਗਸਤ ਨੂੰ ਅੰਮ੍ਰਿਤਸਰ ਵਿਖੇ ਮਨਾਏ ਗਏ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਹਾੜੇ ਦੇ ਸਮਾਗਮ ਦੀ ਸਫਲਤਾ ਅਤੇ ਇਸ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਵਿਦਿਅਕ ਸੰਸਥਾਵਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਪਾਏ ਗਏ ਸਹਿਯੋਗ ਨੂੰ ਮੁੱਖ ਰੱਖਦਿਆਂ ਕੀਤਾ ਹੈ। ਇਸ ਤਹਿਤ 17 ਅਗਸਤ ਨੂੰ ਜ਼ਿਲ੍ਹਾ ਅੰਮ੍ਰਿਤਸਰ ਅਧੀਨ ਆਉਂਦੀਆਂ ਸਮੂਹ ਵਿਦਿਅਕ ਸੰਸਥਾਵਾਂ ਵਿੱਚ ਛੁੱਟੀ ਹੋਵੇਗੀ।

‘ਪੰਜਾਬ ਦੇ ਰੰਗ ਮੌਸਮਾਂ ਦੇ ਸੰਗ’ ਕਿਤਾਬ ਦਾ ਲੋਕ ਅਰਪਣ ਸਮਾਗਮ

# ਖ਼ਾਲਸਾ ਕਾਲਜ ਸੀ. ਸੈ. ਸਕੂਲ, ਅੰਮ੍ਰਿਤਸਰ ਵਿਖੇ ਕਰਵਾਇਆ ਗਿਆ








**ਅੰਮ੍ਰਿਤਸਰ, 16 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੀਘਾਂ ਸੋਚ ਦੀਆਂ ਸਾਹਿਤ ਮੰਚ ਵੱਲੋਂ ਸੱਤਵਾਂ ਸਾਂਝਾ ਸੰਗ੍ਰਹਿ ‘ਪੰਜਾਬ ਦੇ ਰੰਗ ਮੌਸਮਾਂ ਦੇ ਸੰਗ’ ਖ਼ਾਲਸਾ ਕਾਲਜ ਸੀ. ਸੈ. ਸਕੂਲ, ਅੰਮ੍ਰਿਤਸਰ ਵਿਖੇ ਕਰਵਾਏ ਗਏ ਵਿਸ਼ੇਸ਼ ਸਮਾਗਮ ਦੌਰਾਨ ਸਾਹਿਤ ਜਗਤ ਦੀ ਝੋਲੀ ਵਿੱਚ ਲੋਕ ਅਰਪਣ ਕੀਤਾ ਗਿਆ। ਇਸ ਮੌਕੇ ਕਰਵਾਏ ਗਏ ਕਵੀ ਦਰਬਾਰ ਵਿੱਚ ਪਹੁੰਚੇ ਲੇਖਕਾਂ ਨੇ ਆਪਣੀਆਂ ਰਚਨਾਵਾਂ ਪੇਸ਼ ਕਰਦਿਆਂ ਆਪਣੇ ਵਿਚਾਰ ਸਾਂਝੇ ਕੀਤੇ। ਸਮਾਗਮ ਵਿੱਚ ਸ਼ਾਮਲ ਸਮੂਹ ਲੇਖਕਾਂ ਨੂੰ ਸਨਮਾਨ ਚਿੰਨ੍ਹ ਅਤੇ ਕਿਤਾਬਾਂ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਸਾਂਝੇ ਸੰਗ੍ਰਹਿ ਵਿੱਚ ਵੱਖ-ਵੱਖ ਲੇਖਕਾਂ ਦੀਆਂ ਰਚਨਾਵਾਂ ਸ਼ਾਮਲ ਕੀਤੀਆਂ ਗਈਆਂ ਹਨ। ਕਿਤਾਬ ਦੇ ਲੋਕ ਅਰਪਣ ਸਮਾਗਮ ਵਿੱਚ ਗਗਨਦੀਪ ਸਿੰਘ ਸੰਧੂ, ਪ੍ਰਵੀਨ ਕੌਰ ਸੰਧੂ, ਪ੍ਰਦੀਪ ਕੌਰ ਸਿੱਧੂ, ਜਤਿੰਦਰ ਪਾਲ ਕੌਰ ਭਿੰਡਰ, ਇੰਜ. ਸਤਨਾਮ ਸਿੰਘ ਮੱਟੂ, ਹਰਪ੍ਰੀਤ ਸਿੰਘ, ਕਸ਼ਮੀਰ ਸਿੰਘ ਭੰਡਾਰੀਆਵਾਲਾ, ਡਾ. ਜਸਬੀਰ ਕੌਰ ਜੱਸ, ਨਿਰਮਲ ਕੌਰ ਕੋਟਲ਼ਾ, ਬਲਵਿੰਦਰ ਕੌਰ ਪੰਧੇਰ, ਸਰਤਾਜ ਸੰਧੂ, ਸਤਿੰਦਰ ਸਿੰਘ ਉਠੀ, ਧਰਵਿੰਦਰ ਸਿੰਘ ਔਲਖ, ਹਰਮੀਤ ਆਰਟਿਸਟ, ਬੀ.ਕੇ. ਜੀਤ, ਰਾਜਪਾਲ ਸਿੰਘ ਬਾਠ, ਵਿਜੇ ਅਗਨੀਹੋਤਰੀ, ਜਯੋਤੀ ਭਗਤ ਬਟਾਲਵੀ ਅਤੇ ਮਨਜਾਪ ਕੌਰ ਗਿੱਲ ਸਮੇਤ ਕਈ ਅਦਬੀ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ। ਸਮਾਗਮ ਨੂੰ ਗੁਰਬਿੰਦਰ ਕੌਰ ਟਿੱਬਾ, ਸਪੇਨ ਅਤੇ Crafty Bliss ਵੱਲੋਂ ਸਪਾਂਸਰ ਕੀਤਾ ਗਿਆ। ਇਸ ਮੌਕੇ Crafty Bliss ਵੱਲੋਂ ਹੱਥੀਂ ਬਣਾਈਆਂ ਵੱਖ-ਵੱਖ ਵਸਤੂਆਂ ਦਾ ਸਟਾਲ ਵੀ ਲਗਾਇਆ ਗਿਆ, ਜਿਸ ਨੂੰ ਹਾਜ਼ਰੀਨ ਵੱਲੋਂ ਭਰਵਾਂ ਹੁੰਗਾਰਾ ਮਿਲਿਆ। ਸਮਾਗਮ ਦੌਰਾਨ ਸਟੇਜ ਸਕੱਤਰ ਦੀ ਭੂਮਿਕਾ ਪ੍ਰਵੀਨ ਕੌਰ ਸਿੱਧੂ ਵੱਲੋਂ ਬਾਖ਼ੂਬੀ ਨਿਭਾਈ ਗਈ। ਇਸ ਮੌਕੇ ਮਨਜਾਪ ਕੌਰ ਗਿੱਲ ਨੇ ਬੱਚਿਆਂ ਨੂੰ ਖੇਡਾਂ ਨਾਲ ਜੁੜਨ ਅਤੇ ਖਿਡਾਰੀ ਬਣਨ ਦਾ ਸੁਨੇਹਾ ਦਿੱਤਾ। ਅੰਤ ਵਿੱਚ ਪੀਘਾਂ ਸੋਚ ਦੀਆਂ ਸਾਹਿਤ ਮੰਚ ਦੀ ਸੰਸਥਾਪਕ ਅਤੇ ਪ੍ਰਧਾਨ ਰਸ਼ਿਪੰਦਰ ਕੌਰ ਗਿੱਲ ਨੇ ਸਮਾਗਮ ਵਿੱਚ ਪਹੁੰਚੀਆਂ ਸਮੂਹ ਅਦਬੀ ਸ਼ਖ਼ਸੀਅਤਾਂ, ਲੇਖਕਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਪੰਜਾਬੀ ਲੇਖਕਾਂ ਨੂੰ ‘ਪੀਘਾਂ ਸੋਚ ਦੀਆਂ ਲੇਖਕ ਡਾਇਰੈਕਟਰੀ-2026’ ਵਿੱਚ ਵੱਧ ਤੋਂ ਵੱਧ ਆਪਣੇ ਨਾਮ ਦਰਜ ਕਰਵਾਉਣ ਦੀ ਅਪੀਲ ਵੀ ਕੀਤੀ। ਸਮਾਗਮ ਦੌਰਾਨ ਸਾਹਿਤ, ਕਲਾ ਅਤੇ ਪੰਜਾਬੀ ਭਾਸ਼ਾ ਪ੍ਰਤੀ ਪਿਆਰ ਅਤੇ ਸਾਂਝ ਦੀ ਭਾਵਨਾ ਪ੍ਰਮੁੱਖ ਰੂਪ ਵਿੱਚ ਨਜ਼ਰ ਆਈ।

**ਪੀਘਾਂ ਸੋਚ ਦੀਆਂ ਸਾਹਿਤ ਮੰਚ ਦਾ ਸੱਤਵਾਂ ਸਾਂਝਾ ਸੰਗ੍ਰਹਿ ਸਾਹਿਤ ਜਗਤ ਦੀ ਝੋਲੀ ਅਰਪਣ**

093 ਦਿਹਾਤੀ,ਬਠਿੰਡਾ ਵੱਲੋਂ ਡਰਾਫਟ ਵੋਟਰ ਸੂਚੀ ਲਈ

# ਬੂਥਾਂ ਉੱਪਰ ਲਗਾਇਆ ਵਿਸ਼ੇਸ਼ ਕੈਂਪ

**ਤਲਵੰਡੀ ਸਾਬੋ, 16 ਅਗਸਤ (ਗੁਰਜੰਟ ਸਿੰਘ ਨਥੇਹਾ)**- ਇਲੈਕਸ਼ਨ ਕਮਿਸ਼ਨ ਭਾਰਤ ਵਿੱਚ ਸਮੇਂ ਸਮੇਂ ’ਤੇ ਨਵੀਂ ਵੋਟ ਬਣਾਉਣ, ਵੋਟ ਕਾਰਡ ਵਿੱਚ ਸੁਧਾਈ ਕਰਨ, ਵੋਟ ਕੱਟਣ ਸਬੰਧੀ ਅਤੇ ਵੋਟਰ ਸੂਚੀਆਂ ਦੀ ਸੁਧਾਈ ਲਈ ਕੈਂਪ ਲਗਾਉਂਦਾ ਰਹਿੰਦਾ ਹੈ। ਹੁਣ ਇਲੈਕਸ਼ਨ ਕਮਿਸ਼ਨ ਵੱਲੋਂ ਪਿਛਲੇ ਦਿਨਾਂ ਵਿੱਚ ਐਸ.ਆਈ.ਆਰ ਦੇ ਅਧੀਨ ਪਹਿਲੇ ਫੇਜ਼ ਦਾ ਕੰਮ ਪੂਰਾ ਕੀਤਾ ਗਿਆ ਹੈ। ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ ਕਰਵਾਈ ਗਈ ਗਈ। 093 ਦਿਹਾਤੀ ਬਠਿੰਡਾ ਦੇ ਏ.ਈ.ਆਰਓ. ਸਾਹਿਬ ਸ. ਪਰਮਦੀਪ ਸਿੰਘ ਬਰਾੜ ਨੇ ਦੱਸਿਆ ਕਿ ਵੋਟਰ ਆਪਣੇ ਇਤਰਾਜ਼ ਅਤੇ ਦਾਅਵੇ 13 ਅਗਸਤ ਤੋਂ ਲੈ ਕੇ 12 ਸਤੰਬਰ 2026 ਤੱਕ ਜਮਾ ਕਰਵਾ ਸਕਦੇ ਹਨ। ਉਹਨਾਂ ਅੱਗੇ ਬੋਲਦੇ ਦੱਸਿਆ ਕਿ ਜਲਦ ਹੀ ਵੋਟਰਸ ਨੂੰ ਨੋਟਿਸ ਰਿਸੀਵ ਕਰਵਾਏ ਜਾਣਗੇ। ਅਨਮੈਪ, ਅਨੋਮਲੀ ਅਤੇ ਐਲ ਡੀ ਵੋਟਰ ਆਪਣੇ ਪਰੂਫ ਜਮਾ ਕਰਵਾ ਕੇ ਆਪਣੀ ਵੋਟ ਵਿੱਚ ਕਿਸੇ ਪ੍ਰਕਾਰ ਦੀ ਕੋਈ ਵੀ ਕਰੈਕਸ਼ਨ ਕਰਵਾ ਸਕਦੇ ਹਨ। ਸ. ਪਰਮਦੀਪ ਸਿੰਘ ਬਰਾੜ ਨੇ ਅੱਗੇ ਦੱਸਿਆ ਕਿ ਵੋਟਰਾਂ ਨੂੰ ਇੱਕ ਨਿਸ਼ਚਿਤ ਮਿਤੀ ਤੇ ਉਨਾਂ ਦੀ ਸੁਣਵਾਈ ਕੀਤੀ ਜਾਵੇਗੀ। ਇਸ ਸਮੇਂ ਸੈਕਟਰ ਨੰਬਰ 10 ਦੇ ਸੁਪਰਵਾਈਜ਼ਰ ਸ੍ਰੀ ਮੋਤੀ ਰਾਮ ਨੇ ਦੱਸਿਆ ਕਿ ਸਾਰੇ ਵੋਟਰਾਂ ਨੂੰ ਡਰਾਫਟ ਵੋਟਰ ਸੂਚੀ ਵਿੱਚ ਆਪਣਾ ਨਾਂ ਚੈੱਕ ਕਰਨ ਵਾਸਤੇ ਵਿਸ਼ੇਸ਼ ਕੈਂਪ ਲਗਾਇਆ ਗਿਆ। ਆਪੋ ਆਪਣੇ ਬੂਥਾਂ ਉੱਪਰ 093 ਦਿਹਾਤੀ ਬਠਿੰਡਾ ਦੇ ਸਾਰੇ ਹੀ ਬੀ.ਐਲ.ਓ ਸਾਹਿਬਾਨ ਸਵੇਰੇ 10 ਵਜੇ ਤੋਂ ਲੈ ਕੇ ਸ਼ਾਮ ਤੱਕ ਹਾਜ਼ਰ ਸਨ। ਬੂਥਾਂ ਉੱਪਰ ਸਵੇਰ ਤੋਂ ਹੀ ਵੋਟਰਾਂ ਨੇ ਆਉਣਾ ਸ਼ੁਰੂ ਕੀਤਾ ਤੇ ਡਰਾਫਟ ਵੋਟਰ ਸੂਚੀ ਚੈੱਕ ਕੀਤੀ ਗਈ। ਇਸ ਸਮੇਂ ਦੌਰਾਨ ਸਾਰੇ ਹੀ ਬੀਐਲਓ ਸਾਹਿਬਾਨ ਨੇ ਭਾਰਤੀ ਚੋਣ ਕਮਿਸ਼ਨ ਦੇ ਟੋਲ ਫਰੀ ਨੰਬਰ 1950 ਸਬੰਧੀ ਵੀ ਜਾਣਕਾਰੀ ਦਿੱਤੀ ਗਈ।





# ਅੰਮ੍ਰਿਤਸਰ ਹਰਿਆਵਲ ਮੰਚ ਸੰਸਥਾ ਨੂੰ ਮਿੰਨੀ ਫਾਰੈਸਟ ਲਗਾਕੇ ਵਾਤਾਵਰਣ ਸੰਭਾਲ/ਸੁਧਾਰ ਲਈ ਮਿਲਿਆ ਸਨਮਾਨ:- ਇੰਜ ਦਲਜੀਤ ਸਿੰਘ ਕੋਹਲੀ



**ਚੌਂਕ ਮਹਿਤਾ 16 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸ੍ਰ ਦਵਿੰਦਰ ਪਾਲ ਸਿੰਘ ਅਤੇ ਲਖਬੀਰ ਸਿੰਘ ਘੁੰਮਣ ਨੇ ਕਿਹਾ ਕਿ 80ਵੇਂ ਆਜ਼ਾਦੀ ਦਿਵਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਵੱਲੋਂ ਅੰਮ੍ਰਿਤਸਰ ਹਰਿਆਵਲ ਮੰਚ ਸੰਸਥਾ ਨੂੰ ਵਾਤਾਵਰਨ ਸੰਭਾਲ, ਹਰਿਆਵਲ ਵਧਾਉਣ ਅਤੇ ਸਮਾਜਿਕ ਜਾਗਰੂਕਤਾ ਦੇ ਖੇਤਰ ਵਿੱਚ ਨਿਭਾਈਆਂ ਜਾ ਰਹੀਆਂ ਵਿਲੱਖਣ ਸੇਵਾਵਾਂ ਲਈ ਸਨਮਾਨਿਤ ਕੀਤਾ ਜਾਣਾ ਕੇਵਲ ਇੱਕ ਸੰਸਥਾ ਦੀ ਪ੍ਰਾਪਤੀ ਨਹੀਂ, ਸਗੋਂ ਗੁਰੂ ਨਗਰੀ ਵਿੱਚ ਚੱਲ ਰਹੇ ਵਾਤਾਵਰਨੀ ਜਨ ਅੰਦੋਲਨ ਦੀ ਇਤਿਹਾਸਕ ਮਾਨਤਾ ਹੈ। ਇੰਜ ਦਲਜੀਤ ਸਿੰਘ ਕੋਹਲੀ ਨੇ ਕਿਹਾ ਕਿ ਅੰਮ੍ਰਿਤਸਰ ਹਰਿਆਵਲ ਮੰਚ ਨੇ ਪਿਛਲੇ ਕਈ ਸਾਲਾਂ ਦੌਰਾਨ ਨਿਰੰਤਰ ਸੇਵਾ ਭਾਵ, ਦੂਰਅੰਦੇਸ਼ੀ ਸੋਚ ਅਤੇ ਲੋਕਾਂ ਦੀ ਭਾਗੀਦਾਰੀ ਨਾਲ ਸਮਾਜ ਵਿੱਚ ਆਪਣੀ ਵੱਖਰੀ ਪਹਿਚਾਣ ਬਣਾਈ ਹੈ। ਮੰਚ ਵੱਲੋਂ ਰਵਾਇਤੀ ਪੰਜਾਬੀ ਰੁੱਖਾਂ ਦੇ ਮਿੰਨੀ ਫਾਰੈਸਟ ਸਥਾਪਿਤ ਕਰਕੇ ਨਾ ਸਿਰਫ਼ ਹਰਿਆਵਲ ਵਧਾਈ ਗਈ ਹੈ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼ ਹਵਾ, ਜੈਵ-ਵਿਭਿੰਨਤਾ ਅਤੇ ਕੁਦਰਤੀ ਸੰਤੁਲਨ ਨੂੰ ਵੀ ਮਜ਼ਬੂਤ ਕੀਤਾ ਗਿਆ ਹੈ। ਅੱਜ ਤੱਕ ਲਗਾਏ ਗਏ ਦਰਜਨਾਂ ਮਿੰਨੀ ਜੰਗਲ ਇਸ ਗੱਲ ਦੇ ਗਵਾਹ ਹਨ ਕਿ ਜੇਕਰ ਇਰਾਦਾ ਮਜ਼ਬੂਤ ਹੋਵੇ ਤਾਂ ਸਮਾਜਿਕ ਬਦਲਾਅ ਸੰਭਵ ਹੈ। ਇੰਜ ਮਨਜੀਤ ਸਿੰਘ ਸੈਣੀ ਅਤੇ ਗੁਰਮੀਤ ਸਿੰਘ ਭੱਟੀ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ 1947 ਵਿੱਚ ਸਾਡੇ ਸ਼ਹੀਦਾਂ ਨੇ ਦੇਸ਼ ਨੂੰ ਗੁਲਾਮੀ ਤੋਂ ਮੁਕਤ ਕਰਵਾਇਆ ਸੀ, ਪਰ ਅੱਜ ਦੀ ਪੀੜ੍ਹੀ ਦੀ ਜ਼ਿੰਮੇਵਾਰੀ ਹੈ ਕਿ ਉਹ ਪ੍ਰਦੂਸ਼ਣ, ਵਾਤਾਵਰਨੀ ਨਿਘਾਰ, ਨਸ਼ਿਆਂ ਅਤੇ ਸਮਾਜਿਕ ਬੇਰੁਖ਼ੀ ਤੋਂ ਮੁਕਤ ਪੰਜਾਬ ਦੀ ਸਿਰਜਣਾ ਕਰੇ। ਉਨ੍ਹਾਂ ਕਿਹਾ ਕਿ ਰੁੱਖ ਲਗਾਉਣਾ ਕੇਵਲ ਵਾਤਾਵਰਨੀ ਕਾਰਜ ਨਹੀਂ, ਸਗੋਂ ਭਵਿੱਖ ਪ੍ਰਤੀ ਸਾਡੀ ਨੈਤਿਕ ਜ਼ਿੰਮੇਵਾਰੀ ਹੈ ਸ੍ਰੀ ਪੂਨੀਤ ਈਸਾਰ ਅਤੇ ਸ੍ਰ ਕਿਰਪਾਲ ਸਿੰਘ ਬੱਬਰ ਨੇ ਕਿਹਾ ਕਿ ਇਹ ਸਨਮਾਨ ਕਿਸੇ ਇੱਕ ਵਿਅਕਤੀ ਦਾ ਨਹੀਂ, ਸਗੋਂ ਮੰਚ ਨਾਲ ਜੁੜੇ ਹਰ ਵਲੰਟੀਅਰ, ਹਰ ਸਾਥੀ ਅਤੇ ਹਰ ਉਸ ਨਾਗਰਿਕ ਦਾ ਹੈ ਜਿਸ ਨੇ ਵਾਤਾਵਰਨ ਸੰਭਾਲ ਨੂੰ ਆਪਣਾ ਫ਼ਰਜ਼ ਸਮਝਿਆ। ਇਹ ਪ੍ਰਸ਼ੰਸਾ ਪੱਤਰ ਸਾਨੂੰ ਰੁਕਣ ਲਈ ਨਹੀਂ, ਸਗੋਂ ਹੋਰ ਵੱਡੇ ਟੀਚਿਆਂ ਵੱਲ ਵਧਣ ਲਈ ਪ੍ਰੇਰਿਤ ਕਰਦਾ ਹੈ

ਡਾ ਨਿਰਮਲ ਸਿੰਘ ਆਨੰਦ ਅਤੇ ਅਵਤਾਰ ਸਿੰਘ ਬੁੱਟਰ ਨੇ ਕਿਹਾ ਕਿ ਪੰਜਾਬ ਦਾ ਭਵਿੱਖ ਸਿਰਫ਼ ਆਰਥਿਕ ਵਿਕਾਸ ਨਾਲ ਨਹੀਂ, ਸਗੋਂ ਹਰਿਆਵਲ, ਸਾਫ਼ ਪਾਣੀ, ਸਿਹਤਮੰਦ ਵਾਤਾਵਰਨ ਅਤੇ ਜਾਗਰੂਕ ਨੌਜਵਾਨੀ ਨਾਲ ਸੁਰੱਖਿਅਤ ਹੋਵੇਗਾ। ਇਸ ਲਈ ਸਮਾਜ ਦੇ ਹਰ ਵਰਗ ਨੂੰ ਵਾਤਾਵਰਨੀ ਅੰਦੋਲਨ ਦਾ ਹਿੱਸਾ ਬਣਨਾ ਪਵੇਗਾ

ਸ੍ਰੀ ਕਮਲ ਡਾਲਮੀਆ ਨੇ ਸਮੂਹ ਸ਼ਹਿਰ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਓ, ਇਸ ਸਨਮਾਨ ਨੂੰ ਇੱਕ ਨਵੀਂ ਸ਼ੁਰੂਆਤ ਬਣਾਈਏ। ਹਰ ਪਰਿਵਾਰ ਘੱਟੋ-ਘੱਟ ਇੱਕ ਰੁੱਖ ਲਗਾਉਣ ਅਤੇ ਉਸਦੀ ਸੰਭਾਲ ਦਾ ਸੰਕਲਪ ਲਵੇ, ਪਾਣੀ ਦੀ ਬਚਤ ਕਰੇ, ਪਲਾਸਟਿਕ ਦੀ ਵਰਤੋਂ ਘਟਾਏ ਅਤੇ ਇੱਕ ਨਸ਼ਾ-ਮੁਕਤ, ਹਰਿਆ-ਭਰਿਆ ਅਤੇ ਖ਼ੁਸ਼ਹਾਲ ਪੰਜਾਬ ਸਿਰਜਣ ਵਿੱਚ ਆਪਣਾ ਯੋਗਦਾਨ ਪਾਵੇ।

ਇੰਜ ਕੁਲਦੀਪ ਸਿੰਘ ਬੋਪਾਰਾਏ, ਮਨਦੀਪ ਸਿੰਘ ਅਤੇ ਹਰਜੀਤ ਸਿੰਘ ਨੇ ਕਿਹਾ ਕਿ ਅੰਮ੍ਰਿਤਸਰ ਹਰਿਆਵਲ ਮੰਚ ਨੂੰ ਮਿਲਿਆ ਇਹ ਸਨਮਾਨ ਦਰਅਸਲ ਉਸ ਸੋਚ ਦਾ ਸਨਮਾਨ ਹੈ ਜੋ ਮੰਨਦੀ ਹੈ ਕਿ ਦੇਸ਼ ਦੀ ਅਸਲ ਤਰੱਕੀ ਉਸ ਵੇਲੇ ਹੁੰਦੀ ਹੈ ਜਦੋਂ ਅਸੀਂ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਹੋਰ ਹਰਿਆ-ਭਰਿਆ, ਸਾਫ਼-ਸੁਥਰਾ ਅਤੇ ਸੁਰੱਖਿਅਤ ਭਵਿੱਖ ਛੱਡ ਕੇ ਜਾਂਦੇ ਹਾਂ।

# ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ ਚੂੰਘ ਵਿੱਚ ਮਨਾਇਆ ਗਿਆ ਅਜ਼ਾਦੀ ਦਿਵਸ



**ਚੌਂਕ ਮਹਿਤਾ, 16 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਇਲਾਕੇ ਦੀ ਨਾਮਵਾਰ ਸੰਸਥਾ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਸੀ ਸੈ ਸਕੂਲ, ਚੂੰਘ ਵਿੱਚ 15 ਅਗਸਤ ਅਜ਼ਾਦੀ ਦਿਵਸ ਮਨਾਇਆ ਗਿਆ। ਜਿਸਦੀ ਸ਼ੁਰੂਆਤ ਤਿਰੰਗਾ ਝੰਡਾ ਲਹਿਰਾ ਕੇ ਕੀਤੀ ਗਈ। ਇਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਦੇਸ਼ ਦੀ ਆਜ਼ਾਦੀ ਦੀ ਲਹਿਰ ਨਾਲ ਸੰਬੰਧਿਤ ਭਾਸ਼ਣ, ਗੀਤ ਅਤੇ ਕਵਿਤਾਵਾਂ ਪੇਸ਼ ਕੀਤੀਆਂ ਗਈਆਂ। ਵਿਦਿਆਰਥੀਆਂ ਵੱਲੋਂ ਭੰਗੜਾ ਅਤੇ ਗਿੱਧੇ ਨਾਲ ਅਜ਼ਾਦੀ ਦਿਵਸ ਦਾ ਜਸ਼ਨ ਮਨਾਇਆ ਗਿਆ। ਸੰਸਥਾ ਵੱਲੋ ਚਿੱਤਰਕਲਾ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਵਿਦਿਆਰਥੀਆਂ ਨੇ ਜ਼ੋਸ਼ ਨਾਲ ਹਿੱਸਾ ਲਿਆ। ਚੇਅਰਮੈਨ ਰਘਬੀਰ ਸਿੰਘ ਸੋਹਲ ਨੇ ਵਿਦਿਆਰਥੀਆਂ ਨੂੰ ਦੇਸ਼ ਦੀ ਅਜ਼ਾਦੀ ਦੀ ਮਹੱਤਤਾ ਨਾਲ ਜਾਣੂ ਕਰਵਾਇਆ। ਇਸ ਮੌਕੇ ਡਾਇਰੈਕਟਰ ਪ੍ਰਿੰਸੀਪਲ ਜਸਪ੍ਰੀਤ ਕੌਰ ਸੋਹਲ, ਪ੍ਰਿੰਸੀਪਲ ਮਨਤੇਸ਼ ਕੁਮਾਰ (ਪੀ ਐੱਸ ਈ ਬੀ), ਪ੍ਰਿੰਸੀਪਲ ਮਨਪ੍ਰੀਤ ਕੌਰ ਛੀਨਾ (ਸੀ ਬੀ ਐਸ ਈ), ਹਰਪ੍ਰੀਤ ਕੌਰ,ਅਮਰਜੀਤ ਸਿੰਘ, ਉਪਿੰਦਰਜੀਤ ਕੌਰ ਅਤੇ ਹੋਰ ਸਟਾਫ ਮੈਂਬਰ ਹਾਜ਼ਿਰ ਸਨ।

# ਐਚਐਮਈਐਲ ਟਾਊਨਸ਼ਿਪ ਵਿੱਚ ਮਨਾਇਆ ਗਿਆ ਆਜ਼ਾਦੀ ਦਿਵਸ









ਤਲਵੰਡੀ ਸਾਬੋ, 16 ਅਗਸਤ (ਗੁਰਜੰਟ ਸਿੰਘ ਨਥੇਹਾ)– ਐਚਐਮਈਐਲ ਟਾਊਨਸ਼ਿਪ ਵਿੱਚ 80ਵਾਂ ਆਜ਼ਾਦੀ ਦਿਵਸ ਦੇਸ਼ ਭਗਤੀ ਦੇ ਜਜ਼ਬੇ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਫੇਜ਼–99 ਗਰਾਊਂਡ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਐਚਐਮਈਐਲ ਦੇ ਚੀਫ਼ ਓਪਰੇਟਿੰਗ ਅਫ਼ਸਰ ਸ੍ਰੀ ਐਮ. ਬੀ. ਗੋਹਿਲ ਨੇ ਮੁੱਖ ਮਹਿਮਾਨ ਵਜੋਂ ਕੌਮੀ ਝੰਡਾ ਲਹਿਰਾਇਆ। ਇਸ ਮੌਕੇ ਐਚਐਮਈਐਲ ਦੇ ਸਾਰੇ ਵਾਈਸ ਪ੍ਰੈਜ਼ੀਡੈਂਟਸ, ਸੀਨੀਅਰ ਅਧਿਕਾਰੀ, ਕਰਮਚਾਰੀ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰ ਹਾਜ਼ਰ ਸਨ। ਝੰਡਾ ਲਹਿਰਾਉਣ ਅਤੇ ਰਾਸ਼ਟਰੀ ਗੀਤ ਤੋਂ ਬਾਅਦ ਸ੍ਰੀ ਐਮ. ਬੀ. ਗੋਹਿਲ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਰਾਸ਼ਟਰ ਨਿਰਮਾਣ ਵਿੱਚ ਐਚਐਮਈਐਲ ਦੀ ਭੂਮਿਕਾ ਅਤੇ ਯੋਗਦਾਨ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਊਰਜਾ ਖੇਤਰ ਵਿੱਚ ਐਚਐਮਈਐਲ ਦਾ ਯੋਗਦਾਨ ਦੇਸ਼ ਦੀ ਊਰਜਾ ਸੁਰੱਖਿਆ ਨੂੰ ਮਜ਼ਬੂਤ ਕਰਨ ਅਤੇ ਆਰਥਿਕ ਵਿਕਾਸ ਨੂੰ ਹੁਲਾਰਾ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇੱਕ ਜ਼ਿੰਮੇਵਾਰ ਕਾਰਪੋਰੇਟ ਵਜੋਂ ਐਚਐਮਈਐਲ ਆਪਣੀਆਂ ਕਾਰੋਬਾਰੀ ਜ਼ਿੰਮੇਵਾਰੀਆਂ ਦੇ ਨਾਲ–ਨਾਲ ਆਸ–ਪਾਸ ਦੇ ਭਾਈਚਾਰਿਆਂ ਦੇ ਸਮਾਜਿਕ ਅਤੇ ਆਰਥਿਕ ਵਿਕਾਸ ਲਈ ਵੀ ਲਗਾਤਾਰ ਵਚਨਬੱਧ ਹੈ। ਉਨ੍ਹਾਂ ਨੇ ਐਚਐਮਈਐਲ ਵੱਲੋਂ ਸਿੱਖਿਆ, ਸਿਹਤ ਸੇਵਾਵਾਂ, ਮਹਿਲਾ ਸਸ਼ਕਤੀਕਰਨ, ਹੁਨਰ ਵਿਕਾਸ, ਯੁਵਾ ਅਤੇ ਖੇਡਾਂ, ਵਾਤਾਵਰਣ ਸੰਭਾਲ ਅਤੇ ਪੇਂਡੂ ਵਿਕਾਸ ਦੇ ਖੇਤਰਾਂ ਵਿੱਚ ਕੀਤੇ ਜਾ ਰਹੇ ਉਪਰਾਲਿਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਕਿਸੇ ਵੀ ਦੇਸ਼ ਦੀ ਤਰੱਕੀ ਸਿਰਫ਼ ਆਰਥਿਕ ਵਿਕਾਸ ਤੱਕ ਸੀਮਿਤ ਨਹੀਂ ਹੁੰਦੀ, ਸਗੋਂ ਸਮਾਜ ਦੇ ਹਰ ਵਰਗ ਦੇ ਜੀਵਨ ਵਿੱਚ ਸਕਾਰਾਤਮਕ ਅਤੇ ਅਰਥਪੂਰਨ ਬਦਲਾਅ ਲਿਆਉਣਾ ਵੀ ਉਤਨਾ ਹੀ ਮਹੱਤਵਪੂਰਨ ਹੈ। ਉਨ੍ਹਾਂ ਐਚਐਮਈਐਲ ਪਰਿਵਾਰ ਨੂੰ ਜ਼ਿੰਮੇਵਾਰੀ, ਨਵੀਨਤਾ, ਸੁਰੱਖਿਆ ਅਤੇ ਉੱਤਮਤਾ ਦੀ ਭਾਵਨਾ ਨਾਲ ਰਾਸ਼ਟਰ ਨਿਰਮਾਣ ਵਿੱਚ ਆਪਣਾ ਯੋਗਦਾਨ ਜਾਰੀ ਰੱਖਣ ਦਾ ਸੱਦਾ ਦਿੱਤਾ। ਸਮਾਗਮ ਦੌਰਾਨ ਦ ਮਿਲੇਨੀਅਮ ਸਕੂਲ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਨਾਲ ਭਰਪੂਰ ਸ਼ਾਨਦਾਰ ਸੱਭਿਆਚਾਰਕ ਪੇਸ਼ਕਾਰੀਆਂ ਦਿੱਤੀਆਂ ਗਈਆਂ। ਵਿਦਿਆਰਥੀਆਂ ਦੀਆਂ ਪ੍ਰਭਾਵਸ਼ਾਲੀ ਪੇਸ਼ਕਾਰੀਆਂ ਨੇ ਸਮਾਗਮ ਵਿੱਚ ਜੋਸ਼ ਅਤੇ ਉਤਸ਼ਾਹ ਭਰ ਦਿੱਤਾ ਅਤੇ ਸਾਰਿਆਂ ਨੂੰ ਦੇਸ਼ ਪ੍ਰਤੀ ਮਾਣ ਅਤੇ ਜ਼ਿੰਮੇਵਾਰੀ ਦੀ ਭਾਵਨਾ ਨਾਲ ਪ੍ਰੇਰਿਤ ਕੀਤਾ। ਇਸ ਮੌਕੇ ਐਚਐਮਈਐਲ ਸੁਰੱਖਿਆ ਟੀਮ ਦੇ ਮੈਂਬਰਾਂ ਨੂੰ ਉਨ੍ਹਾਂ ਦੀ ਸਮਰਪਣ ਭਾਵਨਾ ਅਤੇ ਵਚਨਬੱਧਤਾ ਲਈ ਸਨਮਾਨਿਤ ਵੀ ਕੀਤਾ ਗਿਆ। ਸਮਾਗਮ ਦੌਰਾਨ ਕਰਮਚਾਰੀਆਂ ਅਤੇ ਸੁਰੱਖਿਆ ਕਰਮਚਾਰੀਆਂ ਲਈ ਰੱਸਾਕਸ਼ੀ ਮੁਕਾਬਲੇ ਸਮੇਤ ਵੱਖ–ਵੱਖ ਮਨੋਰੰਜਕ ਅਤੇ ਭਾਗੀਦਾਰੀ ਵਾਲੀਆਂ ਗਤੀਵਿਧੀਆਂ ਵੀ ਕਰਵਾਈਆਂ ਗਈਆਂ। ਸਮਾਗਮ ਦਾ ਸਮਾਪਨ ਤਿਰੰਗੇ ਗੁਬਾਰੇ ਅਸਮਾਨ ਵਿੱਚ ਛੱਡਣ ਅਤੇ ਮਿਠਾਈ ਵੰਡਣ ਨਾਲ ਹੋਇਆ। ਇਸ ਨਾਲ ਸਮਾਗਮ ਦਾ ਮਾਹੌਲ ਹੋਰ ਵੀ ਖ਼ੁਸ਼ੀ ਅਤੇ ਉਤਸਵ ਨਾਲ ਭਰ ਗਿਆ ਅਤੇ ਇਹ ਦਿਨ ਸਾਰਿਆਂ ਲਈ ਯਾਦਗਾਰ ਬਣ ਗਿਆ। ਆਜ਼ਾਦੀ ਦਿਵਸ ਸਮਾਗਮ ਨੇ ਐਚਐਮਈਐਲ ਦੀ ਦੇਸ਼ ਭਗਤੀ, ਏਕਤਾ, ਸਮੂਹਿਕ ਜ਼ਿੰਮੇਵਾਰੀ ਅਤੇ ਰਾਸ਼ਟਰ ਨਿਰਮਾਣ ਪ੍ਰਤੀ ਵਚਨਬੱਧਤਾ ਨੂੰ ਦਰਸਾਇਆ। ਐਚਐਮਈਐਲ ਨੇ ਦੇਸ਼ ਦੀ ਤਰੱਕੀ ਵਿੱਚ ਆਪਣੇ ਯੋਗਦਾਨ ਨੂੰ ਹੋਰ ਮਜ਼ਬੂਤ ਕਰਨ ਅਤੇ ਸਮਾਜ ਦੇ ਟਿਕਾਊ ਅਤੇ ਸਮਾਵੇਸ਼ੀ ਵਿਕਾਸ ਲਈ ਲਗਾਤਾਰ ਯਤਨ ਕਰਨ ਦੇ ਆਪਣੇ ਸੰਕਲਪ ਨੂੰ ਦੁਹਰਾਇਆ।

## 80ਵੇਂ ਆਜ਼ਾਦੀ ਦਿਵਸ ਮੌਕੇ ਗੌਰਵ ਡਾਇਗਨੋਸਟਿਕ ਸੈਂਟਰ ਵਿਖੇ

# ਐੱਸ ਐਮ ਓ ਤਲਵੰਡੀ ਸਾਬੋ ਡਾ. ਰਵੀ ਕਾਂਤ ਗੁਪਤਾ ਵੱਲੋਂ ਲਹਿਰਾਇਆ ਕੌਮੀ ਝੰਡਾ




ਤਲਵੰਡੀ ਸਾਬੋ, 16 ਅਗਸਤ (ਗੁਰਜੰਟ ਸਿੰਘ ਨਥੇਹਾ)– 80ਵੇਂ ਆਜ਼ਾਦੀ ਦਿਵਸ ਸਮਾਗਮ ਮੌਕੇ ਗੌਰਵ ਡਾਇਗਨੋਸਟਿਕ ਸੈਂਟਰ, ਰਾਮਪੁਰਾ ਫੂਲ ਵਿਖੇ ਦੇਸ਼ ਭਗਤੀ ਅਤੇ ਉਤਸ਼ਾਹ ਭਰੇ ਮਾਹੌਲ ਵਿੱਚ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ। ਇਸ ਮੌਕੇ ਡਾ. ਰਵੀ ਕਾਂਤ ਗੁਪਤਾ, ਐੱਸ.ਐੱਮ.ਓ. ਤਲਵੰਡੀ ਸਾਬੋ ਅਤੇ ਸਕੱਤਰ, ਆਈ.ਐੱਮ.ਏ. ਬਠਿੰਡਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਸਮਾਗਮ ਦੀ ਪ੍ਰਧਾਨਗੀ ਕੀਤੀ। ਸਮਾਗਮ ਦੌਰਾਨ ਡਾ. ਰਵੀ ਕਾਂਤ ਗੁਪਤਾ ਨੇ ਕੌਮੀ ਝੰਡਾ ਲਹਿਰਾਇਆ ਅਤੇ ਤਿਰੰਗੇ ਨੂੰ ਸਲਾਮੀ ਦਿੱਤੀ। ਇਸ ਉਪਰੰਤ ਉਨ੍ਹਾਂ ਨੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਮਹਾਨ ਆਜ਼ਾਦੀ ਘੁਲਾਟੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ। ਸਮਾਗਮ ਵਿੱਚ ਹਾਜ਼ਰ ਸਮੂਹ ਸਟਾਫ਼ ਅਤੇ ਹੋਰ ਪਤਵੰਤਿਆਂ ਵੱਲੋਂ ਵੀ ਕੌਮੀ ਝੰਡੇ ਨੂੰ ਸਨਮਾਨ ਭੇਟ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਡਾ. ਰਵੀ ਕਾਂਤ ਗੁਪਤਾ ਨੇ ਕਿਹਾ ਕਿ ਆਜ਼ਾਦੀ ਸਾਨੂੰ ਮਹਾਨ ਆਜ਼ਾਦੀ ਘੁਲਾਟੀਆਂ ਦੀਆਂ ਅਣਗਿਣਤ ਕੁਰਬਾਨੀਆਂ ਤੋਂ ਬਾਅਦ ਪ੍ਰਾਪਤ ਹੋਈ ਹੈ। ਉਨ੍ਹਾਂ ਕਿਹਾ ਕਿ ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਆਪਣੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਆਪਣੀ ਜ਼ਿੰਮੇਵਾਰੀ ਇਮਾਨਦਾਰੀ ਨਾਲ ਨਿਭਾਈਏ। ਉਨ੍ਹਾਂ ਕਿਹਾ ਕਿ ਆਜ਼ਾਦੀ ਦਿਵਸ ਸਿਰਫ਼ ਤਿਰੰਗਾ ਲਹਿਰਾਉਣ ਦਾ ਦਿਨ ਨਹੀਂ, ਸਗੋਂ ਉਨ੍ਹਾਂ ਮਹਾਨ ਸ਼ਹੀਦਾਂ ਅਤੇ ਆਜ਼ਾਦੀ ਘੁਲਾਟੀਆਂ ਨੂੰ ਯਾਦ ਕਰਨ ਦਾ ਮੌਕਾ ਵੀ ਹੈ, ਜਿਨ੍ਹਾਂ ਨੇ ਦੇਸ਼ ਦੀ ਆਜ਼ਾਦੀ ਲਈ ਆਪਣਾ ਸਭ ਕੁਝ ਕੁਰਬਾਨ ਕਰ ਦਿੱਤਾ। ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ ਅਤੇ ਸਮਾਜ ਵਿੱਚ ਭਾਈਚਾਰਕ ਸਾਂਝ, ਸਦਭਾਵਨਾ ਅਤੇ ਦੇਸ਼ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਮਜ਼ਬੂਤ ਕਰਨ ਦਾ ਸੱਦਾ ਦਿੱਤਾ। ਸਮਾਗਮ ਦੌਰਾਨ ਗੌਰਵ ਡਾਇਗਨੋਸਟਿਕ ਸੈਂਟਰ ਦੇ ਮਾਲਕ ਡਾ. ਗੌਰਵ ਗਰਗ ਅਤੇ ਡਾ. ਸਾਕਸ਼ੀ ਨੇ ਦੇਸ਼ ਦੀ ਆਜ਼ਾਦੀ ਅਤੇ ਕੌਮੀ ਏਕਤਾ ਪ੍ਰਤੀ ਆਪਣੀ ਵਚਨਬੱਧਤਾ ਪ੍ਰਗਟਾਈ। ਸਮਾਗਮ ਦੇ ਅੰਤ ਵਿੱਚ ਸਮੂਹ ਹਾਜ਼ਰੀਨ ਨੇ ਦੇਸ਼ ਦੀ ਖੁਸ਼ਹਾਲੀ, ਤਰੱਕੀ ਅਤੇ ਏਕਤਾ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਗੌਰਵ ਡਾਇਗਨੋਸਟਿਕ ਸੈਂਟਰ ਦਾ ਸਮੁੱਚਾ ਸਟਾਫ਼, ਮਰੀਜ਼ ਅਤੇ ਵੱਡੀ ਗਿਣਤੀ ਵਿੱਚ ਆਮ ਲੋਕ ਹਾਜ਼ਰ ਸਨ।

# ਬਾਬਾ ਸਾਹਿਬ ਦੇ ਟੀਚਿਆਂ ਨੂੰ ਪੂਰਾ ਕਰਨ ਲਈ ਅਧਿਕਾਰ ਸੰਘਰਸ਼ ਪਾਰਟੀ ਤੁਹਾਡੇ ਦੁਆਰ --: ਇੰਜ ਗੁਰਬਖਸ਼ ਸਿੰਘ ਸ਼ੇਰਗਿੱਲ



**ਜੰਡਿਆਲਾ ਗੁਰੂ, 16 ਅਗਸਤ ( ਕੁਲਵੰਤ ਸਿੰਘ ਵਿਰਦੀ)**-ਅੱਜ ਆਪਣੀ ਟੀਮ ਨਾਲ ਦੁਆਬਾ ਖੇਤਰ ਦੇ ਦੌਰੇ ਤੋਂ ਵਾਪਸ ਪਰਤਦੇ ਸਮੇਂ ਟਾਂਗਰਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਧਿਕਾਰ ਸੰਘਰਸ਼ ਪਾਰਟੀ ਦੇ ਕੌਮੀ ਪ੍ਰਧਾਨ ਇੰਜ ਗੁਰਬਖਸ਼ ਸਿੰਘ ਸ਼ੇਰਗਿੱਲ ਨੇ ਕਿਹਾ ਕਿ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਟੀਚਿਆਂ ਨੂੰ ਪੂਰਾ ਕਰਨ ਲਈ ਅਸੀਂ ਪੰਜਾਬ ਅਤੇ ਦੇਸ਼ ਦੇ ਕੋਨੇ ਕੋਨੇ ਵਿੱਚ ਜਾ ਰਹੇ ਹਾਂ। ਦਸੂਹਾ, ਮੁਕੇਰੀਆਂ ਅਤੇ ਗੁਰਦਾਸਪੁਰ ਦੇ ਲੋਕਾਂ ਵਲੋਂ ਔਰਤਾਂ ਨੂੰ ਬਰਾਬਰ ਮੌਕੇ ਅਤੇ ਵੱਧ ਅਧਿਕਾਰ ਦੇਣ ਦੇ ਪ੍ਰੋਗਰਾਮ ਨੂੰ ਲੋਕਾਂ ਵਲੋਂ ਸਮੇਂ ਦੀ ਲੋੜ ਦੱਸਿਆ। ਇੰਜ ਸ਼ੇਰਗਿੱਲ ਨੇ ਦੱਸਿਆ ਕਿ ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਆਉਣ ਤੇ ਪਹਿਲੇ ਹੀ ਸਾਲ ਇਕ ਲੱਖ ਨੌਕਰੀਆਂ ਦੇਣਾ, ਬਜ਼ੁਰਗਾਂ, ਵਿਧਵਾ ਔਰਤਾਂ ਅਤੇ ਅੰਗਹੀਣ ਲੋਕਾਂ ਨੂੰ 5100/ਰੁਪਏ ਮਹੀਨਾ ਪੈਨਸ਼ਨ ਦੇਵਾਂਗੇ। ਲਾਲ ਲਕੀਰ ਤੇ ਕਾਬਜ਼ ਲੋਕਾਂ ਨੂੰ ਮਾਲਕੀ ਦੇ ਸਰਟੀਫਿਕੇਟ ਦੀ ਥਾਂ ਰਜਿਸਟਰੀਆਂ ਕਰਕੇ ਦੇਵਾਂਗੇ । ਸਰਕਾਰੀ ਖਜ਼ਾਨੇ ਨੂੰ ਭਰਨ ਲਈ ਰੇਤਾ ਬਜਰੀ ਨੂੰ ਕੰਟਰੋਲ ਕਰਨ ਲਈ ਮਾਈਨਿੰਗ ਕਾਰਪੋਰੇਸ਼ਨ ਅਤੇ ਸ਼ਰਾਬ ਤੇ ਕੰਟਰੋਲ ਕਰਨ ਲਈ ਐਕਸਾਈਜ਼ ਕਾਰਪੋਰੇਸ਼ਨ ਬਣਾਵਾਂਗੇ। ਸਾਰੇ ਮਹਿਕਮਿਆਂ ਵਿੱਚ ਮੁਲਾਜ਼ਮਾਂ ਦੀ ਖਾਲੀ ਪੋਸਟਾਂ ਭਰਨ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ। ਸ਼ਭ ਲਈ ਬਰਾਬਰ ਮੌਕੇ ਅਤੇ ਸ਼ਭ ਦਾ ਬਰਾਬਰ ਸਤਿਕਾਰ ਨੂੰ ਅਧਾਰ ਬਣਾ ਕੇ ਕੰਮ ਕੀਤਾ ਜਾਵੇਗਾ। ਮੀਟਿੰਗ ਵਿੱਚ ਮੁਕੇਰੀਆਂ ਤੋਂ ਰੋਹਿਤ ਚੱਕ, ਸੁਖਦੇਵ ਸਿੰਘ ਧਾਲੀਵਾਲ, ਸੁਲੱਖਣ ਸਿੰਘ, ਸੁਖਦੇਵ ਸਿੰਘ ਰਾਜਾਸਾਂਸੀ ਅਤੇ ਪਾਰਟੀ ਮੀਡੀਆ ਇੰਚਾਰਜ ਹਰਪ੍ਰੀਤ ਸਿੰਘ ਗਿੱਲ ਹਾਜ਼ਰ ਸਨ।

# ਪਿੰਡ ਜਾਣੀਆ ਵਿੱਚ ਲੱਗਿਆ ਵਿਸ਼ੇਸ਼ ਸਿਹਤ ਜਾਂਚ ਕੈਂਪ, ਲੋਕਾਂ ਨੇ ਲਿਆ ਭਰਪੂਰ ਲਾਭ, ਗੁਰਦਿਆਂ ਨਾਲ ਸਬੰਧਤ 6 ਟੈਸਟ ਮੁਫ਼ਤ, ਬਾਕੀ ਟੈਸਟਾਂ 'ਤੇ 75 ਫੀਸਦੀ ਤੱਕ ਵਿਸ਼ੇਸ਼ ਛੋਟ



**ਜੰਡਿਆਲਾ ਗੁਰੂ, 16 ਅਗਸਤ ( ਕੁਲਵੰਤ ਸਿੰਘ ਵਿਰਦੀ )**-ਪਿੰਡ ਜਾਣੀਆ ਵਿੱਚ ਸਾਬਕਾ ਸੈਨਿਕ ਕਿਸਾਨ ਮਜ਼ਦੂਰ ਕਮੇਟੀ (ਅੰਮ੍ਰਿਤਸਰ), ਪੰਜਾਬ—ਹਲਕਾ ਬਲਾਕ ਜੰਡਿਆਲਾ ਗੁਰੂ ਵੱਲੋਂ ਜੋਨਲ ਪ੍ਰਧਾਨ ਅਤੇ ਕਾਨੂੰਨ ਵਿਭਾਗ ਦੇ ਮੁਖੀ ਸਰਬਜੀਤ ਸਿੰਘ ਵਿਰਕ ਦੀ ਅਗਵਾਈ ਹੇਠ ਵਿਸ਼ੇਸ਼ ਸਿਹਤ ਜਾਂਚ ਕੈਂਪ ਲਗਾਇਆ ਗਿਆ। ਇਹ ਕੈਂਪ ਪਿੰਡ ਦੇ ਵੱਡੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ।ਕੈਂਪ ਦੌਰਾਨ ਮੈਨੇਜਰ ਰਜਿੰਦਰ ਸਿੰਘ ਅਤੇ ਲਾਈਫ ਕੇਅਰ ਫਾਊਂਡੇਸ਼ਨ ਲੈਬੋਰੇਟਰੀ ਦੀ ਟੀਮ ਵੱਲੋਂ ਪੰਜਾਬ ਸਵਾਸਥ ਮਿਸ਼ਨ ਤਹਿਤ ਵੱਖ–ਵੱਖ ਲੈਬੋਰੇਟਰੀ ਟੈਸਟ ਕੀਤੇ ਗਏ। ਇਸ ਮੌਕੇ ਗੁਰਦਿਆਂ ਨਾਲ ਸਬੰਧਤ 6 ਟੈਸਟ ਮੁਫ਼ਤ ਕੀਤੇ ਗਏ, ਜਦਕਿ ਹੋਰਨਾਂ ਟੈਸਟਾਂ 'ਤੇ 75 ਫੀਸਦੀ ਤੱਕ ਦੀ ਵਿਸ਼ੇਸ਼ ਛੋਟ ਦਿੱਤੀ ਗਈ।ਪਿੰਡ ਵਾਸੀਆਂ ਨੇ ਇਸ ਲੋਕ–ਭਲਾਈ ਦੇ ਉਪਰਾਲੇ ਦਾ ਵੱਧ–ਚੜ੍ਹ ਕੇ ਲਾਭ ਲਿਆ ਅਤੇ ਪ੍ਰਬੰਧਕਾਂ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਕੈਂਪ ਨੂੰ ਸਫਲ ਬਣਾਉਣ ਵਿੱਚ ਇੰਸਪੈਕਟਰ ਸੁਖਦੇਵ ਸਿੰਘ, ਸੂਬੇਦਾਰ ਰਜਿੰਦਰ ਸਿੰਘ, ਸੂਬੇਦਾਰ ਮੇਜਰ ਗੁਰਭਾਗ ਸਿੰਘ, ਸੂਬੇਦਾਰ ਸ਼ਿੰਦਰਪਾਲ ਸਿੰਘ, ਬਲਬੀਰ ਸਿੰਘ, ਐਸ.ਆਈ. ਜਸਵੰਤ ਸਿੰਘ, ਗੁਰਮੇਹਰ ਸਿੰਘ, ਐਸ.ਆਈ. ਸੁਖਦੇਵ ਸਿੰਘ ਅਤੇ ਗੁਰਜਿੰਦਰ ਸਿੰਘ ਸਮੇਤ ਪਿੰਡ ਦੇ ਪਤਵੰਤੇ ਸੱਜਣਾਂ ਅਤੇ SSKMC (1), ਪੰਜਾਬ ਦੀ ਪ੍ਰਬੰਧਕੀ ਟੀਮ ਨੇ ਸਹਿਯੋਗ ਦਿੱਤਾ।ਅੰਤ ਵਿੱਚ ਸਰਬਜੀਤ ਸਿੰਘ ਵਿਰਕ ਨੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ, ਸਮੂਹ ਸੰਗਤਾਂ ਅਤੇ ਲਾਈਫ ਕੇਅਰ ਫਾਊਂਡੇਸ਼ਨ ਲੈਬੋਰੇਟਰੀ ਦੀ ਟੀਮ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਿਹਤ, ਭਲਾਈ ਅਤੇ ਸੇਵਾ ਲਈ ਅਜਿਹੇ ਲੋਕ–ਹਿਤੈਸ਼ੀ ਉਪਰਾਲੇ ਭਵਿੱਖ ਵਿੱਚ ਵੀ ਜਾਰੀ ਰੱਖੇ ਜਾਣਗੇ। ਉਨ੍ਹਾਂ ਕਿਹਾ, "ਸੇਵਾ ਹੀ ਸਭ ਤੋਂ ਵੱਡਾ ਧਰਮ ਹੈ।"

# ਕੈਬਨਿਟ ਮੰਤਰੀਆਂ ਹਰਪਾਲ ਸਿੰਘ ਚੀਮਾ ਅਤੇ ਤਰੁਨਪ੍ਰੀਤ ਸਿੰਘ ਸੌਂਦ ਨੇ ਸ਼ਹੀਦ ਮਾਸਟਰ ਕਰਨੈਲ ਸਿੰਘ ਈਸੜੂ ਨੂੰ ਸ਼ਰਧਾ ਦੇ ਫੁੱਲ ਕੀਤੇ ਭੇਂਟ

**ਖੰਨਾ 16 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਕੈਬਨਿਟ ਮੰਤਰੀਆਂ ਸ੍ਰੀ ਹਰਪਾਲ ਸਿੰਘ ਚੀਮਾ ਅਤੇ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਸ਼ਨੀਵਾਰ ਨੂੰ ਸ਼ਹੀਦ ਮਾਸਟਰ ਕਰਨੈਲ ਸਿੰਘ ਈਸੜੂ ਦੇ ਜੱਦੀ ਪਿੰਡ ਈਸੜੂ ਵਿਖੇ ਉਨ੍ਹਾਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਰਾਜ ਪੱਧਰੀ ਸਮਾਗਮ ਦੌਰਾਨ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਸ਼ਹੀਦ ਨੇ ਪੁਰਤਗਾਲੀ ਸ਼ਾਸਨ ਤੋਂ ਗੋਆ ਨੂੰ ਆਜ਼ਾਦ ਕਰਵਾਉਣ ਸਮੇਂ ਆਪਣੀ ਜਾਨ ਕੁਰਬਾਨ ਕਰ ਦਿੱਤੀ ਸੀ। ਉਨ੍ਹਾਂ ਨੇ ਸ਼ਹੀਦ ਕਰਨੈਲ ਸਿੰਘ ਈਸੜੂ ਦੇ ਬੁੱਤ 'ਤੇ ਫੁੱਲ ਮਾਲਾਵਾਂ ਭੇਟ ਕੀਤੀਆ ਅਤੇ ਸ਼ਹੀਦ ਮਾਸਟਰ ਕਰਨੈਲ ਸਿੰਘ ਈਸੜੂ ਦੀਆਂ ਭਤੀਜੀਆਂ ਜਸਵਿੰਦਰ ਕੌਰ ਅਤੇ ਨਰਿੰਦਰ ਕੌਰ ਨੂੰ ਸਨਮਾਨਿਤ ਵੀ ਕੀਤਾ। ਕੈਬਨਿਟ ਮੰਤਰੀ ਸ੍ਰੀ ਹਰਪਾਲ ਸਿੰਘ ਚੀਮਾ ਨੇ ਸ਼ਹੀਦ ਮਾਸਟਰ ਕਰਨੈਲ ਸਿੰਘ ਈਸੜੂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਪੰਜਾਬੀਆਂ ਨੇ ਹਮੇਸ਼ਾ ਦੇਸ਼ ਦੀ ਏਕਤਾ, ਅਖੰਡਤਾ ਅਤੇ ਅਮਨ–ਸ਼ਾਂਤੀ ਲਈ ਕੁਰਬਾਨੀਆਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਸ਼ਹੀਦ ਮਾਸਟਰ ਕਰਨੈਲ ਸਿੰਘ ਨੇ ਗੋਆ ਦੀ ਆਜ਼ਾਦੀ ਲਈ ਮਹੱਤਵਪੂਰਨ ਯੋਗਦਾਨ ਪਾ ਕੇ ਪੰਜਾਬ ਦੀ ਬਹਾਦਰੀ ਅਤੇ ਦੇਸ਼ਭਗਤੀ ਦੀ ਮਿਸਾਲ ਕਾਇਮ ਕੀਤੀ। ਸ੍ਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸਾਲ 2022 ਵਿੱਚ ਪੰਜਾਬ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਨੂੰ ਇਤਿਹਾਸਕ ਫਤਵਾ ਦਿੱਤਾ ਅਤੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਬਣੀ। ਉਨ੍ਹਾਂ ਦੱਸਿਆ ਕਿ ਸਰਕਾਰ ਨੇ ਲੋਕਾਂ ਨਾਲ ਕੀਤੀਆਂ ਪੰਜ ਗਾਰੰਟੀਆਂ ਨੂੰ ਲਾਗੂ ਕੀਤਾ ਹੈ। 300 ਯੂਨਿਟ ਤੱਕ ਮੁਫ਼ਤ ਬਿਜਲੀ ਕਾਰਨ ਕਰੀਬ 90 ਫੀਸਦੀ ਘਰਾਂ ਦੇ ਬਿਜਲੀ ਬਿੱਲ ਜ਼ੀਰੋ ਆ ਰਹੇ ਹਨ। ਸਕੂਲ ਆਫ਼ ਐਮੀਨੈਂਸ, ਅਧਿਆਪਕਾਂ ਦੀ ਅੰਤਰਰਾਸ਼ਟਰੀ ਪੱਧਰੀ ਟ੍ਰੇਨਿੰਗ ਅਤੇ ਸਰਕਾਰੀ ਸਕੂਲਾਂ ਦੇ ਸ਼ਾਨਦਾਰ ਨਤੀਜੇ ਸਿੱਖਿਆ ਖੇਤਰ ਵਿੱਚ ਵੱਡੀ ਤਬਦੀਲੀ ਦਾ ਸਬੂਤ ਹਨ। ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਸਰਕਾਰ ਨੇ ਸ਼ਹੀਦਾਂ ਦੇ ਪਰਿਵਾਰਾਂ ਲਈ ਇੱਕ ਕਰੋੜ ਰੁਪਏ ਦੀ ਸਨਮਾਨ ਰਾਸ਼ੀ, ਸਿਹਤ ਬੀਮਾ ਯੋਜਨਾ ਤਹਿਤ ਮੁਫ਼ਤ ਇਲਾਜ, ਸੜਕਾਂ ਦਾ ਵਿਕਾਸ, ਖੇਡ ਸਟੇਡੀਅਮ ਅਤੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਵਧਾਏ ਅਤੇ 70 ਹਜ਼ਾਰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ।

80ਵੇਂ ਆਜ਼ਾਦੀ ਦਿਵਸ ਮੌਕੇ ਦਸਮੇਸ਼ ਸਕੂਲ ਤਲਵੰਡੀ ਸਾਬੋ ਵਿਖੇ

# ਐੱਸ.ਡੀ.ਐੱਮ. ਵੀਰਪਾਲ ਕੌਰ ਨੇ ਲਹਿਰਾਇਆ ਤਿਰੰਗਾ





ਤਲਵੰਡੀ ਸਾਬੋ, 16 ਅਗਸਤ (ਗੁਰਜੰਟ ਸਿੰਘ ਨਥੇਹਾ)- ਦੇਸ਼ ਦੀ ਆਜ਼ਾਦੀ ਦੀ 80ਵੀਂ ਵਰ੍ਹੇਗੰਢ ਮੌਕੇ ਦਸਮੇਸ਼ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਸਾਬੋ ਵਿਖੇ ਆਜ਼ਾਦੀ ਦਿਹਾੜਾ ਬੜੀ ਸ਼ਰਧਾ, ਉਤਸ਼ਾਹ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸ਼੍ਰੀਮਤੀ ਵੀਰਪਾਲ ਕੌਰ, ਐੱਸ.ਡੀ.ਐੱਮ. ਤਲਵੰਡੀ ਸਾਬੋ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਰਾਸ਼ਟਰੀ ਝੰਡਾ ਤਿਰੰਗਾ ਲਹਿਰਾਇਆ। ਇਸ ਮੌਕੇ ਉਨ੍ਹਾਂ ਨਾਲ ਰਵਿੰਦਰਜੀਤ ਸਿੰਘ ਤਹਿਸੀਲਦਾਰ ਤਲਵੰਡੀ ਸਾਬੋ, ਵਿਪਿਨ ਕੁਮਾਰ ਕਾਰਜ ਸਾਧਕ ਅਫਸਰ, ਨਗਰ ਕੌਂਸਲ ਤਲਵੰਡੀ ਸਾਬੋ, ਹਰਬੰਸ ਸਿੰਘ ਬੀ.ਡੀ.ਪੀ.ਓ. ਤਲਵੰਡੀ ਸਾਬੋ, ਜਸਜੀਤ ਸਿੰਘ ਡੀ.ਐੱਸ.ਪੀ. ਤਲਵੰਡੀ ਸਾਬੋ, ਅਮਰੀਕ ਸਿੰਘ ਥਾਣਾ ਮੁਖੀ ਤਲਵੰਡੀ ਸਾਬੋ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਮੁਲਾਜ਼ਮ, ਸਕੂਲਾਂ-ਕਾਲਜਾਂ ਦੇ ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਸਨ। ਤਿਰੰਗਾ ਲਹਿਰਾਉਣ ਉਪਰੰਤ ਬੰਦੇ ਮਾਤਰਮ ਅਤੇ ਰਾਸ਼ਟਰੀ ਗੀਤ ਨਾਲ ਸਮਾਗਮ ਦੀ ਸ਼ੁਰੂਆਤ ਹੋਈ। ਇਸ ਤੋਂ ਬਾਅਦ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਮਾਰਚ ਪਾਸਟ ਕੀਤਾ ਗਿਆ। ਐੱਸ.ਡੀ.ਐੱਮ. ਵੀਰਪਾਲ ਕੌਰ ਵੱਲੋਂ ਪਰੇਡ ਦਾ ਨਿਰੀਖਣ ਕੀਤਾ ਗਿਆ ਅਤੇ ਵੱਖ-ਵੱਖ ਟੁਕੜੀਆਂ ਵੱਲੋਂ ਦਿੱਤੀ ਗਈ ਸਲਾਮੀ ਸਵੀਕਾਰ ਕੀਤੀ ਗਈ। ਵਿਦਿਆਰਥੀਆਂ ਵੱਲੋਂ ਪੂਰੇ ਅਨੁਸ਼ਾਸਨ ਅਤੇ ਜੋਸ਼ ਨਾਲ ਕੀਤੇ ਮਾਰਚ ਪਾਸਟ ਨੇ ਸਮਾਗਮ ਵਿੱਚ ਦੇਸ਼ ਭਗਤੀ ਦਾ ਜਜ਼ਬਾ ਭਰ ਦਿੱਤਾ। ਸਮਾਗਮ ਦੌਰਾਨ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ, ਪੰਜਾਬੀ ਸੱਭਿਆਚਾਰ ਅਤੇ ਭਾਰਤ ਦੀ ਏਕਤਾ ਤੇ ਅਖੰਡਤਾ ਨੂੰ ਦਰਸਾਉਂਦੀਆਂ ਰੰਗਾਰੰਗ ਸੱਭਿਆਚਾਰਕ ਪੇਸ਼ਕਾਰੀਆਂ ਦਿੱਤੀਆਂ ਗਈਆਂ। ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਦੇਸ਼ ਭਗਤੀ ਦੇ ਗੀਤ, ਕਵਿਤਾਵਾਂ, ਗਿੱਧਾ, ਭੰਗੜਾ ਅਤੇ ਹੋਰ ਸੱਭਿਆਚਾਰਕ ਆਈਟਮਾਂ ਨੇ ਹਾਜ਼ਰ ਦਰਸ਼ਕਾਂ ਦਾ ਮਨ ਮੋਹ ਲਿਆ। ਇਸ ਮੌਕੇ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਆਪਣੀਆਂ ਸੇਵਾਵਾਂ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣ ਵਾਲੇ ਅਧਿਕਾਰੀਆਂ ਅਤੇ ਮੁਲਾਜ਼ਮਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਸਨਮਾਨਿਤ ਕਰਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ ਗਈ। ਸਮਾਗਮ ਨੂੰ ਸੰਬੋਧਨ ਕਰਦਿਆਂ ਐੱਸ.ਡੀ.ਐੱਮ. ਵੀਰਪਾਲ ਕੌਰ ਨੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਆਜ਼ਾਦੀ ਘੁਲਾਟੀਆਂ ਅਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਉਨ੍ਹਾਂ ਕਿਹਾ ਕਿ ਆਜ਼ਾਦੀ ਸਾਨੂੰ ਅਣਗਿਣਤ ਕੁਰਬਾਨੀਆਂ ਤੋਂ ਬਾਅਦ ਪ੍ਰਾਪਤ ਹੋਈ ਹੈ ਅਤੇ ਸਾਡਾ ਫਰਜ਼ ਹੈ ਕਿ ਅਸੀਂ ਦੇਸ਼ ਦੀ ਏਕਤਾ, ਅਖੰਡਤਾ, ਭਾਈਚਾਰਕ ਸਾਂਝ ਅਤੇ ਤਰੱਕੀ ਲਈ ਆਪਣਾ ਯੋਗਦਾਨ ਪਾਈਏ। ਉਨ੍ਹਾਂ ਵਿਦਿਆਰਥੀਆਂ ਨੂੰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ, ਆਪਣੇ ਮਾਪਿਆਂ ਅਤੇ ਅਧਿਆਪਕਾਂ ਦਾ ਸਤਿਕਾਰ ਕਰਨ ਅਤੇ ਦੇਸ਼ ਦੀ ਤਰੱਕੀ ਵਿੱਚ ਆਪਣੀ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ। ਸਮੁੱਚਾ ਸਮਾਗਮ ਦੇਸ਼ ਭਗਤੀ ਅਤੇ ਉਤਸ਼ਾਹ ਦੇ ਮਾਹੌਲ ਵਿੱਚ ਸੰਪੰਨ ਹੋਇਆ। ਇਸ ਮੌਕੇ ਵੱਡੀ ਗਿਣਤੀ ਵਿੱਚ ਵਿਦਿਆਰਥੀ, ਅਧਿਆਪਕ, ਸਰਕਾਰੀ ਅਧਿਕਾਰੀ-ਕਰਮਚਾਰੀ ਅਤੇ ਸ਼ਹਿਰ ਵਾਸੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

*ਸ਼੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ, ਵੈਰੋ ਵੱਲੋਂ

# ਆਜ਼ਾਦੀ ਦਿਵਸ ਮੌਕੇ ਵਾਘਾ ਬਾਰਡਰ ਦਾ ਵਿਦਿਅਕ ਦੌਰਾ







**ਚੌਕ ਮਹਿਤਾ, 16 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਵੈਰੋ: ਸ਼੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ, ਵੈਰੋ ਵੱਲੋਂ ਆਜ਼ਾਦੀ ਦਿਵਸ ਦੇ ਮੌਕੇ ਵਿਦਿਆਰਥੀਆਂ ਲਈ ਵਾਘਾ ਬਾਰਡਰ ਦਾ ਵਿਸ਼ੇਸ਼ ਵਿਦਿਅਕ ਅਤੇ ਦੇਸ਼ ਭਗਤੀ ਨਾਲ ਭਰਪੂਰ ਦੌਰਾ ਕਰਵਾਇਆ ਗਿਆ। ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਦੇਸ਼ ਪ੍ਰਤੀ ਪਿਆਰ, ਦੇਸ਼ ਭਗਤੀ ਅਤੇ ਸੈਨਿਕਾਂ ਪ੍ਰਤੀ ਸਤਿਕਾਰ ਦੀ ਭਾਵਨਾ ਪੈਦਾ ਕਰਨਾ ਸੀ। ਸਕੂਲ ਦੇ ਡਾਇਰੈਕਟਰ ਸ. ਨਰਿੰਦਰ ਸਿੰਘ ਬਾਠ ਅਤੇ ਸ਼੍ਰੀਮਤੀ ਰਾਜਵੰਤ ਕੌਰ ਬਾਠ ਨੇ ਵਿਦਿਆਰਥੀਆਂ ਨੂੰ ਆਜ਼ਾਦੀ ਦਿਵਸ ਦੀ ਮਹੱਤਤਾ ਅਤੇ ਦੇਸ਼ ਦੀ ਰੱਖਿਆ ਕਰਨ ਵਾਲੇ ਜਵਾਨਾਂ ਦੀਆਂ ਕੁਰਬਾਨੀਆਂ ਬਾਰੇ ਜਾਣੂ ਕਰਵਾਇਆ। ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਸ਼ਕਸ਼ੀ ਬੇਦੀ ਨੇ ਵਿਦਿਆਰਥੀਆਂ ਨੂੰ ਇਸ ਤਰ੍ਹਾਂ ਦੇ ਵਿਦਿਅਕ ਦੌਰਿਆਂ ਰਾਹੀਂ ਦੇਸ਼ ਦੇ ਇਤਿਹਾਸ ਅਤੇ ਸੱਭਿਆਚਾਰ ਨੂੰ ਨੇੜਿਓਂ ਸਮਝਣ ਲਈ ਪ੍ਰੇਰਿਤ ਕੀਤਾ। ਵਿਦਿਆਰਥੀਆਂ ਨੇ ਵਾਘਾ ਬਾਰਡਰ ਵਿਖੇ ਹੋਣ ਵਾਲੀ ਬੀਟਿੰਗ ਰਿਟਰੀਟ ਸੈਰੇਮਨੀ ਨੂੰ ਬੜੇ ਉਤਸ਼ਾਹ ਅਤੇ ਜੋਸ਼ ਨਾਲ ਦੇਖਿਆ। ਜਦੋਂ ਭਾਰਤੀ ਜਵਾਨਾਂ ਵੱਲੋਂ ਦੇਸ਼ ਭਗਤੀ ਅਤੇ ਜੋਸ਼ ਨਾਲ ਪਰੇਡ ਕੀਤੀ ਗਈ ਤਾਂ ਪੂਰਾ ਮਾਹੌਲ ਦੇਸ਼ ਭਗਤੀ ਦੇ ਜਜ਼ਬੇ ਨਾਲ ਗੂੰਜ ਉੱਠਿਆ। ਵਿਦਿਆਰਥੀਆਂ ਨੇ "ਭਾਰਤ ਮਾਤਾ ਕੀ ਜੈ" ਅਤੇ "ਵੰਦੇ ਮਾਤਰਮ" ਦੇ ਨਾਅਰਿਆਂ ਨਾਲ ਆਪਣਾ ਦੇਸ਼ ਪ੍ਰੇਮ ਪ੍ਰਗਟ ਕੀਤਾ। ਇਸ ਦੌਰੇ ਦੌਰਾਨ ਵਿਦਿਆਰਥੀਆਂ ਦੇ ਨਾਲ ਸੰਦੀਪ ਕੌਰ, ਰਮਨਪ੍ਰੀਤ ਕੌਰ ਨਸੀਰਪੁਰ, ਸਿਮਰਨਜੀਤ ਕੌਰ, ਪਰਦੀਪ ਕੌਰ, ਸਰਬਜੀਤ ਕੌਰ, ਮਨਜੀਤ ਕੌਰ, ਜਸਮੀਲ ਕੌਰ, ਕੋਚ ਜੁਗਰਾਜ ਸਿੰਘ, ਜਸਵਿੰਦਰ ਕੌਰ ਅਤੇ ਹੋਰ ਅਧਿਆਪਕ ਮੌਜੂਦ ਰਹੇ। ਅਧਿਆਪਕਾਂ ਨੇ ਵਿਦਿਆਰਥੀਆਂ ਦੀ ਸੁਰੱਖਿਆ, ਅਨੁਸ਼ਾਸਨ ਅਤੇ ਸੁਚੱਜੇ ਪ੍ਰਬੰਧ ਨੂੰ ਯਕੀਨੀ ਬਣਾਇਆ। ਇਹ ਦੌਰਾ ਵਿਦਿਆਰਥੀਆਂ ਲਈ ਇੱਕ ਯਾਦਗਾਰ ਅਨੁਭਵ ਰਿਹਾ। ਇਸ ਮੌਕੇ ਵਿਦਿਆਰਥੀਆਂ ਨੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਸੁਰੱਖਿਆ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਸਮਝਿਆ ਅਤੇ ਸਾਡੇ ਬਹਾਦਰ ਸੈਨਿਕਾਂ ਪ੍ਰਤੀ ਸਤਿਕਾਰ ਦੀ ਭਾਵਨਾ ਹੋਰ ਮਜ਼ਬੂਤ ਹੋਈ। ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਅਜਿਹੇ ਦੌਰੇ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕਰਨ ਦੇ ਨਾਲ-ਨਾਲ ਉਨ੍ਹਾਂ ਵਿੱਚ ਦੇਸ਼ ਭਗਤੀ ਅਤੇ ਜ਼ਿੰਮੇਵਾਰੀ ਦੀ ਭਾਵਨਾ ਵੀ ਪੈਦਾ ਕਰਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਵਿਖੇ 80ਵਾਂ ਆਜ਼ਾਦੀ ਦਿਹਾੜਾ ਦੇਸ਼ ਭਗਤੀ ਦੀ ਭਾਵਨਾ ਦੇ ਨਾਲ ਮਨਾਇਆ ਗਿਆ

## ਦੇਸ਼ ਦੀ ਆਜ਼ਾਦੀ ਮਹਾਨ ਸੂਰਬੀਰਾਂ, ਸੁਤੰਤਰਤਾ ਸੈਨਾਨੀਆ ਦੀ ਸ਼ਹਾਦਤ ਕਰਕੇ ਮਿਲੀ ਦੇਸ਼ ਭਗਤ ਸੂਰਬੀਰਾਂ ਦੀ ਸ਼ਹਾਦਤ ਨੂੰ ਯਾਦ ਰੱਖਣਾ ਚਾਹੀਦਾ ਡਾ: ਕਿਸ਼ਨਪੁਰੀ



**ਜੰਡਿਆਲਾ ਗੁਰੂ 16 ਅਗਸਤ ( ਕੁਲਵੰਤ ਸਿੰਘ ਵਿਰਦੀ )**-ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਵਿਖੇ ਦੇਸ਼ ਦਾ 80ਵਾਂ ਆਜ਼ਾਦੀ ਦਿਹਾੜਾ ਬੜੀ ਹੀ ਦੇਸ਼ ਭਗਤੀ ਦੀ ਭਾਵਨਾ ਦੇ ਨਾਲ ਮਨਾਇਆ ਗਿਆ। ਇਸ ਸਬੰਧੀ ਸਕੂਲ ਵਿਚ ਦੋ ਦਿਨਾਂ ਸਮਾਗਮ ਰੱਖਿਆ ਗਿਆ। ਸਮਾਗਮ ਦੇ ਪਹਿਲੇ ਦਿਨ ਸਕੂਲ ਦੇ ਸ਼ਾਨਦਾਰ ਆਡੋਟੋਰੀਅਮ ਵਿੱਚ ਇੱਕ ਫੰਕਸ਼ਨ ਰੱਖਿਆ ਗਿਆ ।ਜਿਸ ਵਿੱਚ ਸਕੂਲ ਦੇ ਕਲਚਰਲ ਵਿਭਾਗ ਦੇ ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤ ਗਾ ਕੇ ਸਾਰਿਆਂ ਦੇ ਦਿਲਾਂ ਵਿੱਚ ਦੇਸ਼ ਭਗਤੀ ਅਤੇ ਦੇਸ਼ ਪ੍ਰਤੀ ਪਿਆਰ ਦੀ ਭਾਵਨਾ ਪੈਦਾ ਕੀਤੀ। ਉਪਰੰਤ ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤਾਂ ਤੇ ਇੱਕ ਬਹੁਤ ਹੀ ਵਧੀਆ ਗਰੁੱਪ ਡਾਂਸ ਆਈਟਮ ਪੇਸ਼ ਕੀਤੀ ।ਜਿਸ ਨਾਲ ਉਥੇ ਹਾਜਰੀਨ ਸਾਰਿਆਂ ਨੂੰ ਦੇਸ਼ ਭਗਤੀ ਦੇ ਰੰਗ ਵਿੱਚ ਰੰਗ ਦਿੱਤਾ ਅਤੇ ਪੂਰਾ ਹਾਲ "ਇਨਕਲਾਬ ਜਿੰਦਾਬਾਦ" "ਭਾਰਤ ਮਾਤਾ ਕੀ ਜੈ" ਦੇ ਨਾਰਿਆਂ ਦੇ ਨਾਲ ਗੂੰਜ ਉੱਠਿਆ। ਇਸ ਸਮਾਗਮ ਵਿੱਚ ਸਹਿਰ ਦੀਆਂ ਸਖਸੀਅਤਾਂ ਵਿਸ਼ੇਸ਼ ਤੌਰ ਤੇ ਸਾਮਲ ਹੋਈਆਂ !,ਉਪਰੰਤ ਸਕੂਲ ਦੇ ਪੰਜ ਹਾਊਸਾਂ (ਡੇਜੀ, ਲੋਟਸ, ਪੈਨਜੀ ,ਰੋਜ, ਲਿਲੀ) ਵਿਚਕਾਰ ਆਜ਼ਾਦੀ ਦਿਵਸ ਨਾਲ ਸੰਬੰਧਿਤ ਭਾਸ਼ਣ ਮੁਕਾਬਲੇ ਕਰਾਏ ਗਏ। ਇਹਨਾਂ ਮੁਕਾਬਲਿਆਂ ਵਿੱਚ ਮਨਮੀਤ ਕੌਰ ਡੇਜ਼ੀ ਹਾਊਸ ਨੇ ਪਹਿਲਾ ਸਥਾਨ ,ਤਨਵੀਰ ਕੌਰ ਲੋਟਸ ਹਾਊਸ ਨੇ ਦੂਸਰਾ ਸਥਾਨ ਅਤੇ ਜਸ਼ਨਪ੍ਰੀਤ ਕੌਰ ਰੋਜ਼ ਹਾਊਸ ਨੇ ਤੀਸਰਾ ਸਥਾਨ ਹਾਸਿਲ ਕੀਤਾ। ਸਕੂਲ ਮੈਨੇਜਮੈਂਟ ਅਤੇ ਆਏ ਹੋਏ ਮਹਿਮਾਨਾਂ ਵੱਲੋਂ ਜੇਤੂ ਬੱਚਿਆਂ ਨੂੰ ਟਰੋਫੀ ਦੇ ਰੂਪ ਵਿੱਚ ਇਨਾਮ ਵੀ ਦਿੱਤੇ ਗਏ। ਸਮਾਗਮ ਦੇ ਦੂਸਰੇ ਦਿਨ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ.ਸ੍ਰੀਮਤੀ ਅਮਰਪ੍ਰੀਤ ਕੌਰ ਵੱਲੋਂ ਸਕੂਲ ਕੈਂਪਸ ਵਿੱਚ ਦੇਸ਼ ਦਾ ਰਾਸ਼ਟਰੀ ਝੰਡਾ ਲਹਿਰਾਇਆ ਗਿਆ ।ਉਪਰੰਤ ਰਾਸ਼ਟਰੀ ਝੰਡੇ ਨੂੰ ਸਲਾਮੀ ਦਿੱਤੀ ਗਈ। ਅਤੇ ਨਾਲ ਹੀ ਐਨਸੀਸੀ ਕੈਡਿਟ ਅਤੇ ਬੱਚਿਆਂ ਵੱਲੋਂ ਰਾਸ਼ਟਰੀ ਗਾਨ ਅਤੇ ਦੇਸ਼ ਭਗਤੀ ਦੇ ਗੀਤ ਗਾਏ। ਉਪਰੰਤ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਸਾਨੂੰ ਮਹਾਨ ਸੂਰਬੀਰਾਂ, ਮਹਾਨ ਸੁਤੰਤਰਤਾ ਸੈਨਾਨੀਆ ਦੇ ਬਲਿਦਾਨ ਕਰਕੇ ਮਿਲੀ ਹੈ। ਸਾਨੂੰ ਦੇਸ਼ ਭਗਤ ਸੂਰਬੀਰਾਂ ਦੀ ਸ਼ਹਾਦਤ ਨੂੰ ਯਾਦ ਰੱਖਣਾ ਚਾਹੀਦਾ ਹੈ ਉਹਨਾਂ ਕਿਹਾ ਕਿ ਆਓ ਅਸੀਂ ਆਪਣੇ ਭਾਰਤ ਦੇਸ਼ ਨੂੰ ਕਰਪਸ਼ਨ ਰਹਿਤ ਇੱਕ ਸਾਫ ਸੁਥਰਾ ਸਮਾਜ ਅਤੇ ਭਾਰਤ ਦੇ ਵਾਤਾਵਰਨ ਨੂੰ ਵੀ ਹਰਿਆ ਭਰਿਆ ਰੱਖਣ ਦਾ ਯਤਨ ਕਰੀਏ। ਅਤੇ ਇਸ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਈਏ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ੍ਰੀਮਤੀ ਸ਼ਿਲਪਾ ਸ਼ਰਮਾ ਕੋਆਰਡੀਨੇਟਰ ਨੀਲਾਕਸ਼ੀ ਗੁਪਤਾ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਐਸ.ਡੀ.ਐਮ. ਜਸ਼ਨਜੀਤ ਸਿੰਘ ਨੇ ਬਾਬਾ ਬਕਾਲਾ ਸਾਹਿਬ ਵਿਖੇ ਲਹਿਰਾਇਆ ਕੌਮੀ ਝੰਡਾ



**ਬਾਬਾ ਬਕਾਲਾ ਸਾਹਿਬ 16 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)** -ਐਸ.ਡੀ.ਐਮ. ਜਸ਼ਨਜੀਤ ਸਿੰਘ ਨੇ ਸਰਕਾਰੀ ਆਈ.ਟੀ.ਆਈ. ਬਾਬਾ ਬਕਾਲਾ ਸਾਹਿਬ ਵਿਖੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਅਤੇ ਮਾਰਚ ਪਾਸਟ ਤੋਂ ਸਲਾਮੀ ਲਈ ।ਇਸ ਮੌਕੇ ਵੱਖ ਵੱਖ ਸਕੂਲ ਦੇ ਬੱਚਿਆਂ ਵੱਲੋਂ ਸਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ ।ਇਸ ਦੌਰਾਨ ਮੁੱਖ ਮਹਿਮਾਨ ਵਜੋਂ ਪੁੱਜੇ ਹਲਕਾ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਜਿੱਥੇ ਸਭ ਨੂੰ ਅਜ਼ਾਦੀ ਦਿਵਸ ਦੀ ਵਧਾਈ ਦਿੱਤੀ ਅਤੇ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਆਪਸੀ ਭਾਈਚਾਰਾ ਕਾਇਮ ਰੱਖਣ ਦੀ ਅਪੀਲ ਕੀਤੀ, ਉਥੇ ਦੇਸ਼ ਭਗਤ ਪਰਿਵਾਰਾਂ ਨੂੰ ਸਨਮਾਨਿਤ ਕੀਤਾ, ਲੋੜਵੰਦ ਬੀਬੀਆਂ ਨੂੰ ਸਿਲਾਈ ਮਸ਼ੀਨਾਂ ਅਤੇ ਅਪਾਹਜਾਂ ਨੂੰ ਟਰਾਈ ਸਾਇਕਲ ਵੰਡੇ ।ਇਸ ਮੌਕੇ ਜਸਪ੍ਰੀਤ ਸਿੰਘ ਐਸ.ਡੀ.ਜੇ.ਐਮ., ਮੈਡਮ ਰਮਨਦੀਪ ਕੌਰ, ਮਹਿਕਪ੍ਰੀਤ ਕੌਰ, ਮਿਸ ਮੋਨਿਕਾ (ਤਿੰਨੋ ਜੇ.ਐਮ.ਆਈ.ਸੀ.), ਡੀ.ਐਸ.ਪੀ. ਸੁਖਪਾਲ ਸਿੰਘ, ਥਾਣਾ ਮੁਖੀ ਬਿਆਸ ਗੁਰਵਿੰਦਰ ਸਿੰਘ, ਥਾਣਾ ਮੇਖੀ ਖਿਲਚੀਆਂ ਮੁਖਤਾਰ ਸਿੰਘ, ਲਖਵਿੰਦਰ ਸਿੰਘ ਤਹਿਸੀਲਦਾਰ, ਬਲਜੀਤ ਸਿੰਘ ਗੁਰਾਇਆ ਨਾਇਬ ਤਹਿਸੀਲਦਾਰ ਬਾਬਾ ਬਕਾਲਾ, ਰੁਸਤਮ ਸਿੰਘ ਨਾਇਬ ਤਹਿਸੀਲਦਾਰ ਬਿਆਸ, ਰਣਜੀਤ ਸਿੰਘ ਨਾਇਬ ਤਹਿਸੀਲਦਾਰ ਤਰਸਿੱਕਾ, ਅਨਿਲ ਕੁਮਾਰ ਚੋਪੜਾ ਈ.ਓ. ਨਗਰ ਪੰਚਾਇਤ, ਐਡਵੋਕੇਟ ਜਸਪ੍ਰੀਤ ਸਿੰਘ ਬਾਠ, ਡਾ: ਰਛਪਾਲ ਸਿੰਘ ਬੰਡਾਲਾ, ਪਟਵਾਰੀ ਅੰਗਰੇਜ ਸਿੰਘ ਦੇਵੀਦਾਸਪੁਰਾ, ਜ: ਬਲਦੇਵ ਸਿੰਘ ਬੋਦੇਵਾਲ, ਪ੍ਰਧਾਨ ਗੁਰਦੇਵ ਸਿੰਘ ਆੜਤੀ, ਸਰਵਨਜੀਤ ਸਿੰਘ ਸੰਧੂ, ਸੁਖਵਿੰਦਰ ਸਿੰਘ ਮੱਤੇਵਾਲ, ਸਰਪੰਚ ਸੁਰਿੰਦਰ ਸਿੰਘ ਕੰਗ ਬੁਟਾਰੀ,ਸਰਪੰਚ ਗੁਰਜੀਤ ਸਿੰਘ ਫੱਤੂਵਾਲ, ਸਰਪੰਚ ਗੁਰਚਰਨ ਸਿੰਘ ਰਾਣਾ ਕਾਲੇਕੇ, ਸਰਪੰਚ ਫਲਵਿੰਦਰ ਸਿੰਘ ਸੋਨੀ, ਕੌਂਸਲਰ ਵਿਸ਼ਾਲ ਮੰਨਣ, ਸਰਪੰਚ ਜੋਧਾ ਸਿੰਘ ਛਾਪਿਆਂਵਾਲੀ, ਪ੍ਰਧਾਨ ਹੀਰਾ ਸਿੰਘ ਭੱਠੇ ਵਾਲੇ, ਸਰਪੰਚ ਕਰਮਜੀਤ ਸਿੰਘ ਫੇਰੂਮਾਨ, ਸਰਪੰਚ ਹੀਰਾ ਸਿੰਘ ਜਸਪਾਲ, ਸਰਪੰਚ ਪ੍ਰਦੀਪ ਸਿੰਘ ਬੋਦੇਵਾਲ, ਮੇਜਰ ਸਿੰਘ ਚੀਮਾਂਬਾਠ, ਮਾ: ਪ੍ਰਸ਼ਾਂਤ ਰਈਆ, ਹਰਜੀਤ ਸਿੰਘ, ਸੁਖਦੇਵ ਸਿੰਘ ਬੱਲ, ਨਵਦੀਪ ਸਿੰਘ ਬਦੇਸ਼ਾ, ਕੰਵਲਜੀਤ ਕੌਰ, ਜਗਰੂਪ ਸਿੰਘ, ਜਗਰੂਪ ਕੌਰ ਸਮੇਤ ਹੋਰ ਪ੍ਰਮੁੱਖ ਸਖਸ਼ੀਅਤਾਂ ਮੌਜੂਦ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

### ਆਈਡੀਅਲ ਕੌਨਵੈਂਟ ਸਕੂਲ ਹਠੂਰ ਵਿਖੇ

# ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ














**ਜਗਰਾਉ-(ਵਰਿਆਮ ਹਠੂਰ)**-ਵਿੱਦਿਆ ਦੇ ਖੇਤਰ ਵਿੱਚ ਮੋਹਰੀ ਸੰਸਥਾ ਆਈਡੀਅਲ ਕੌਨਵੈਂਟ ਸਕੂਲ ਹਠੂਰ ਵਿਖੇ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਦੀ ਦੇਖ ਰੇਖ ਹੇਠ ਤੀਆਂ ਦਾ ਤਿਉਹਾਰ ਬੜੇ ਹੀ ਉਤਸ਼ਾਹ ਅਤੇ ਧੂਮ-ਧਾਮ ਨਾਲ ਮਨਾਇਆ ਗਿਆ, ਸਕੂਲ ਵਿੱਚ ਬੱਚੇ ਸਜ ਧਜ ਕੇ ਪੰਜਾਬੀ ਪਹਿਰਾਵੇ ਵਿੱਚ ਆਏ ਤੇ ਸਕੂਲ ਸਟਾਫ ਵੱਲੋਂ ਬੱਚਿਆਂ ਲਈ ਜਿੱਥੇ ਪੀਘਾਂ ਦਾ ਪ੍ਰਬੰਧ ਕੀਤਾ ਗਿਆ ਉੱਥੇ ਬੱਚਿਆਂ ਲਈ ਚੂੜੀਆਂ ਅਤੇ ਮਹਿੰਦੀ ਲਾਉਣ ਦੇ ਵੀ ਖਾਸ਼ ਪ੍ਰਬੰਧ ਕੀਤੇ ਗਏ, ਸਕੂਲ ਵਿੱਚ ਤੀਆਂ ਦੇ ਪ੍ਰੋਗਰਾਮ ਨੂੰ ਲੈ ਕੇ ਸਜਾਵਟਾਂ ਕੀਤੀਆਂ ਗਈਆਂ, ਤੇ ਬੱਚਿਆਂ ਦੇ ਮਾਪਿਆਂ ਨੇ ਵੀ ਤੀਆਂ ਦੇ ਪ੍ਰੋਗਰਾਮ ਵਿੱਚ ਸਮੂਲੀਅਤ ਕਰਕੇ ਪ੍ਰੋਗਰਾਮ ਨੂੰ ਹੋਰ ਵੀ ਚਾਰ ਚੰਨ ਲਾ ਦਿੱਤੇ। ਰੀਬਨ ਕੱਟਣ ਦੀ ਰਸਮ ਵਾਈਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਤਾੜੀਆਂ ਦੀ ਗੂੰਜ ਵਿੱਚ ਨਿਭਾਈ, ਸਕੂਲ ਦੇ ਬੱਚਿਆਂ ਨੇ ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੂੰ ਸਤਿਕਾਰ ਵਜੋਂ ਗੁਲਦਸਤੇ ਦੇ ਕੇ ਜੀ ਆਇਆਂ ਆਖਿਆ, ਤੇ ਸਕੂਲ ਵਿੱਚ ਤੀਆਂ ਦੇ ਪ੍ਰੋਗਰਾਮ ਦੇ ਅੱਛੇ ਪ੍ਰਬੰਧ ਨੂੰ ਲੈ ਕੇ ਮੈਡਮ ਦਾ ਧੰਨਵਾਦ ਕੀਤਾ। ਸਕੂਲ ਦੇ ਬੱਚਿਆਂ ਨੇ ਜਿੱਥੇ ਸਟੇਜ ਤੋਂ ਵੱਖ-ਵੱਖ ਸ਼ਾਨਦਾਰ ਪੇਸ਼ਕਾਰੀਆਂ ਕੀਤੀਆਂ ਉੱਥੇ ਗਿੱਧਾ ਅਤੇ ਬੋਲੀਆਂ ਪਾ ਕੇ ਸਾਰਿਆਂ ਦਾ ਦਿਲ ਮੋਹ ਲਿਆ, ਬੱਚਿਆਂ ਦੇ ਮਾਪਿਆਂ ਨੇ ਵੀ ਬੱਚਿਆਂ ਵੱਲੋਂ ਪੇਸ਼ ਕੀਤੇ ਪ੍ਰੋਗਰਾਮ ਦੀ ਪ੍ਰਸੰਸਾ ਕੀਤੀ। ਸਕੂਲ ਸਟਾਫ ਵੱਲੋਂ ਬੱਚਿਆਂ ਨੂੰ ਪੁਰਾਤਨ ਸਭਿਆਚਰ ਤੋਂ ਜਾਣੂੰ ਕਰਵਾਉਣ ਲਈ ਸਕੂਲ ਵਿੱਚ ਪੁਰਾਤਨ ਸਮਾਨ ਦੀ ਪ੍ਰਦਰਸ਼ਨੀ ਵੀ ਲਗਾਈ ਗਈ। ਖਾਸ਼ਕਰ ਚਰਖੇ, ਮਧਾਣੀਆਂ, ਪੱਖੀਆਂ, ਫੁਲਕਾਰੀਆਂ, ਪੁਰਾਣੇ ਭਾਂਡੇ, ਚੁੱਲ੍ਹੇ, ਚਾਟੀਆਂ, ਹਲ ਪੰਜਾਲੀ, ਛੱਜ, ਬਾਗ, ਸਮੇਤ ਹੋਰ ਬਹੁਤ ਸਾਰੇ ਸਮਾਨ ਦੀ ਪ੍ਰਦਰਸ਼ਨੀ ਲਗਾਈ ਗਈ, ਸਪੈਸ਼ਲ ਤੌਰ ਤੇ ਟਿੰਡਾਂ ਵਾਲਾ ਖੂਹ ਬਣਾ ਕੇ ਬੱਚਿਆਂ ਨੂੰ ਪੁਰਾਤਨ ਸਮੇਂ ਵਿੱਚ ਲੋੜੀਂਦੀਆਂ ਚੀਜਾਂ ਦੀ ਮਹੱਤਤਾ ਬਾਰੇ ਚਾਨਣਾ ਪਾਇਆ, ਸਟੇਜ ਤੋਂ ਸਕੂਲ ਸਟਾਫ ਵੱਲੋਂ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਪੁਰਾਤਨ ਵਿਰਸੇ ਨਾਲ ਸਬੰਧਤ ਸਵਾਲ ਪੁੱਛੇ ਤੇ ਸਹੀ ਉੱਤਰ ਦੇਣ ਵਾਲਿਆਂ ਨੂੰ ਗਿਫਟ ਦਿੱਤੇ ਗਏ। ਤੇ ਸਕੂਲ ਦੇ ਹੋਣਹਾਰ ਬੱਚਿਆਂ ਨੂੰ ਸਨਮਾਨਿਤ ਵੀ ਕੀਤਾ ਗਿਆ, ਅੰਤ ਵਿੱਚ ਸਕੂਲ ਸਟਾਫ, ਬੱਚਿਆਂ ਅਤੇ ਬੱਚਿਆਂ ਦੇ ਮਾਪਿਆਂ ਨੇ ਖੁੱਲ੍ਹੇ ਗਰਾਊਂਡ ਵਿੱਚ ਤੀਆਂ ਦੀਆਂ ਨੱਚ ਨੱਚ ਗਿੱਧਾ ਬੋਲੀਆਂ ਪਾ ਕੇ ਰੌਣਕਾਂ ਲਾਈਆਂ, ਇਸ ਮੌਕੇ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ, ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਅਤੇ ਮੈਡਮ ਸੁਖਦੀਪ ਕੌਰ ਨੇ ਸਮੂਹ ਸਕੂਲ ਸਟਾਫ ਅਤੇ ਬੱਚਿਆਂ ਨੂੰ ਤੀਆਂ ਦੇ ਤਿਉਹਾਰ ਦੀ ਵਧਾਈ ਦਿੱਤੀ। ਤੇ ਤੀਆਂ ਦਾ ਤਿਉਹਾਰ ਯਾਦਗਾਰੀ ਹੋ ਨਿੱਬੜਿਆ, ਅਜੇਪਾਲ ਸਿੰਘ, ਮਨਪ੍ਰੀਤ ਕੌਰ,ਸੁਖਦੀਪ ਕੌਰ, ਅਮਨਜੋਤ ਕੌਰ, ਹਰਵਿੰਦਰ ਕੌਰ, ਗੁਰਪ੍ਰੀਤ ਕੌਰ, ਚਰਨਜੀਤ ਕੌਰ, ਸਨਦੀਪ ਕੌਰ, ਅਰਸ਼ਦੀਪ ਕੌਰ, ਸਨਦੀਪ ਕੌਰ, ਨਵਜੋਤ ਸਿੰਘ, ਅਮਨਦੀਪ ਕੌਰ, ਪ੍ਰਭਜੋਤ ਕੌਰ, ਮਧੂ ਮਿੱਤਲ, ਵਰਿੰਦਰ ਕੌਰ, ਡੀ ਪੀ ਅਵਤਾਰ ਸਿੰਘ, ਆਰਟਿਸਟ ਗੁਰਮੀਤ ਹਠੂਰ, ਅਤੇ ਗੁਰਵਿੰਦਰ ਕੌਰ ਸਮੇਤ ਬੱਚੇ ਅਤੇ ਬੱਚਿਆਂ ਦੇ ਮਾਪੇ ਹਾਜਰ ਸਨ।

**ਬੱਚਿਆਂ ਨੂੰ ਪੰਜਾਬੀ ਸਭਿਆਚਾਰ ਤੋਂ ਜਾਣੂੰ ਕਰਵਾਉਣ ਲਈ ਸਕੂਲ ਵਿੱਚ ਪੁਰਾਤਨ ਵਸਤੂਆਂ ਦੀ ਲਗਾਈ ਪ੍ਰਦਰਸ਼ਨੀ**

### ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ ਵਿੱਚ

# ਮਨਾਇਆ ਗਿਆ ਤੀਆਂ ਦਾ ਤਿਉਹਾਰ

**ਮਹਿਲ ਕਲਾਂ /ਬਰਨਾਲਾ (ਵਰਿਆਮ ਹਠੂਰ)**-ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ ਵਿਖੇ ਸਾਉਣ ਮਹੀਨੇ ਦਾ ਰਵਾਇਤੀ ਤਿਉਹਾਰ 'ਤੀਆਂ' ਡਾਇਰੈਕਟਰ ਮੋਹਨੀਸ਼ ਮਿਸ਼ਾ ਜੀ ਦੀ ਅਗਵਾਈ ਹੇਠ ਬੜੀ ਧੂਮਧਾਮ ਨਾਲ ਮਨਾਇਆ ਗਿਆ। ਜਿਸ ਵਿੱਚ ਮੁੱਖ ਮਹਿਮਾਨ ਵਜੋਂ ਸਰਦਾਰਨੀ ਜਸਪ੍ਰੀਤ ਕੌਰ ਜੀ ਨੇ ਸ਼ਿਰਕਤ ਕੀਤੀ। ਸਮਾਗਮ ਦੇ ਸ਼ੁਰੂ ਵਿੱਚ ਤੀਆਂ ਦੇ ਤਿਉਹਾਰ ਦੀ ਪੰਜਾਬੀ ਸੱਭਿਆਚਾਰ ਵਿੱਚ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਵਿਦਿਆਰਥੀਆਂ ਨੂੰ ਪੰਜਾਬੀ ਪਰੰਪਰਾਗਤ ਵਿਰਸੇ ਤੋਂ ਜਾਣੂ ਕਰਵਾਇਆ ਗਿਆ। ਫਿਰ ਵਿਦਿਆਰਥੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ ਜਿਸ ਵਿੱਚ ਗਿੱਧਾ, ਭੰਗੜਾ, ਗੀਤ ਅਤੇ ਕਵਿਤਾਵਾਂ ਪੇਸ਼ ਕੀਤੀਆਂ ਗਈਆਂ। ਇਸ ਦੌਰਾਨ ਮਿਸ ਤੀਜ ਵੀ ਚੁਣੀ ਗਈ ਇਸ ਸਮਾਗਮ ਦਾ ਅੰਤ ਗਿੱਧੇ ਨਾਲ ਕੀਤਾ ਗਿਆ ਮੁੱਖ ਮਹਿਮਾਨਾਂ ਵੱਲੋਂ ਵਿਜੇਤੂ ਵਿਦਿਆਰਥਣਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਤੀਆਂ ਦੇ ਤਿਉਹਾਰ ਦੀ ਵਧਾਈ ਦਿੰਦੇ ਹੋਏ ਕਿਹਾ ਗਿਆ ਕਿ ਇਹ ਤਿਉਹਾਰ ਪੰਜਾਬੀ ਸੱਭਿਆਚਾਰ ਦਾ ਹਿੱਸਾ ਹਨ ਜੋ ਕਿ ਸਾਨੂੰ ਆਪਣੇ ਸੱਭਿਆਚਾਰ ਅਤੇ ਵਿਰਸੇ ਨਾਲ ਜੋੜੀ ਰੱਖਦੇ ਹਨ। ਕਿਉਂਕਿ ਅੱਜ ਕੱਲ ਦੇ ਯੁੱਗ ਵਿੱਚ ਬੱਚੇ ਆਪਣੇ ਸੱਭਿਆਚਾਰ ਤੋਂ ਦੂਰ ਹੋ ਰਹੇ ਹਨ ਇਹ ਉਨ੍ਹਾਂ ਵੱਲੋਂ ਇੱਕ ਉਪਰਾਲਾ ਸੀ ਕਿ ਵਿਦਿਆਰਥੀਆਂ ਦੀ ਸਾਂਝ ਉਹਨਾਂ ਦੇ ਸੱਭਿਆਚਾਰ ਨਾਲ ਬਣੀ ਰਹੇ।



## ਖਾਲਸਾ ਗਰੁੱਪ ਆਫ ਅੰਮ੍ਰਿਤਸਰ ਵਲੋਂ ਲਗਾਇਆ ਪਹਿਲਾ ਵਿਸ਼ਾਲ ਮੈਡੀਕਲ ਕੈਂਪ




**ਚੌਕ ਮਹਿਤਾ, 16 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਖਾਲਸਾ ਗਰੁੱਪ ਆਫ਼ ਅੰਮ੍ਰਿਤਸਰ ਵੱਲੋਂ ਸਭ ਤੋਂ ਪਹਿਲੀ ਐਕਟੀਵਿਟੀ ਵਿਸ਼ਾਲ ਮੈਡੀਕਲ ਕੈਂਪ ਦਾ ਆਯੋਜਨ ਕਰਕੇ ਕੀਤੀ ਗਈ । ਇਹ ਕੈਂਪ ਸੰਸਥਾ ਦੇ ਸਾਲਾਹਕਾਰ ਸ੍ਰ ਰਮਨੀਕ ਸਿੰਘ ( ਕਾਲੇ ਭਾਜੀ) ਨੂੰ ਸਮਰਪਿਤ ਕੀਤਾ ਗਿਆ ਇਸ ਮੌਕੇ ਕੈਂਪ ਵਿੱਚ ਪੇਟ, ਲੀਵਰ, ਜਿਗਰ ਦੇ ਮਾਹਿਰ ਡਾਕਟਰ ਰਮਨਦੀਪ ਸਿੰਘ ਵਿਰਦੀ ਦੁਆਰਾ ਚੈੱਕਅਪ ਕੀਤਾ ਗਿਆ ਅਤੇ ਨਾਲ ਹੀ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ । ਕੈਂਪ ਵਿੱਚ ਮਰੀਜ਼ਾਂ ਦਾ ( ਫਾਇਬਰੋ ਸਕੈਨ ) ਟੈਸਟ ਵਾਜਬ ਰੇਟ ਤੇ ਕੀਤਾ ਗਿਆ ਕੈਂਪ ਦੌਰਾਨ 100 ਤੋਂ ਜ਼ਿਆਦਾ ਮਰੀਜ਼ਾਂ ਨੇ ਮੈਡੀਕਲ ਜਾਂਚ ਕਰਵਾਈ । ਇਸ ਮੌਕੇ ਪ੍ਰਧਾਨ ਸ. ਅਮਨਦੀਪ ਸਿੰਘ ਜੀ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਖਾਲਸਾ ਬਲੱਡ ਡੋਨੇਟ ਯੂਨਿਟੀ ਰਜ਼ਿ ਸ਼੍ਰੀ ਅੰਮ੍ਰਿਤਸਰ ਸਾਹਿਬ ਦੇ ਮੈਬਰਾਂ ਵੱਲੋਂ ਹੀ ਇਹ ਨਵੀਂ ਖਾਲਸਾ ਗਰੁੱਪ ਆਫ਼ ਅੰਮ੍ਰਿਤਸਰ ਸੰਸਥਾ ਬਣਾਈ ਗਈ ਹੈ । ਜਿਸ ਤਰ੍ਹਾਂ ਸਾਡੀ ਪਹਿਲੀ ਸੰਸਥਾ ਖੂਨਦਾਨ ਕੈਂਪ ਲਗਾਉਂਦੀ ਆ ਰਹੀ ਹੈ ਉਸੇ ਤਰ੍ਹਾਂ ਇਸ ਸੰਸਥਾ ਦੇ ਬੈਨਰ ਹੇਠ ਅਸੀਂ ਆਉਣ ਵਾਲੇ ਸਮੇਂ ਵਿੱਚ ਹੋਰ ਬਹੁਤ ਕਾਰਜ ਵੱਡੇ ਪੱਧਰ ਤੇ ਉਲੀਕਣ ਜਾ ਰਹੇ ਹਾਂ । ਇਸ ਮੌਕੇ ਪ੍ਰਧਾਨ ਸ੍ਰ ਅਮਨਦੀਪ ਸਿੰਘ ਜੀ ਤੋਂ ਇਲਾਵਾ ਜਗਪ੍ਰੀਤ ਸਿੰਘ ਧਾਮੀ, ਹਰਜੋਤ ਸਿੰਘ ਖਾਲਸਾ, ਡਾ. ਸਰਬਜੀਤ ਸਿੰਘ ਭੁੱਲਰ,ਤਰਸੇਮ ਸਿੰਘ ਟੰਡਨ, ਧੀਰਜ ਕਾਕੜੀਆ, ਮਨਦੀਪ ਸਿੰਘ (ਮੰਨੂੰ) ਅਮਿਤੇਸ਼ ਸਿੰਘ, ਹਰਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਸਰਬਜੀਤ ਸਿੰਘ, ਹਰਜੀਤ ਸਿੰਘ, ਸ੍ਰੀ ਵਿਨੇ ਧੰਜਲ, ਮਨਦੀਪ ਸਿੰਘ, ਪ੍ਰਕਾਸ਼ ਸਿੰਘ, ਗੁਰਪ੍ਰੀਤ ਸਿੰਘ, ਹਰਜੀਤ ਸਿੰਘ, ਸਿਮਰਨਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਸਿਮਰਨਜੀਤ ਸਿੰਘ ਭੁੱਲਰ ਸਮੇਤ ਹੋਰ ਵੱਡੀ ਗਿਣਤੀ ਵਿੱਚ ਮੈਂਬਰਾਂ ਨੇ ਸ਼ਿਰਕਤ ਕੀਤੀ।

## ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਵਿਖੇ ਮਨਾਇਆ ਗਿਆ ਤੀਜ ਦਾ ਤਿਉਹਾਰ



**ਤਲਵੰਡੀ ਸਾਬੋ, 16 ਅਗਸਤ (ਗੁਰਜੰਟ ਸਿੰਘ ਨਥੇਹਾ)**- ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਵਿਖੇ ਤੀਜ ਦਾ ਤਿਉਹਾਰ ਸੱਭਿਆਚਾਰਕ ਰੰਗਾਂ ਨਾਲ ਮਨਾਇਆ ਗਿਆ।ਜਿਸ ਦੌਰਾਨ ਵਿਦਿਆਰਥਣਾਂ ਅਤੇ ਉਹਨਾਂ ਦੀਆਂ ਮਾਤਾਵਾਂ ਵਿੱਚ ਭਾਰੀ ਉਤਸ਼ਾਹ ਅਤੇ ਜੋਸ਼ ਦੇਖਿਆ ਗਿਆ। ਪੰਜਾਬੀ ਸੱਭਿਆਚਾਰ ਅਤੇ ਲੋਕ-ਵਿਰਸੇ ਨਾਲ ਜੁੜੇ ਤੀਜ ਦੇ ਤਿਉਹਾਰ ਨੂੰ ਵੀ ਬੜੇ ਚਾਵਾਂ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਵਿੱਚ ਪੰਜਾਬੀ ਸੱਭਿਆਚਾਰ ਅਤੇ ਵਿਰਸੇ, ਲੋਕ ਕਲਾ ਤੇ ਵਿਰਾਸਤ ਨਾਲ ਜੁੜੀਆਂ ਦੀ ਪ੍ਰਦਰਸ਼ਨੀ ਲਗਾਈ ਗਈ। ਵਿਦਿਆਰਥੀ ਬੜੇ ਉਤਸ਼ਾਹ ਨਾਲ ਸਕੂਲ ਪਹੁੰਚੇ ਅਤੇ ਅਧਿਆਪਕਾਂ ਵੱਲੋਂ ਸਮਾਗਮ ਲਈ ਕੀਤੀਆਂ ਤਿਆਰੀਆਂ ਬੜੇ ਖੂਬਸੂਰਤ ਤਰੀਕੇ ਨਾਲ ਕੀਤੀਆਂ ਗਈਆਂ।ਇਸ ਸਮਾਗਮ ਵਿੱਚ ਸੱਭਿਆਚਾਰਕ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ। ਨੰਨ੍ਹੇ-ਮੁੰਨ੍ਹੇ ਬੱਚਿਆਂ ਨੇ ਬੜੇ ਆਤਮ-ਵਿਸ਼ਵਾਸ ਨਾਲ ਮੰਚ 'ਤੇ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। ਰੰਗ-ਬਿਰੰਗੇ ਪੰਜਾਬੀ ਸੂਟ, ਫੁਲਕਾਰੀਆਂ, ਚੂੜੀਆਂ ਅਤੇ ਰਵਾਇਤੀ ਸਜਾਵਟ ਨੇ ਤੀਜ ਦੇ ਤਿਉਹਾਰ ਨੂੰ ਚਾਰ ਚੰਨ ਲਗਾ ਦਿੱਤੇ।ਵਿਦਿਆਰਥਣਾਂ ਵੱਲੋਂ ਪੰਜਾਬੀ ਲੋਕ-ਗੀਤਾਂ 'ਤੇ ਗਿੱਧੇ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਦਿੱਤੀਆਂ ਗਈਆਂ। ਗਿੱਧੇ ਦੀਆਂ ਤਾਲੀਆਂ ਅਤੇ ਲੋਕ-ਬੋਲੀਆਂ ਨਾਲ ਸਕੂਲ ਦਾ ਵਿਹੜਾ ਗੂੰਜ ਉੱਠਿਆ। ਵਿਰਸੇ ਨੂੰ ਸੰਭਾਲਣ ਦੇ ਉਦੇਸ਼ ਨੂੰ ਮੁੱਖ ਰੱਖਦੇ ਹੋਏ ਆਏ ਹੋਏ ਮਹਿਮਾਨਾਂ, ਵਿਦਿਆਰਥੀਆਂ ਦੀਆਂ ਮਾਤਾਵਾਂ ਨੂੰ ਕੁਝ ਖੇਡਾਂ ਕਰਵਾ ਕੇ ਉਨ੍ਹਾਂ ਤੋਂ ਪ੍ਰਸ਼ਨ ਦੇ ਉੱਤਰ ਪੁੱਛੇ ਗਏ ਜਿਸ ਮੌਕੇ ਉਨ੍ਹਾਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ। ਤੀਜ ਮੌਕੇ ਵਿਦਿਆਰਥੀਆਂ ਦੀਆਂ ਦਾਦੀਆਂ ਦੇ ਬੋਲੀਆਂ, ਸਿੱਠਣੀਆਂ ਤੇ ਲੋਕ ਗੀਤ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਗੋਲਡਨ ਤੀਜ ਦਾ ਖਿਤਾਬ ਪਹਿਲੀ ਕਲਾਸ ਦੀ ਵਿਦਿਆਰਥਣ ਪ੍ਰਨੀਤ ਕੌਰ ਦੇ ਦਾਦੀ ਜਸਵੀਰ ਕੌਰ ਜੀ ਨੇ ਪ੍ਰਾਪਤ ਕੀਤਾ। ਵਿਦਿਆਰਥੀਆਂ ਦੀਆਂ ਮੰਮੀਆਂ ਦੇ ਮੁਕਾਬਲਿਆਂ ਵਿੱਚ ਮਜਾਜ ਨਾਲ ਤੁਰਨਾ, ਬੋਲੀਆਂ, ਸੱਭਿਆਚਾਰ ਨਾਲ ਸਬੰਧਤ ਪ੍ਰਸ਼ਨਾਂ ਦੇ ਉੱਤਰ ਪੁੱਛੇ ਗਏ।ਇਹਨਾਂ ਮੁਕਾਬਲਿਆਂ ਵਿੱਚ ਸਿਲਵਰ ਤੀਜ ਦਾ ਖਿਤਾਬ ਪਹਿਲੀ ਕਲਾਸ ਦੀ ਵਿਦਿਆਰਥਣ ਪਰਵਾਨ ਕੌਰ ਦੇ ਮੰਮੀ ਸੁਮਨਪ੍ਰੀਤ ਕੌਰ ਅਤੇ ਤੀਜੀ ਕਲਾਸ ਦੇ ਵਿਦਿਆਰਥੀ ਜੋਬਨਜੋਤ ਸਿੰਘ ਦੇ ਮੰਮੀ ਅਮਨਦੀਪ ਕੌਰ ਨੇ ਪ੍ਰਾਪਤ ਕੀਤਾ। ਰਿਵਾਇਤੀ ਬੋਲੀਆਂ ਅਤੇ ਲੋਕ ਗੀਤਾਂ ਦੀ ਪੇਸ਼ਕਾਰੀ ਬੜੀ ਦਿਲਚਸਪੀ ਨਾਲ ਪੇਸ਼ ਕੀਤੀ ਗਈ। ਪ੍ਰੋਗਰਾਮ ਦੌਰਾਨ ਸਾਰੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਰਿਫਰੈੱਸ਼ਮੈਂਟ ਵੰਡੀ ਗਈ । ਸਾਰੇ ਅਧਿਆਪਕਾਂ ਨੇ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰਾ ਕੀਤਾ।ਇਸ ਤਰ੍ਹਾਂ ਦੋ ਰੋਜ਼ਾ ਪ੍ਰੋਗਰਾਮ ਸਾਰਿਆਂ ਦੇ ਦਿਲਾਂ 'ਤੇ ਅਮਿੱਟ ਯਾਦਾਂ ਛੱਡਦਾ ਹੋਇਆ ਸਫਲਤਾਪੂਰਵਕ ਸਮਾਪਤ ਹੋਇਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਦੇ ਸਟਾਫ਼ ਅਤੇ

# ਵਿਦਿਆਰਥੀਆਂ ਨੇ ਅਜ਼ਾਦੀ ਦਿਹਾੜਾ ਮਨਾਇਆ









**ਬਰਨਾਲਾ (ਵਰਿਆਮ ਹਠੂਰ )**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਵਿਖੇ ਅਜ਼ਾਦੀ ਦਿਹਾੜਾ ਮਨਾਇਆ ਗਿਆ ਇਸ ਮੌਕੇ ਝੰਡਾ ਲਹਿਰਾਉਣ ਦੀ ਰਸਮ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ, ਸ੍ਰ: ਸਵਰਨ ਸਿੰਘ ਦੀਵਾਨਾ, ਸ੍ਰ: ਪ੍ਰੀਤਮ ਸਿੰਘ ਦੀਵਾਨਾ ਅਤੇ ਕੁਲਜੀਤ ਸਿੰਘ ਨੇ ਅਦਾ ਕੀਤੀ ਇਸ ਮੌਕੇ ਬੋਲਦਿਆਂ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਕਿਹਾ ਕਿ ਅਜ਼ਾਦੀ ਪ੍ਰਾਪਤ ਕਰਨ ਲਈ ਬਹੁਤ ਸੰਘਰਸ਼ ਲੜਨੇ ਪਏ ਤੇ ਦੇਸ਼ ਦੀ ਆਜ਼ਾਦੀ ਲਈ ਮਹਾਨ ਸੂਰਬੀਰ ਯੋਧਿਆਂ ਨੇ ਆਪਣੀਆਂ ਕੀਮਤੀ ਜਾਨਾਂ ਕੁਰਬਾਨ ਕਰ ਦਿੱਤੀਆਂ, ਇਹਨਾਂ ਸੰਘਰਸ਼ਾਂ ਦੇ ਬਾਵਜੂਦ ਸਾਡਾ ਭਾਰਤ ਦੇਸ਼ 15 ਅਗਸਤ 1947 ਨੂੰ ਅਜ਼ਾਦ ਹੋਇਆ। ਇਹ ਦੇਸ਼ ਦੀ ਆਜ਼ਾਦੀ ਵਿਚ ਸਾਡੇ ਦੇਸ਼ ਦੇ ਸੂਰਬੀਰ ਯੋਧਿਆਂ ਦਾ ਬਹੁਤ ਵੱਡਾ ਯੋਗਦਾਨ ਹੈ। ਜਿਨ੍ਹਾਂ ਦੇ ਕਾਰਨ ਅਸੀ ਅੱਜ ਇਹ ਆਜ਼ਾਦੀ ਦਾ ਜੀਵਨ ਜੀ ਰਹੇ ਹਾਂ ਇਸ ਜੰਗ ਵਿੱਚ ਸਾਡੇ ਬਹੁਤ ਸਾਰੇ ਯੋਧੇ ਸ਼ਹਾਦਤ ਦਾ ਜਾਮ ਪੀ ਗਏ ਸਾਨੂੰ ਸਾਡੇ ਦੇਸ਼ ਦੇ ਪਹਿਰੇਦਾਰਾਂ ਦੀ ਕਦਰ ਕਰਨੀ ਚਾਹੀਦੀ ਹੈ, ਸਭਨਾ ਦੇਸ਼ਭਗਤੀ ਦੀ ਭਾਵਨਾ ਦਿਲ ਚ ਰੱਖਣੀ ਚਾਹੀਦੀ ਹੈ ਸਾਡੇ ਮਨਾਂ ਵਿੱਚ ਦੇਸ਼ ਪ੍ਰਤੀ ਪਿਆਰ ਦਾ ਜਜ਼ਬਾ ਭਰਿਆ ਹੋਣਾ ਚਾਹੀਦਾ ਹੈ। ਸਾਨੂੰ ਮਹਾਨ ਸ਼ਹੀਦਾ ਦੀਆਂ ਕੁਰਬਾਨੀਆਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ। ਸਕੂਲ ਦੀ ਸਟੇਜ ਤੋਂ ਸਕੂਲ ਸਟਾਫ਼ ਨੇ ਦੇਸ਼ ਦੀ ਆਜ਼ਾਦੀ ਦੀ ਜੰਗ ਦੌਰਾਨ ਸ਼ਹੀਦ ਹੋਏ ਮਹਾਨ ਸ਼ਹੀਦਾ ਨੂੰ ਸ਼ਰਧਾਜ਼ਲੀ ਦਿੱਤੀ, ਤੇ ਸਕੂਲ ਦੇ ਬੱਚਿਆਂ ਨੇ ਦੇਸ਼ ਭਗਤੀ ਦੇ ਜਜ਼ਬੇ ਨਾਲ ਭਰੀਆਂ ਕੋਰਿਓਗ੍ਰਾਫੀਆਂ, ਨਾਟਕ, ਕਵਿਤਾਵਾਂ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ, ਇਸ ਤੋਂ ਇਲਾਵਾ ਬੱਚਿਆਂ ਨੇ ਭਾਸ਼ਣ ਦਿੱਤੇ ਤੇ ਤਿਆਰ ਕੀਤੇ ਵੱਖ ਵੱਖ ਚਾਰਟ ਪੇਸ਼ ਕੀਤੇ। ਸਮੂਹ ਸਕੂਲ ਸਟਾਫ਼ ਨੇ ਬੱਚਿਆਂ ਨੂੰ ਹੌਸਲਾ ਦਿੱਤਾ। ਇਸ ਮੌਕੇ ਕੁਲਜੀਤ ਸਿੰਘ, ਮੈਡਮ ਗੁਰਪ੍ਰੀਤ ਕੌਰ, ਆਸ਼ੂ ਵਰਮਾ, ਰਮਨਜੀਤ ਕੌਰ, ਸੁਖਮੀਤ ਕੌਰ, ਪ੍ਰਦੀਪ ਕੌਰ, ਪਵਨਜੀਤ ਕੌਰ, ਹਰਪ੍ਰੀਤ ਕੌਰ, ,ਮਨਦੀਪ ਕੌਰ ,ਅਮਨਜੋਤ ਕੌਰ, ਅਮਨਦੀਪ ਕੌਰ, ਕਮਲਜੀਤ ਕੌਰ, ਲਛਮਣੀ, ਲਵਪ੍ਰੀਤ ਕੌਰ ਸੁਖਪ੍ਰੀਤ ਕੋਰ ਆਦਿ ਤੋਂ ਇਲਾਵਾ ਸਮੁੱਚੀ ਮੈਨੇਜ਼ਮੈਂਟ ਹਾਜ਼ਿਰ ਸੀ।

## ਚੜ੍ਹਦੀਕਲਾ ਵੈਲਫੇਅਰ ਕਲੱਬ ਵੱਲੋਂ ਜੱਜ ਦੀ ਕਲਰਕ ਲੱਗਣ ਤੋਂ ਬਾਅਦ ਪਹਿਲੀ ਵਾਰ ਪਿੰਡ ਪਹੁੰਚਣ 'ਤੇ ਪਵਨਦੀਪ ਕੌਰ ਦਾ ਕੀਤਾ ਸਨਮਾਨ



ਤਲਵੰਡੀ ਸਾਬੋ, 16 ਅਗਸਤ (ਗੁਰਜੰਟ ਸਿੰਘ ਨਥੇਹਾ)- ਹਲਕਾ ਤਲਵੰਡੀ ਸਾਬੋ ਦੇ ਨੇੜਲੇ ਪਿੰਡ ਜਗਾ ਰਾਮ ਤੀਰਥ ਦੇ ਇੱਕ ਸਧਾਰਨ ਕਿਸਾਨ ਪਰਿਵਾਰ ਦੀ ਬੇਟੀ ਕੋਰਟ ਵਿੱਚ ਜੱਜ ਦੀ ਕਲਰਕ ਲੱਗਣ 'ਤੇ ਪਿੰਡ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਪਾਈ ਗਈ ਉਸਦੇ ਪਿੰਡ ਪੁੱਜਣ 'ਤੇ ਡੇਰਾ ਬਾਬਾ ਸੰਧਿਆ ਦਾਸ ਦੇ ਗੱਦੀ ਨਸ਼ੀਨ ਬਾਬਾ ਹਰਬੰਸ ਦਾਸ ਜੀ ਅਤੇ ਚੜਦੀ ਕਲਾ ਵੈਲਫੇਅਰ ਕਲੱਬ ਵੱਲੋਂ ਉਸ ਦਾ ਮਾਨ ਸਨਮਾਨ ਕੀਤਾ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪਵਨਦੀਪ ਕੌਰ ਪੁੱਤਰੀ ਰਾਮ ਸਿੰਘ ਚੋਟੀਆ ਨੇ ਕਿਹਾ ਕਿ ਬਾਬਾ ਜੀ ਦੇ ਆਸ਼ੀਰਵਾਦ ਸਦਕਾ ਅਤੇ ਮੇਰੀ ਸਖਤ ਮਿਹਨਤ ਨਾਲ ਮੈਨੂੰ ਇਹ ਇਹ ਨੌਕਰੀ ਪ੍ਰਾਪਤ ਹੋਈ ਜਿਸ ਨਾਲ ਅੱਜ ਸਾਡੇ ਪਿੰਡ ਜਗਾ ਰਾਮ ਤੀਰਥ ਦਾ ਨਾਮ ਉੱਚਾ ਹੋਇਆ। ਉਹਨਾਂ ਕਿਹਾ ਕਿ ਹਰ ਇੱਕ ਲੜਕੀ ਨੂੰ ਸਖਤ ਮਿਹਨਤ ਕਰਕੇ ਇਹੋ ਜਿਹੀਆਂ ਨੌਕਰੀਆਂ ਪ੍ਰਾਪਤ ਕਰਨੀਆਂ ਚਾਹੀਦੀਆਂ ਹਨ ।ਇਸ ਸਮੇਂ ਚੜ੍ਹਦੀਕਲਾ ਵੈਲਫੇਅਰ ਕਲੱਬ ਦੇ ਪ੍ਰਧਾਨ ਜੱਗਾ ਸਿੰਘ ਸਿੱਧੂ ਨੇ ਦੱਸਿਆ ਕਿ ਇਹ ਬੇਟੀ ਇੱਕ ਸਧਾਰਨ ਕਿਸਾਨ ਪਰਿਵਾਰ ਦੀ ਬੇਟੀ ਹੈ ਜੋ ਕਿ ਆਪਣੀ ਸਖ਼ਤ ਮਿਹਨਤ ਸਦਕਾ ਇਸ ਪੁਜੀਸ਼ਨ 'ਤੇ ਪਹੁੰਚੀ ਹੈ। ਉਹਨਾਂ ਕਿਹਾ ਕਿ ਸਾਡੇ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ ਉਹਨਾਂ ਕਿਹਾ ਕਿ ਹੋਰਨਾਂ ਬੇਟੀਆਂ ਨੂੰ ਵੀ ਇਸ ਬੇਟੀ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ ਕਿ ਸਖਤ ਮਿਹਨਤ ਕਰਨ ਇਸੇ ਤਰ੍ਹਾਂ ਨੌਕਰੀ ਦੇ ਯੋਗ ਹੋ ਕੇ ਨੌਕਰੀ ਕਰਨ। ਇਸ ਮੌਕੇ ਅਵਤਾਰ ਸਿੰਘ ਬਿੱਟੂ, ਬਲਦੇਵ ਸਿੰਘ ਮਾਸਟਰ, ਰਾਮ ਸਿੰਘ ਚੋਟੀਆ, ਗੁਰਪ੍ਰੀਤ ਸਰਪੰਚ, ਡਾਕਟਰ ਰੇਸ਼ਮ ਸਿੰਘ, ਪਾਲੀ ਸਿੰਘ ਆਦਿ ਮੌਕੇ 'ਤੇ ਹਾਜ਼ਰ ਸਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
ਆਵਾਜ਼ਿ ਕੌਮ AWAZE QAUM International Newspaper & WEB TV

### ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਹੋਏ ਦੋਵੇਂ ਕਾਤਲਾਨਾ ਹਮਲਿਆਂ ਦੀ ਐੱਨਆਈਏ

# ਜਾਂਚ ਕਰਵਾਈ ਜਾਵੇ, ਹਰਸਿਮਰਤ ਕੌਰ ਬਾਦਲ ਨੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਕੀਤੀ ਅਪੀਲ

**☛ ਪੰਜਾਬ ਬਚਾਓ ਮੁਹਿੰਮ ਦੇ ਦੂਜੇ ਪੜਾਅ ਤਹਿਤ ਵਿਸ਼ਾਲ ਰੈਲੀ ਨੂੰ ਕੀਤਾ ਸੰਬੋਧਨ, ਅਕਾਲੀ ਦਲ ਦੇ ਪ੍ਰਧਾਨ ਦੀ ਗੰਭੀਰ ਜ਼ਖ਼ਮੀ ਹੋਈ ਬਾਂਹ ਦੀ ਸਰਜਰੀ ਜਿਸ ਤਹਿਤ 150 ਟਾਂਕੇ ਲੱਗੇ ਹਨ, ਮਗਰੋਂ ਦੀਆਂ ਤਸਵੀਰਾਂ ਵਿਖਾਈਆਂ ☛ ਜ਼ੋਰ ਦੇ ਕੇ ਕਿਹਾ ਕਿ ਗੁਰੂ ਦੋਖੀ ਤੇ ਦੇਸ਼ ਵਿਰੋਧੀ ਅਨਸਰ ਪੰਜਾਬ ਦੀ ਮਿਹਨਤ ਨਾਲ ਕਮਾਈ ਸ਼ਾਂਤੀ ਨੂੰ ਭੰਗ ਕਰਨਾ ਚਾਹੁੰਦੇ ਹਨ ਪਰ ਸੁਖਬੀਰ ਸਿੰਘ ਬਾਦਲ ਪਹਿਲਾਂ ਨਾਲੋਂ ਵੀ ਮਜ਼ਬੂਤ ਹੋ ਕੇ ਨਿਤਰਣਗੇ**

ਗੁਰੂਹਰਸਹਾਏ, 16 ਅਗਸਤ (ਮਨੋਹਰ ਲਾਲ): ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਬਠਿੰਡਾ ਦੇ ਐੱਮ.ਪੀ ਸਰਦਾਰਨੀ ਹਰਸਿਮਰਤ ਕੌਰ ਬਾਦਲ ਨੇ ਅੱਜ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨੂੰ ਪੱਤਰ ਲਿਖ ਕੇ ਮੰਗ ਕੀਤੀ ਕਿ ਪਾਰਟੀ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ 'ਤੇ ਹੋਏ ਦੋ ਕਾਤਲਾਨਾ ਹਮਲਿਆਂ ਦੀ ਕੌਮੀ ਜਾਂਚ ਏਜੰਸੀ (ਐਨ ਆਈ ਏ) ਕੋਲੋਂ ਜਾਂਚ ਕਰਵਾਈ ਜਾਵੇ ਅਤੇ ਉਨ੍ਹਾਂ ਨੇ ਇਨ੍ਹਾਂ ਹਮਲਿਆਂ ਨੂੰ ਇਕ ਡੂੰਘੀ ਸਾਜ਼ਿਸ਼ ਕਰਾਰ ਦਿੱਤਾ ਜਿਸ ਵਿਚ ਸਿਆਸਤਦਾਨ ਤੇ ਪੁਲਿਸ ਅਫਸਰ ਦੋਵੇਂ ਸ਼ਾਮਲ ਹਨ। ਬਠਿੰਡਾ ਦੇ ਐਮ ਪੀ, ਜਿਹਨਾਂ ਨੇ ਇਥੇ ਪਾਰਟੀ ਦੀ ਪੰਜਾਬ ਬਚਾਓ ਮੁਹਿੰਮ ਦੇ ਦੂਜੇ ਪੜਾਅ ਵਜੋਂ ਵਿਸ਼ਾਲ ਰੈਲੀ ਨੂੰ ਸੰਬੋਧਨ ਕੀਤਾ, ਨੇ ਸਰਦਾਰ ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਮਗਰੋਂ ਗੰਭੀਰ ਜ਼ਖ਼ਮੀ ਹੋਈ ਬਾਂਹ ਜਿਸਦੀ ਹੋਈ ਸਰਜਰੀ ਤਹਿਤ 150 ਟਾਂਕੇ ਲੱਗੇ ਹਨ ਅਤੇ ਹਮਲੇ ਵਿਚ ਹਮਲਾਵਰ ਵੱਲੋਂ ਵਰਤੀ ਗਈ ਡੇਢ ਫੁੱਟ ਲੰਬੀ ਕਿਰਚ ਦੀਆਂ ਤਸਵੀਰਾਂ ਵੀ ਮੀਡੀਆ ਨਾਲ ਸਾਂਝੀਆਂ ਕੀਤੀਆਂ। ਉਹਨਾਂ ਦੱਸਿਆ ਕਿ ਦੋਵੇਂ ਪਾਸੇ ਅਤੇ ਅੰਦਰਲੇ ਪਾਸੇ ਵੀ ਜ਼ਖ਼ਮ ਨੂੰ ਕਵਰ ਕਰਨ ਵਾਸਤੇ 150 ਤੋਂ ਜ਼ਿਆਦਾ ਟਾਂਕੇ ਲੱਗੇ ਹਨ। ਉਹਨਾਂ ਕਿਹਾ ਕਿ ਕਿਰਚ ਬਹੁਤ ਤਿੱਖੀ ਤੇ ਲੰਬੀ ਸੀ ਜਿਸ ਕਾਰਨ ਇਹ ਬਾਂਹ ਦੇ ਆਰ ਪਾਰ ਹੋ ਗਈ। ਸਰਦਾਰਨੀ ਬਾਦਲ ਨੇ ਨਾਂਦੇੜ ਸਾਹਿਬ ਦੇ ਨਾਲ-ਨਾਲ 4 ਦਸੰਬਰ 2024 ਨੂੰ ਸ੍ਰੀ ਦਰਬਾਰ ਸਾਹਿਬ ਦੇ ਬਾਹਰ ਹੋਏ ਹਮਲੇ ਨੂੰ ਸਰਦਾਰ ਬਾਦਲ ਨੂੰ ਜਾਨੋਂ ਮਾਰਨ ਅਤੇ ਅਕਾਲੀ ਦਲ ਨੂੰ ਕਮਜ਼ੋਰ ਕਰਨ ਦੀ ਡੂੰਘੀ ਸਾਜ਼ਿਸ਼ ਕਰਾਰ ਦਿੱਤਾ। ਉਹਨਾਂ ਕਿਹਾ ਕਿ ਇਸੇ ਵਾਸਤੇ ਮੈਂ ਕੇਂਦਰੀ ਗ੍ਰਹਿ ਮੰਤਰੀ ਨੂੰ ਬੇਨਤੀ ਕੀਤੀ ਹੈ ਕਿ ਇਸ ਸਾਰੇ ਮਾਮਲੇ ਤੇ ਦੋਵਾਂ ਘਟਨਾਵਾਂ ਦੀ ਐਨ ਆਈ ਏ ਕੋਲੋਂ ਜਾਂਚ ਕਰਵਾਈ ਜਾਵੇ। ਉਹਨਾਂ ਕਿਹਾ ਕਿ ਅਜਿਹਾ ਇਸ ਕਰ ਕੇ ਕਰਨਾ ਪਵੇਗਾ ਕਿਉਂਕਿ ਜਿਸ ਵਿਅਕਤੀ ਨੇ ਸ੍ਰੀ ਦਰਬਾਰ ਸਾਹਿਬ ਦੇ ਬਾਹਰ ਅਕਾਲੀ ਦਲ ਪ੍ਰਧਾਨ 'ਤੇ ਹਮਲਾ ਕੀਤਾ, ਉਹ ਆਈ ਐਸ ਆਈ ਦਾ ਏਜੰਟ ਹੈ ਤੇ ਇਕ ਐਸ ਪੀ ਰੈਂਕ ਦਾ ਅਫਸਰ ਉਸਦੀ ਮਦਦ ਕਰ ਰਿਹਾ ਸੀ ਤੇ ਇਸ ਘਿਨੌਣੇ ਅਪਰਾਧ ਦੇ ਤਿੰਨ ਮਹੀਨਿਆਂ ਵਿਚ ਹੀ



ਉਸਨੂੰ ਜ਼ਮਾਨਤ ਮਿਲ ਗਈ। ਉਹਨਾਂ ਦੱਸਿਆ ਕਿ ਜਦੋਂ ਨਾਂਦੇੜ ਸਾਹਿਬ ਵਿਖੇ ਹੋਏ ਹਮਲੇ ਵੇਲੇ ਸਰਦਾਰ ਬਾਦਲ ਗੁਰਦੁਆਰਾ ਮਾਤਾ ਸਾਹਿਬ ਦੀਵਾਨ ਜੀ ਦੀਆਂ ਪੌੜੀਆਂ ਉਤਰ ਰਹੇ ਸਨ ਤਾਂ ਹਮਲਾਵਰ ਜੋ ਨਿਹੰਗ ਬਣ ਕੇ ਆਇਆ ਸੀ, ਨੇ ਪਹਿਲਾਂ ਉਹਨਾਂ ਦੇ ਨਾਲ ਤੁਰਨ ਦਾ ਡਰਾਮਾ ਕੀਤਾ ਤੇ ਫਿਰ ਅਚਨਚੇਤ ਹੀ ਹਮਲਾ ਬੋਲ ਦਿੱਤਾ। ਉਹਨਾਂ ਕਿਹਾ ਕਿ ਅਜਿਹਾ ਘਿਨੌਣਾ ਕੰਮ ਕੋਈ ਸੱਚਾ ਗੁਰੂ ਦਾ ਸਿੱਖ ਨਹੀਂ ਕਰ ਸਕਦਾ ਅਤੇ ਸਾਰੇ ਮਾਮਲੇ ਦੀ ਐਨ ਆਈ ਏ ਕੋਲੋਂ ਜਾਂਚ ਕਰਵਾਉਣ ਦੀ ਜ਼ਰੂਰਤ ਹੈ ਤਾਂ ਜੋ ਇਹਨਾਂ ਹਮਲਿਆਂ ਦੀ ਤਹਿ ਤੱਕ ਜਾਇਆ ਜਾ ਸਕੇ ਤੇ ਉਹ ਵਿਅਕਤੀ ਵੀ ਪਛਾਣੇ ਜਾ ਸਕਣ ਜਿਹਨਾਂ ਨੇ ਇਹ ਹਮਲੇ ਕਰਵਾਏ।

ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਅਜਿਹੇ ਗੁਰੂ ਦੋਖੀ ਤੇ ਦੇਸ਼ ਵਿਰੋਧੀ ਅਨਸਰ ਪੰਜਾਬ ਦੀ ਮਿਹਨਤ ਨਾਲ ਕਮਾਈ ਸ਼ਾਂਤੀ ਨੂੰ ਭੰਗ ਕਰਨਾ ਚਾਹੁੰਦੇ ਹਨ ਪਰ ਇਹਨਾਂ ਵੰਡ ਪਾਊ ਕਾਰਵਾਈਆਂ ਨਾਲ ਕਦੇ ਵੀ ਅਕਾਲੀ ਦਲ ਨਹੀਂ ਡਰੇਗਾ ਤੇ ਸਰਦਾਰ ਸੁਖਬੀਰ ਸਿੰਘ ਬਾਦਲ ਪਹਿਲਾਂ ਨਾਲੋਂ ਵੀ ਮਜ਼ਬੂਤ ਹੋ ਕੇ ਨਿਤਰਣਗੇ। ਉਹਨਾਂ ਦੱਸਿਆ ਕਿ ਅਕਾਲੀ ਦਲ ਦੇ ਪ੍ਰਧਾਨ ਨੂੰ ਹਸਪਤਾਲ ਤੋਂ ਛੁੱਟੀ ਮਿਲ ਗਈ ਹੈ ਤੇ ਉਹ ਪੂਰੀ ਚੜ੍ਹਦੀਕਲਾ ਵਿਚ ਹਨ ਤੇ ਉਹਨਾਂ ਇਹ ਵੀ ਦੱਸਿਆ ਕਿ ਇਕ ਬਾਜ ਉਹਨਾਂ ਦੇ ਹਸਪਤਾਲ ਦੀ ਖਿੜਕੀ ਦੇ ਗੇੜੇ ਲਗਾ ਰਿਹਾ ਸੀ ਜਿਸਨੂੰ ਵੇਖ ਕੇ ਉਹਨਾਂ ਦੀ ਪੰਥ ਦੀ ਸੇਵਾ ਦੀ ਭਾਵਨਾ ਹੋਰ ਮਜ਼ਬੂਤ ਹੋਈ ਹੈ। ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਕੋਈਵੀ ਤਾਕਤ ਅਕਾਲੀ ਦਲ ਨੂੰ ਇਸੇ ਰਾਹ ਤੋਂ ਪਾਸੇ ਨਹੀਂ ਕਰ ਸਕਦੀ। ਉਹਨਾਂ ਕਿਹਾ ਕਿ ਸਾਡੀ ਤਾਕਤ, ਸਾਡੀ ਮਜ਼ਬੂਤੀ ਸਾਡਾ ਸਭ ਕੁਝ ਸਾਡੇ ਗੁਰੂ ਸਾਹਿਬ ਹਨ। ਇਸ ਲਈ ਮੈਂ ਇਹਨਾਂ ਵੰਡ ਪਾਊ ਤਾਕਤਾਂ ਨੂੰ ਚੁਣੌਤੀ ਦਿੰਦੀਹਾਂ ਕਿ ਜਿੰਨਾ ਤੁਸੀਂ ਸਾਡੇ 'ਤੇ ਹਮਲੇ ਬੋਲੋਗੇ ਅਸੀਂ ਉਨੇ ਹੋਰ ਮਜ਼ਬੂਤ ਹੋ ਕੇ ਨਿਤਰਾਂਗੇ। ਬਾਦਲ ਨੇ ਵਿਸ਼ਾਲ ਇਕੱਠ ਵੱਲੋਂ ਅਕਾਲੀ ਦਲ ਪ੍ਰਧਾਨ ਦੇ ਹੱਕ ਵਿਚ ਜ਼ੋਰਦਾਰ ਨਾਅਰੇਬਾਜ਼ੀ ਕਰਨ ਵੇਲੇ ਕੀਤੇ ਸੰਬੋਧਨ ਵਿਚ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਪ੍ਰਣ ਲੈਣ ਕਿ ਸਿਰਫ ਪੰਜਾਬੀ ਹੀ ਪੰਜਾਬ 'ਤੇ ਰਾਜ ਕਰਨਗੇ ਅਤੇ ਸੂਬੇ ਦੇ ਖ਼ਜ਼ਾਨੇ ਪੰਜਾਬੀਆਂ ਦੀ ਇੱਛਾ ਪੂਰਤੀ 'ਤੇ ਲੱਗਣਗੇ ਨਾ ਕਿ ਬਾਹਰਲਿਆਂ ਦੇ ਖ਼ਜ਼ਾਨੇ ਭਰਨ ਵਾਸਤੇ ਵਰਤੇ ਜਾਣਗੇ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਦ੍ਰਿੜ੍ਹ ਨਿਸ਼ਚਾ ਕਰਨ ਕਿ ਸਰਕਾਰੀ ਨੌਕਰੀਆਂ ਸਿਰਫ ਪੰਜਾਬੀਆਂ ਨੂੰ ਮਿਲਣ ਨਾ ਕਿ ਬਾਹਰਲਿਆਂ ਨੂੰ ਮਿਲਣ। ਉਹਨਾਂ ਕਿਹਾ ਕਿ ਅਸੀਂ ਇਹਵੀ ਪ੍ਰਣ ਲਈਏ ਕਿ ਆਮ ਆਦਮੀ ਪਾਰਟੀ ਸਰਕਾਰ ਵਿਚ ਜਿਹੜਾ ਗੈਂਗਸਟਰਾਂ ਦਾ ਰਾਜ ਚਲ ਰਿਹਾ ਹੈ, ਉਸਦਾ ਅਸੀਂ ਖ਼ਾਤਮਾ ਕਰਾਂਗੇ। ਉਹਨਾਂ ਨੇ ਇਹ ਵੀ ਕਿਹਾ ਕਿ ਪੰਜਾਬ ਦੇ ਦਰਿਆਈ ਪਾਣੀਆਂ 'ਤੇ ਅਤੇ ਰਾਜਧਾਨੀ ਸ਼ਹਿਰ ਚੰਡੀਗੜ੍ਹ 'ਤੇ ਪੰਜਾਬ ਦਾ ਹੱਕ ਕਮਜ਼ੋਰ ਨਹੀਂ ਪੈਣਾ ਚਾਹੀਦਾ।

ਹਰਸਿਮਰਤ ਬਾਦਲ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਧਰਮ ਦੀ ਆੜ ਵਿਚ ਨਫਰਤ ਦੀ ਰਾਜਨੀਤੀ ਕਰਨ ਤੇ ਸਮਾਜ ਵਿਚ ਵੰਡੀਆਂ ਪਾਉਣ ਵਾਲਿਆਂ ਤੋਂ ਸੁਚੇਤ ਰਹਿਣ। ਉਹਨਾਂ ਕਿਹਾ ਕਿ ਸਾਨੂੰ ਸਰਦਾਰ ਪ੍ਰਕਾਸ਼ ਸਿੰਘ ਬਾਦਲ ਦੇ ਨਕਸ਼ੇ ਕਦਮ 'ਤੇ ਚੱਲਣਾ ਚਾਹੀਦਾ ਹੈ ਤੇ ਸੂਬੇ ਵਿਚ ਅਮਨ ਸ਼ਾਂਤੀ ਤੇ ਆਪਸੀ ਭਾਈਚਾਰਕ ਸਾਂਝ ਨੂੰ ਆਪਣੀ ਨੀਤੀ ਦਾ ਮੁੱਖ ਧੁਰਾ ਬਣਾਉਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਇਸੇ ਨੀਤੀ ਦੀ ਬਦੌਲਤ ਪਹਿਲਾਂ ਵੀ ਤੇਜ਼ ਰਫਤਾਰ ਵਿਕਾਸ ਤੇ ਤਰੱਕੀ ਹੋਈ ਤੇ ਫਿਰ ਤੋਂ ਰਾਜ ਹਨੇਰੇ ਵਿਚੋਂ ਬਾਹਰ ਆ ਸਕਣਗੇ। ਉਹਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਖੇਤਰੀ ਪਾਰਟੀ ਦੀ ਹਮਾਇਤ ਕਰਨ ਅਤੇ ਜ਼ੋਰ ਦੇ ਕੇ ਕਿਹਾ ਕਿ ਪਹਿਲਾਂ ਗੁਟਕਾ ਸਾਹਿਬ (ਕਾਂਗਰਸ) ਦੀ ਝੂਠੀ ਸਹੁੰ ਖਾਣ ਵਾਲਿਆਂ ਤੇ ਬਦਲਾਅ (ਆਪ) ਵਾਲਿਆਂ ਨੇ ਲੋਕਾਂ ਨਾਲ ਧੋਖਾ ਕੀਤਾ ਹੈ। ਪਾਰਟੀ ਦੇ ਹਲਕਾ ਇੰਚਾਰਜ ਤੇ ਸੀਨੀਅਰ ਆਗੂ ਵਰਦੇਵ ਸਿੰਘ ਮਾਨ ਨੇ ਦੱਸਿਆ ਕਿ ਕਿਵੇਂ ਪਿਛਲੀ ਅਕਾਲੀ ਦਲ ਦੀ ਸਰਕਾਰ ਵੇਲੇ ਇਥੇ ਨਵੇਂ ਸੀਵਰੇਜ ਸਿਸਟਮ ਵਾਸਤੇ 75 ਕਰੋੜ ਰੁਪਏ ਅਲਾਟ ਹੋਏ ਸਨ ਪਰ ਫਿਰ ਕਾਂਗਰਸ ਸਰਕਾਰ ਬਣ ਗਈ ਜਿਸਨੇ ਪੈਸੇ ਹੀ ਜਾਰੀ ਨਹੀਂ ਕੀਤੇ ਤੇ ਸ਼ਹਿਰ ਨਰਕ ਬਣ ਗਿਆ। ਉਹਨਾਂ ਨੇ ਨਵੇਂ ਸੀਵਰੇਜ ਸਿਸਟਮ ਦੀ ਮੰਗ ਕਰਦਿਆਂ ਇਹ ਵੀ ਮੰਗ ਕੀਤੀ ਕਿ ਸਤਲੁਜ ਦਰਿਆ ਦੇ ਨਾਲ ਲੱਗਦੀ ਜ਼ਮੀਨ ਵਾਹੁਣ ਵਾਲੇ ਕਿਸਾਨਾਂ ਨੂੰ ਮਾਲਕਾਨਾਂ ਹੱਕ ਦਿੱਤੇ ਜਾਣ ਜੋ ਕਿ ਸਾਬਕਾ ਮੁੱਖ ਮੰਤਰੀ ਸਰਦਾਰ ਪ੍ਰਕਾਸ਼ ਸਿੰਘ ਬਾਦਲ ਨੇ ਦਿੱਤੇ ਸਨ ਪਰ ਬਾਅਦ ਵਿਚ ਉਹ ਵਾਪਸ ਲੈ ਲਏ ਗਏ। ਉਹਨਾਂ ਮੰਗ ਕੀਤੀ ਕਿ ਇਹ ਬਹਾਲ ਕੀਤੇ ਜਾਣ। ਉਹਨਾਂ ਨੇ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਹਲਕੇ ਵਿਚ ਇਕ ਗਰਲਜ਼ ਕਾਲਜ ਤੇ ਹਸਪਤਾਲ ਬਣਾਉਣ ਦੀ ਮੰਗ ਵੀ ਕੀਤੀ। ਇਸ ਮੌਕੇ ਸੀਨੀਅਰ ਆਗੂ ਬਲਵਿੰਦਰ ਸਿੰਘ ਭੂੰਦੜ, ਜਨਮੇਜਾ ਸਿੰਘ ਸੇਖੋਂ, ਸਿਕੰਦਰ ਸਿੰਘ ਮਲੂਕਾ, ਡਾ. ਦਲਜੀਤ ਸਿੰਘ ਚੀਮਾ, ਨਰਦੇਵ ਸਿੰਘ ਮਾਨ, ਜੋਗਿੰਦਰ ਸਿੰਘ ਜਿੰਦੂ, ਸੁਖਪਾਲ ਨੰਨੂ, ਰਾਜ ਕੁਮਾਰ ਡਿੱਬੀਪੁਰਾ, ਹਰਪ੍ਰੀਤ ਸਿੰਘ ਹੀਰੋ ਅਤੇ ਐਸ ਓ ਆਈ ਪ੍ਰਧਾਨ ਰਣਬੀਰ ਸਿੰਘ ਢਿੱਲੋਂ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ।

### 100 ਸਾਲਾ ਬੀਬੀ ਮਹਿੰਦਰ ਕੌਰ ਨੇ ਪਾਈ ਵੋਟ

# ਖਾਲਿਸਤਾਨ ਰੈਫਰੈਂਡਮ ਲਈ ਇੰਡੀਆਨਾਪੋਲਿਸ 'ਚ ਉਮੜਿਆ ਸਿੱਖਾਂ ਦਾ ਸੈਲਾਬ

## ਪੰਜ ਪਿਆਰਿਆਂ ਨੇ ਅਰਦਾਸ ਉਪਰੰਤ ਕੀਤੀ ਵੋਟਿੰਗ ਦੀ ਸ਼ੁਰੂਆਤ, ਲੰਬੀਆਂ ਕਤਾਰਾਂ 'ਚ ਖੜ੍ਹੇ ਨਜ਼ਰ ਆਏ ਹਜ਼ਾਰਾਂ ਸਿੱਖ














ਇੰਡੀਆਨਾਪੋਲਿਸ – ਸਰਬਜੀਤ ਸਿੰਘ ਬਨੂੜ – ਭਾਰਤ ਤੋਂ ਵੱਖਰੇ ਦੇਸ਼ ਖਾਲਿਸਤਾਨ ਦੀ ਮੰਗ ਨੂੰ ਲੈ ਕੇ ਸਿੱਖਸ ਫਾਰ ਜਸਟਿਸ ਵੱਲੋਂ ਦੁਨੀਆ ਭਰ ਵਿੱਚ ਕਰਵਾਈਆਂ ਜਾ ਰਹੀਆਂ ਰੈਫਰੈਂਡਮ ਵੋਟਾਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਇਸੇ ਤਹਿਤ ਇੰਡੀਆਨਾਪੋਲਿਸ ਦੇ ਰਿਚਰਡ ਜੀ. ਲੂਗਰ ਪਲਾਜ਼ਾ, ਇੰਡੀਆਨਾ ਵਿਖੇ ਸਥਾਪਤ ਵੋਟਿੰਗ ਕੇਂਦਰ ਦੇ ਬਾਹਰ ਪੰਜ ਪਿਆਰਿਆਂ ਵੱਲੋਂ ਰੈਫਰੈਂਡਮ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ। ਅਰਦਾਸ ਉਪਰੰਤ ਸਭ ਤੋਂ ਪਹਿਲਾਂ ਪੰਜ ਪਿਆਰਿਆਂ ਨੇ ਆਪਣੀਆਂ ਵੋਟਾਂ ਪਾ ਕੇ ਵੋਟਿੰਗ ਪ੍ਰਕਿਰਿਆ ਦੀ ਸ਼ੁਰੂਆਤ ਕੀਤੀ। ਇਸ ਤੋਂ ਬਾਅਦ ਨਕੋਦਰ ਦੀ ਜੰਮਪਲ 100 ਸਾਲਾ ਬੀਬੀ ਮਹਿੰਦਰ ਕੌਰ ਨੇ ਆਪਣੀ ਵੋਟ ਪਾਈ। ਉਨ੍ਹਾਂ ਦੇ ਨਾਲ 80 ਸਾਲਾ ਬੀਬੀ ਨਛੱਤਰ ਕੌਰ ਨੇ ਵੀ ਵੋਟ ਦੇ ਅਧਿਕਾਰ ਦੀ ਵਰਤੋਂ ਕੀਤੀ। ਵੋਟਿੰਗ ਕੇਂਦਰ ਵਿਖੇ ਵੱਡੀ ਗਿਣਤੀ ਵਿੱਚ ਸਿੱਖ ਲੰਬੀਆਂ ਕਤਾਰਾਂ ਵਿੱਚ ਖੜ੍ਹੇ ਹੋ ਕੇ ਆਪਣੀ ਵਾਰੀ ਦੀ ਉਡੀਕ ਕਰਦੇ ਨਜ਼ਰ ਆਏ। ਇੰਡੀਆਨਾ ਸਟੇਟ ਦੇ ਵੱਖ-ਵੱਖ ਹਿੱਸਿਆਂ ਤੋਂ ਪਹੁੰਚੇ ਹਜ਼ਾਰਾਂ ਸਿੱਖਾਂ ਵਿੱਚ ਰੈਫਰੈਂਡਮ ਨੂੰ ਲੈ ਕੇ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਜ਼ਿਕਰਯੋਗ ਹੈ ਕਿ ਵੋਟਿੰਗ ਤੋਂ ਪਹਿਲਾਂ ਐੱਫ.ਬੀ.ਆਈ. ਦੇ ਅਧਿਕਾਰੀਆਂ ਨੇ ਗ੍ਰੀਨਵੁੱਡ ਸ਼ਹਿਰ ਸਥਿਤ ਗੁਰਦੁਆਰਾ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਵਿਖੇ ਪਹੁੰਚ ਕੇ ਰੈਫਰੈਂਡਮ ਸਮਰਥਕਾਂ ਨਾਲ ਸੰਪਰਕ ਕੀਤਾ। ਇਸ ਦੌਰਾਨ ਅਧਿਕਾਰੀਆਂ ਵੱਲੋਂ ਭਾਰਤ ਨਾਲ ਜੋੜੇ ਜਾ ਰਹੇ ਕਥਿਤ 'ਟ੍ਰਾਂਸਨੈਸ਼ਨਲ ਰਿਪ੍ਰੈਸ਼ਨ' ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਲਈ ਪਲੇਕਾਰਡ ਅਤੇ ਪੈਂਫਲਿਟ ਵੀ ਦਿੱਤੇ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਅਵਤਾਰ ਸਿੰਘ ਪੰਨੂੰ, ਡਾ. ਬਖ਼ਸ਼ੀਸ਼ ਸਿੰਘ ਸੰਧੂ, ਸਾਬੀ ਸਿੰਘ, ਸ ਕੁਲਦੀਪ ਸਿੰਘ, ਸੁਖਵਿੰਦਰ ਸਿੰਘ ਅਤੇ ਮਹਿੰਦਰ ਸਿੰਘ ਸਮੇਤ ਵੱਖ-ਵੱਖ ਗੁਰਦੁਆਰਿਆਂ ਦੇ ਪ੍ਰਬੰਧਕਾਂ ਨੇ ਵੀ ਰੈਫਰੈਂਡਮ ਲਈ ਵੋਟਾਂ ਮੰਗੀਆਂ ਗਈਆਂ। ਇਸ ਮੌਕੇ ਕਨੇਡਾ ਤੋਂ ਸ਼ਹੀਦ ਨਿੱਝਰ ਟੀਮ ਦੇ ਭਾਈ ਨਰਿੰਦਰ ਸਿੰਘ ਰੰਧਾਵਾ , ਭਾਈ ਹਰਮੀਤ ਸਿੰਘ ਤੂਰ ਸਮੇਤ ਸਿੰਘ ਪਹੁੰਚੇ ਹੋਏ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਇੰਗਲੈਂਡ, ਕੈਨੇਡਾ, ਅਮਰੀਕਾ, ਇਟਲੀ ਤੇ ਜਰਮਨੀ 'ਚ 15 ਅਗਸਤ ਮੌਕੇ

# ਭਾਰਤੀ ਆਜ਼ਾਦੀ ਦਿਹਾੜੇ ਦਾ ਵਿਰੋਧ

## ਫਰੈਂਕਫਰਟ, ਇੰਗਲੈਂਡ ਵਿਚ ਸਿੱਖ ਤੇ ਕਸ਼ਮੀਰੀ ਆਗੂਆਂ ਵੱਲੋਂ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਖ਼ਿਲਾਫ਼ ਆਵਾਜ਼ ਬੁਲੰਦ













ਲੰਡਨ/ਟੋਰਾਂਟੋ/ਵਾਸ਼ਿੰਗਟਨ/ਰੋਮ/ਫਰੈਂਕਫਰਟ - ਸਰਬਜੀਤ ਸਿੰਘ ਬਨੂੜ - ਭਾਰਤ ਦੇ ਆਜ਼ਾਦੀ ਦਿਵਸ ਮੌਕੇ ਇੰਗਲੈਂਡ, ਕੈਨੇਡਾ, ਅਮਰੀਕਾ, ਇਟਲੀ ਅਤੇ ਜਰਮਨੀ ਵਿਚ ਵੱਸਦੇ ਸਿੱਖ ਭਾਈਚਾਰੇ ਅਤੇ ਵੱਖ-ਵੱਖ ਪੰਥਕ ਜਥੇਬੰਦੀਆਂ ਵੱਲੋਂ ਰੋਸ ਪ੍ਰਦਰਸ਼ਨ ਕਰਦਿਆਂ ਭਾਰਤੀ ਦੇ 80ਵੇਂ ਆਜ਼ਾਦੀ ਦਿਹਾੜੇ ਦਾ ਬਾਈਕਾਟ ਕੀਤਾ ਗਿਆ। ਪ੍ਰਦਰਸ਼ਨਕਾਰੀਆਂ ਨੇ ਭਾਰਤ ਅੰਦਰ ਸਿੱਖਾਂ, ਕਸ਼ਮੀਰੀਆਂ ਅਤੇ ਹੋਰ ਘੱਟ ਗਿਣਤੀ ਭਾਈਚਾਰਿਆਂ ਦੇ ਮਨੁੱਖੀ ਅਧਿਕਾਰਾਂ ਦੀਆਂ ਕਥਿਤ ਉਲੰਘਣਾਵਾਂ ਦਾ ਮੁੱਦਾ ਕੌਮਾਂਤਰੀ ਪੱਧਰ 'ਤੇ ਉਠਾਇਆ। ਇੰਗਲੈਂਡ ਵਿਚ ਸਿੱਖਸ ਫਾਰ ਜਸਟਿਸ ਦੇ ਸੱਦੇ 'ਤੇ ਦਲ ਖ਼ਾਲਸਾ ਇੰਟਰਨੈਸ਼ਨਲ, ਫੈਡਰੇਸ਼ਨ ਆਫ਼ ਸਿੱਖ ਆਰਗੇਨਾਈਜ਼ੇਸ਼ਨਜ਼ ਅਤੇ ਹੋਰ ਖ਼ਾਲਿਸਤਾਨ ਪੱਖੀ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਭਾਰਤੀ ਸਫ਼ਾਰਤਖ਼ਾਨੇ ਬਾਹਰ ਜਬਰਦਸਤ ਰੋਸ ਪ੍ਰਦਰਸ਼ਨ ਵਿਚ ਸ਼ਮੂਲੀਅਤ ਕੀਤੀ। ਇਸ ਮੌਕੇ ਵੱਡੀ ਗਿਣਤੀ ਵਿਚ ਕਸ਼ਮੀਰੀ ਆਗੂਆਂ ਅਤੇ ਕਾਰਕੁਨਾਂ ਨੇ ਵੀ ਹਾਜ਼ਰੀ ਭਰਦਿਆਂ ਭਾਰਤ ਅੰਦਰ ਹੋ ਰਹੀਆਂ ਕਥਿਤ ਮਨੁੱਖੀ ਅਧਿਕਾਰ ਉਲੰਘਣਾਵਾਂ ਖ਼ਿਲਾਫ਼ ਸਿੱਖ ਜਥੇਬੰਦੀਆਂ ਨਾਲ ਸਾਂਝੀ ਆਵਾਜ਼ ਬੁਲੰਦ ਕੀਤੀ। ਇਸ ਮੌਕੇ ਸਿੱਖਸ ਫਾਰ ਜਸਟਿਸ ਦੇ ਭਾਈ ਦਪਿੰਦਰਜੀਤ ਸਿੰਘ, ਫੈਡਰੇਸ਼ਨ ਆਫ਼ ਸਿੱਖ ਆਰਗੇਨਾਈਜ਼ੇਸ਼ਨਜ਼ ਦੇ ਕੋਆਡੀਨੇਟਰ ਭਾਈ ਜੋਗਾ ਸਿੰਘ , ਭਾਈ ਜਸਬੀਰ ਸਿੰਘ, ਭਾਈ ਗੁਰਚਰਨ ਸਿੰਘ, ਭਾਈ ਗੁਰਪ੍ਰੀਤ ਸਿੰਘ, ਭਾਈ ਲਵਸਿੰਦਰ ਸਿੰਘ ਡੱਲੇਵਾਲ, ਭਾਈ ਨਿਰਮਲ ਸਿੰਘ, ਭਾਈ ਜੀਤਾ ਸਿੰਘ, ਭਾਈ ਬਲਵਿੰਦਰ ਸਿੰਘ ਢਿੱਲੋਂ, ਭਾਈ ਕੁਲਵੰਤ ਸਿੰਘ ਮੁਠੱਡਾ ਨੇ ਭਾਰਤੀ ਆਜ਼ਾਦੀ ਦਿਹਾੜੇ ਦਾ ਮੁਕੰਮਲ ਬਾਈਕਾਟ ਕਰਨ ਦਾ ਐਲਾਨ ਕਰਦਿਆਂ ਕਿਹਾ ਕਿ ਜਦੋਂ ਤੱਕ ਸਿੱਖਾਂ ਅਤੇ ਕਸ਼ਮੀਰੀਆਂ ਨੂੰ ਸਵੈ-ਨਿਰਣੇ ਤੇ ਆਜ਼ਾਦੀ ਦਾ ਹੱਕ ਪ੍ਰਾਪਤ ਨਹੀਂ ਹੁੰਦਾ, ਉਦੋਂ ਤੱਕ ਉਨ੍ਹਾਂ ਦਾ ਲੋਕਤੰਤਰੀ ਅਤੇ ਸ਼ਾਂਤਮਈ ਸੰਘਰਸ਼ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਸਿੱਖ ਅਤੇ ਕਸ਼ਮੀਰੀ ਭਾਈਚਾਰੇ ਮਨੁੱਖੀ ਅਧਿਕਾਰਾਂ, ਇਨਸਾਫ਼ ਅਤੇ ਆਜ਼ਾਦੀ ਦੀ ਪ੍ਰਾਪਤੀ ਲਈ ਕੌਮਾਂਤਰੀ ਮੰਚਾਂ ਉੱਤੇ ਮਿਲ ਕੇ ਆਪਣੀ ਆਵਾਜ਼ ਉਠਾਉਂਦੇ ਰਹਿਣਗੇ। ਜਰਮਨੀ ਦੇ ਫਰੈਂਕਫਰਟ ਸਥਿਤ ਭਾਰਤੀ ਕੌਂਸਲੇਟ ਸਾਹਮਣੇ ਹੋਏ ਭਾਰੀ ਰੋਸ ਮੁਜ਼ਾਹਰੇ ਦੌਰਾਨ ਪੰਥਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਭਾਰਤੀ ਅਧਿਕਾਰੀਆਂ ਵੱਲੋਂ ਮਨਾਏ ਜਾ ਰਹੇ ਆਜ਼ਾਦੀ ਦਿਵਸ ਦੇ ਜਸ਼ਨਾਂ ਦਾ ਵਿਰੋਧ ਕੀਤਾ। ਬੁਲਾਰਿਆਂ ਨੇ ਦੋਸ਼ ਲਾਇਆ ਕਿ ਭਾਰਤੀ ਲੋਕਤੰਤਰ ਦੇ ਦਾਅਵਿਆਂ ਦੇ ਉਲਟ 1947 ਤੋਂ ਲੈ ਕੇ ਅੱਜ ਤੱਕ ਸਿੱਖਾਂ ਸਮੇਤ ਵੱਖ-ਵੱਖ ਘੱਟ ਗਿਣਤੀ ਭਾਈਚਾਰਿਆਂ ਨੂੰ ਜ਼ੁਲਮਾਂ ਅਤੇ ਵਿਤਕਰੇ ਦਾ ਸਾਹਮਣਾ ਕਰਨਾ ਪਿਆ ਹੈ। ਬੁਲਾਰਿਆਂ ਨੇ ਪੰਜਾਬ ਅਤੇ ਹੋਰ ਸੂਬਿਆਂ ਵਿਚ ਸਿੱਖਾਂ, ਜੰਮੂ-ਕਸ਼ਮੀਰ ਵਿਚ ਮੁਸਲਮਾਨਾਂ, ਮਨੀਪੁਰ ਤੇ ਨਾਗਾਲੈਂਡ ਵਿਚ ਈਸਾਈਆਂ ਅਤੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿਚ ਆਦਿਵਾਸੀਆਂ ਤੇ ਦਲਿਤਾਂ ਨਾਲ ਹੋਈਆਂ ਕਥਿਤ ਵਧੀਕੀਆਂ ਦਾ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਭਾਰਤ ਦੀ ਆਜ਼ਾਦੀ ਦੀ ਲੜਾਈ ਵਿਚ ਮੋਹਰੀ ਭੂਮਿਕਾ ਨਿਭਾਉਣ ਵਾਲੇ ਸਿੱਖਾਂ ਨੂੰ ਆਜ਼ਾਦੀ ਮਿਲਣ ਤੋਂ ਕੁਝ ਮਹੀਨਿਆਂ ਬਾਅਦ ਹੀ ਸ਼ੱਕ ਦੀ ਨਜ਼ਰ ਨਾਲ ਦੇਖਿਆ ਜਾਣ ਲੱਗ ਪਿਆ ਸੀ। ਪੰਥਕ ਬੁਲਾਰਿਆਂ ਨੇ ਜੂਨ 1984 ਦੌਰਾਨ ਸ੍ਰੀ ਦਰਬਾਰ ਸਾਹਿਬ ਉੱਤੇ ਭਾਰਤੀ ਫ਼ੌਜੀ ਹਮਲੇ, ਨਵੰਬਰ 1984 ਦੇ ਸਿੱਖ ਕਤਲੇਆਮ ਅਤੇ ਉਸ ਤੋਂ ਬਾਅਦ ਪੰਜਾਬ ਵਿਚ ਚੱਲੇ ਦਮਨ ਦੇ ਦੌਰ ਦਾ ਜ਼ਿਕਰ ਕਰਦਿਆਂ ਪੀੜਤ ਪਰਿਵਾਰਾਂ ਲਈ ਇਨਸਾਫ਼ ਦੀ ਮੰਗ ਕੀਤੀ। ਬੰਦੀ ਸਿੰਘਾਂ ਦੀ ਰਿਹਾਈ ਲਈ ਚੰਡੀਗੜ੍ਹ ਵਿਚ ਰੋਸ ਪ੍ਰਗਟਾਉਣ ਵਾਲੇ ਸਿੱਖਾਂ ਉੱਤੇ ਅੱਥਰੂ ਗੈਸ, ਪਾਣੀ ਦੀਆਂ ਬੁਛਾੜਾਂ ਅਤੇ ਲਾਠੀਚਾਰਜ ਦੀ ਵੀ ਨਿਖੇਧੀ ਕੀਤੀ ਗਈ। ਬੁਲਾਰਿਆਂ ਨੇ ਕਿਹਾ ਕਿ ਇਸ ਕਾਰਵਾਈ ਦੌਰਾਨ ਸੀਨੀਅਰ ਪੰਥਕ ਆਗੂ ਸਿਮਰਨਜੀਤ ਸਿੰਘ ਮਾਨ ਨਾਲ ਵੀ ਕਥਿਤ ਤੌਰ 'ਤੇ ਧੱਕਾ ਕੀਤਾ ਗਿਆ। ਫਰੈਂਕਫਰਟ ਵਿਖੇ ਸਟੇਜ ਦੀ ਕਾਰਵਾਈ ਸਿੱਖ ਫੈਡਰੇਸ਼ਨ ਜਰਮਨੀ ਦੇ ਆਗੂ ਭਾਈ ਗੁਰਦਿਆਲ ਸਿੰਘ ਲਾਲੀ ਨੇ ਨਿਭਾਈ। ਇਸ ਮੌਕੇ ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਪ੍ਰਗਟ ਸਿੰਘ ਬੱਬਰ, ਭਾਈ ਦਲਜੀਤ ਸਿੰਘ ਬੱਬਰ, ਭਾਈ ਰਾਜਿੰਦਰ ਸਿੰਘ ਬੱਬਰ, ਭਾਈ ਪ੍ਰਤਾਪ ਸਿੰਘ ਅਤੇ ਹਰਜੀਤ ਸਿੰਘ ਲਾਡੀ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਦਲ ਖ਼ਾਲਸਾ ਜਰਮਨੀ ਦੇ ਪ੍ਰਧਾਨ ਹਰਮੀਤ ਸਿੰਘ, ਅੰਗਰੇਜ਼ ਸਿੰਘ, ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਆਗੂ ਤੇ ਧਰਮੀ ਫ਼ੌਜੀ ਭਾਈ ਪ੍ਰਿਤਪਾਲ ਸਿੰਘ ਖ਼ਾਲਸਾ, ਇੰਟਰਨੈਸ਼ਨਲ ਸਿੱਖ ਫੈਡਰੇਸ਼ਨ ਜਰਮਨੀ ਦੇ ਪ੍ਰਧਾਨ ਭਾਈ ਲਖਵਿੰਦਰ ਸਿੰਘ ਮੱਲ੍ਹੀ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂ ਭਾਈ ਜਗਤਾਰ ਸਿੰਘ ਮਾਹਲ ਨੇ ਸੰਬੋਧਨ ਕੀਤਾ। ਮੁਜ਼ਾਹਰੇ ਵਿਚ ਭਾਈ ਰਾਮਪਾਲ ਸਿੰਘ, ਭਾਈ ਜਸਵੰਤ ਸਿੰਘ, ਭਾਈ ਗੁਰਵਿੰਦਰ ਸਿੰਘ ਨਡਾਲੋਂ, ਆਸਿਮ ਗੁਜ਼ਰ ਅਤੇ ਹੋਰ ਅਨੇਕਾਂ ਕਾਰਕੁਨਾਂ ਨੇ ਸ਼ਮੂਲੀਅਤ ਕੀਤੀ। ਇੰਗਲੈਂਡ, ਕੈਨੇਡਾ, ਅਮਰੀਕਾ, ਇਟਲੀ ਅਤੇ ਜਰਮਨੀ ਵਿਚ ਆਵਾਜ਼ ਬੁਲੰਦ ਕਰਨ ਵਾਲੇ ਪੰਥਕ ਨੁਮਾਇੰਦਿਆਂ ਨੇ ਕਿਹਾ ਕਿ ਸਿੱਖ ਕੌਮ ਨਾਲ ਸਬੰਧਤ ਰਾਜਨੀਤਕ, ਧਾਰਮਿਕ ਅਤੇ ਮਨੁੱਖੀ ਅਧਿਕਾਰਾਂ ਦੇ ਮਸਲਿਆਂ ਨੂੰ ਕੌਮਾਂਤਰੀ ਮੰਚਾਂ ਉੱਤੇ ਲਗਾਤਾਰ ਉਠਾਇਆ ਜਾਵੇਗਾ। ਸਮਾਗਮ ਦੇ ਅੰਤ ਵਿਚ ਬੁਲਾਰਿਆਂ ਨੇ ਖ਼ਾਲਿਸਤਾਨ ਨੂੰ ਸਿੱਖ ਮਸਲਿਆਂ ਦਾ ਸਿਆਸੀ ਹੱਲ ਦੱਸਦਿਆਂ ਸਿੱਖ ਕੌਮ ਨੂੰ ਆਪਸੀ ਮਤਭੇਦ ਭੁਲਾ ਕੇ ਇਕਜੁੱਟ ਹੋਣ ਅਤੇ ਆਪਣੀ ਆਜ਼ਾਦੀ ਦੀ ਪ੍ਰਾਪਤੀ ਲਈ ਲੋਕਤੰਤਰੀ ਤੇ ਸ਼ਾਂਤਮਈ ਢੰਗ ਨਾਲ ਸੰਘਰਸ਼ ਅੱਗੇ ਵਧਾਉਣ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਤੀਆਂ ਦੇ ਤਿਉਹਾਰ ਮੌਕੇ

# ਐੱਸ.ਜੀ.ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਵਿਖੇ ਲੱਗੀਆਂ ਰੌਣਕਾਂ






**ਬਰਨਾਲਾ (ਵਰਿਆਮ ਹਠੂਰ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਐੱਸ.ਜੀ.ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਵਿਖੇ ਸਕੂਲ ਦੇ ਬੱਚਿਆ ਅਤੇ ਸਕੂਲ ਦੀਆਂ ਟੀਚਰਾਂ ਵੱਲੋਂ ਪੰਜਾਬੀ ਵਿਰਸੇ ਨਾਲ ਸਬੰਧਿਤ ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ, ਇਸ ਮੌਕੇ ਸਕੂਲ ਦੇ ਬੱਚਿਆਂ ਵੱਲੋਂ ਗਿੱਧਾ, ਭੰਗੜਾ, ਕਿੱਕਲੀ, ਕੋਰੀਓਗ੍ਰਾਫੀਆਂ ਦੀ ਸ਼ਾਨਦਾਰ ਪੇਸ਼ਕਾਰੀ ਕਰਕੇ ਖੂਬ ਰੰਗ ਬੰਨ੍ਹਿਆ ਅਤੇ ਇਸ ਮੌਕੇ ਸਕੂਲ ਦੇ ਨੰਨੇ-ਮੁੰਨੇ ਬੱਚਿਆ ਨੇ ਵੀ ਵਿਸ਼ੇਸ਼ ਕਲਾਕਾਰੀਆਂ ਪੇਸ਼ ਕੀਤੀਆਂ। ਸਟੇਜ ਤੇ ਚਰਖੇ, ਮਧਾਣੀਆਂ, ਚਾਟੀਆਂ, ਪੱਖੀਆਂ ਤੇ ਫੁਲਕਾਰੀਆਂ ਨੇ ਸਟੇਜ ਦੀ ਸੁੰਦਰਤਾ ਨੂੰ ਚਾਰ ਚੰਨ ਲਗਾ ਦਿੱਤੇ। ਲੜਕਿਆਂ ਦੇ ਵੱਖ-ਵੱਖ ਗਰੁੱਪਾਂ ਨੇ ਭੰਗੜਾ ਪਾ ਕੇ ਅਤੇ ਕੁੜੀਆਂ ਦੇ ਵੱਖ-ਵੱਖ ਕਲਾਸਾਂ ਦੇ ਗਰੁੱਪਾਂ ਨੇ ਵਾਰੋ ਵਾਰੀ ਸਟੇਜ ਤੇ ਬੋਲੀਆਂ ਪਾ ਕੇ ਤੇ ਨੱਚ ਕੇ ਪੰਜਾਬੀ ਵਿਰਸੇ ਦੀ ਖੂਬਸੂਰਤ ਝਲਕ ਪੇਸ਼ ਕੀਤੀ, ਸਕੂਲ ਸਟਾਫ਼ ਵਿੱਚੋਂ ਮੈਡਮਾਂ ਨੇ ਬੱਚਿਆਂ ਨੂੰ ਸਾਉਣ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਕਿ ਕਿਸ ਤਰਾਂ ਸਾਉਣ ਮਹੀਨੇ ਵਿੱਚ ਧੀਆਂ ਆਪਣੇ ਪੇਕੇ ਘਰਾਂ ਵਿੱਚ ਇਕੱਠੀਆਂ ਹੋ ਕੇ ਤੀਆਂ ਦਾ ਤਿਉਹਾਰ ਮਨਾਉਂਦੀਆਂ ਹਨ। ਤੇ ਸਖੀਆਂ ਸਹੇਲੀਆਂ ਨਾਲ ਆਪਣੇ ਦੁੱਖ ਸੁੱਖ ਸਾਂਝੇ ਕਰਦੀਆਂ ਹਨ। ਆਪਣੇ ਪਰਿਵਾਰਾਂ ਦੀ ਸੁੱਖ ਮਨਾਉਂਦੀਆਂ ਹਨ।ਤੀਆਂ ਦਾ ਤਿਉਹਾਰ ਸਦੀਆਂ ਪੁਰਾਣਾ ਚੱਲਿਆ ਆ ਰਿਹਾ ਹੈ। ਤੇ ਸਾਨੂੰ ਆਪਣੇ ਵਿਰਸੇ ਦੀ ਸੰਭਾਲ ਦੇ ਤੌਰ ਤੇ ਇਸ ਨਾਲ ਜੁੜੇ ਰਹਿਣਾ ਚਾਹੀਦਾ ਹੈ। ਤੇ ਪੁਰਾਤਨ ਪੰਜਾਬੀ ਵਿਰਸੇ ਨਾਲ ਸਬੰਧਤ ਤਿਉਹਾਰ ਸਾਨੂੰ ਜਰੂਰ ਮਨਾਉਣੇ ਚਾਹੀਦੇ ਹਨ। ਇਸ ਮੌਕੇ ਗੱਲਬਾਤ ਕਰਦਿਆਂ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਕਿਹਾ ਕਿ ਸਾਡੇ ਸਕੂਲ ਵੱਲੋਂ ਬੱਚਿਆਂ ਨੂੰ ਚੰਗੀ ਵਿੱਦਿਆ ਦੇ ਨਾਲ-ਨਾਲ ਅਜਿਹੀਆਂ ਪੁਰਾਤਨ ਪੰਜਾਬੀ ਵਿਰਸੇ ਨਾਲ ਸਬੰਧਤ ਅਤੇ ਹੋਰ ਅਗਾਂਹਵਧੂ ਗਤੀਵਿਧੀਆਂ ਅਤੇ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਅਕਸਰ ਹੀ ਸਮੇਂ ਸਮੇਂ ਨਾਲ ਕਰਵਾਈਆਂ ਜਾਂਦੀਆ ਹਨ। ਤੇ ਬੱਚਿਆਂ ਨੂੰ ਖੇਡਾਂ ਨਾਲ ਜੋੜਨ ਲਈ ਬੱਚਿਆਂ ਨੂੰ ਖੇਡ ਕੰਪੀਟੀਸ਼ਨ ਲਈ ਵੀ ਤਿਆਰ ਕਰਦੇ ਹਾਂ, ਸਾਡੇ ਸਕੂਲ ਦੇ ਬੱਚੇ ਅਨੇਕਾਂ ਥਾਵਾਂ ਤੋਂ ਖੇਡਾਂ ਵਿੱਚ ਪੁਜੀਸ਼ਨਾਂ ਹਾਸਲ ਕਰਕੇ ਸਨਮਾਨਿਤ ਹੋ ਚੁੱਕੇ ਹਨ। ਤੇ ਸਾਡੇ ਸਕੂਲ ਦਾ ਮਿਹਨਤੀ ਸਟਾਫ਼ ਹਮੇਸ਼ਾ ਬੱਚਿਆਂ ਦੀ ਤਰੱਕੀ ਲਈ ਸਖ਼ਤ ਮਿਹਨਤ ਕਰਦਾ ਹੈ। ਇਸ ਮੌਕੇ ਕੁਲਜੀਤ ਸਿੰਘ, ਮੈਡਮ ਗੁਰਪ੍ਰੀਤ ਕੌਰ, ਆਸੂ ਵਰਮਾ ਰਮਨਜੀਤ ਕੌਰ,ਸੁਖਮੀਤ ਕੌਰ, ਪ੍ਰਦੀਪ ਕੌਰ, ਪਵਨਜੀਤ ਕੌਰ, ਹਰਪ੍ਰੀਤ ਕੌਰ, ਰਮਨਦੀਪ ਮਨਦੀਪ ਕੌਰ , ਅਮਨਜੋਤ ਕੌਰ, ਅਮਨਦੀਪ ਕੌਰ, ਕਮਲਜੀਤ ਕੌਰ, ਲਛਮਣੀ, ਲਵਪ੍ਰੀਤ ਕੌਰ ਸੁਖਪ੍ਰੀਤ ਕੌਰ ਆਦਿ ਤੋਂ ਇਲਾਵਾ ਸਮੁੱਚੀ ਮੈਨੇਜ਼ਮੈਂਟ ਹਾਜ਼ਿਰ ਸੀ।

### 4-5 ਮਹੀਨਿਆਂ ਤੋਂ ਤਨਖਾਹਾਂ ਨਾ ਮਿਲਣ ਕਰਕੇ

# ਜੰਗਲਾਤ ਵਰਕਰ 2026ਸੰਘਰਸ਼ ਕਰਨ ਲਈ ਮਜਬੂਰ

**ਤਨਖਾਹਾਂ ਅਤੇ ਹੋਰ ਮੰਗਾਂ ਨਾ ਮੰਨੀਆਂ ਤਾਂ 18 ਅਗਸਤ ਨੂੰ ਵਿੱਤ ਮੰਤਰੀ ਦੇ ਹਲਕਾ ਦਿੜਬਾ ਵਿਖੇ ਰੈਲੀ ਕਰਨ ਉਪਰੰਤ ਪੱਕਾ ਮੋਰਚਾ ਲਾਇਆ ਜਾਵੇਗਾ**

**ਹੁਸ਼ਿਆਰਪੁਰ, 16 ਅਗਸਤ (ਬਲਵੀਰ ਸਿੰਘ ਸੈਣੀ)**-ਜੰਗਲਾਤ ਵਰਕਰਜ਼ ਯੂਨੀਅਨ ਹੁਸ਼ਿਆਰਪੁਰ ਦੇ ਪ੍ਰਧਾਨ ਸਤਨਾਮ ਸਿੰਘ ਨੇ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਜੰਗਲਾਤ ਵਰਕਰਜ ਯੂਨੀਅਨ ਪੰਜਾਬ ਦੀ ਸੂਬਾ ਕਮੇਟੀ ਵੱਲੋਂ ਲਏ ਫੈਸਲੇ ਮੁਤਾਬਕ ਵਣ ਵਿਭਾਗ ਚ ਕੰਮ ਕਰਦੇ ਵਰਕਰਾਂ ਦੀਆਂ ਜਾਇਜ਼ ਮੰਗਾਂ ਲਾਗੂ ਕਰਾਉਣ ਲਈ ਵਿੱਤ ਮੰਤਰੀ ਸ਼੍ਰੀ ਹਰਪਾਲ ਸਿੰਘ ਚੀਮਾ ਦੇ ਹਲਕਾ ਦਿੜਬਾ ਵਿਖੇ 18 ਅਗਸਤ 2026 ਨੂੰ ਪੰਜਾਬ ਸਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸਹਿਯੋਗ ਨਾਲ ਸੂਬਾ ਪੱਧਰੀ ਰੋਸ ਰੈਲੀ ਕਰਨ ਉਪਰੰਤ ਪੱਕਾ ਮੋਰਚਾ ਲਗਾਇਆ ਜਾਵੇਗਾ। ਇਸ ਰੋਸ ਰੈਲੀ ਵਿੱਚ ਵਣ ਮੰਡਲ ਹੁਸ਼ਿਆਰਪੁਰ ਤੋਂ ਸਾਥੀ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਣਗੇ। ਉਹਨਾਂ ਦੱਸਿਆ ਕਿ ਸਮੁੱਚੇ ਪੰਜਾਬ ਵਿੱਚ ਵਰਕਰਾਂ ਨੂੰ 4-5 ਮਹੀਨਿਆਂ ਤੋਂ ਲਗਾਤਾਰ ਤਨਖਾਹਾਂ ਨਹੀਂ ਦਿੱਤੀਆਂ ਜਾ ਰਹੀਆਂ ਜਿਸ ਕਰਕੇ ਗ੍ਰਹਸਤੀ ਜੀਵਨ ਚਲਾਉਣ ਵਿੱਚ ਅਨੇਕਾਂ ਪ੍ਰਕਾਰ ਦੀਆਂ ਔਕੜਾਂ ਆ ਰਹੀਆਂ ਹਨ। ਤਨਖਾਹਾਂ ਦੇਣ ਦੇ ਸੰਬੰਧ ਵਿੱਚ ਲਿਖਤੀ ਤੌਰ ਤੇ ਬੇਨਤੀਆਂ, ਜਥੇਬੰਦੀ ਵੱਲੋਂ ਸੰਘਰਸ਼ਾਂ ਦੇ ਨੋਟਿਸ ਵੀ ਸਮਰੱਥ ਅਧਿਕਾਰੀਆਂ ਨੂੰ ਦਿੱਤੇ ਗਏ ਸਨ। ਤਨਖਾਹਾਂ ਨਾ ਦਵਾਉਣ ਕਰਕੇ ਜਥੇਬੰਦਕ ਤੌਰ ਤੇ ਵਣ ਰੇਜ ਅਫਸਰਾਂ ਅਤੇ ਮੁੱਖ ਵਣਪਾਲ ਅਧਿਕਾਰੀਆਂ ਦੇ ਦਫਤਰਾਂ ਅੱਗੇ ਵੀ ਰੋਸ ਮੁਜਾਰੇ ਕੀਤੇ ਜਾ ਚੁੱਕੇ ਹਨ। ਇਸ ਦੇ ਬਾਵਜੂਦ ਵੀ ਵਿਭਾਗ ਅਤੇ ਸਰਕਾਰ ਦੇ ਕੰਨਾਂ ਤੇ ਜੂੰ ਤੱਕ ਨਹੀਂ ਸਰਕੀ ਅਤੇ ਵਰਕਰਾਂ ਨੂੰ ਤਨਖਾਹਾਂ ਦੇਣ ਸਬੰਧੀ ਕੋਈ ਵੀ ਚਾਰਾਜੋਈ ਨਹੀਂ ਕੀਤੀ ਗਈ। ਉਨ੍ਹਾਂ ਮੰਗ ਕੀਤੀ ਕਿ ਜੰਗਲਾਤ ਵਿਭਾਗ ਵਿੱਚ ਕੰਮ ਕਰਦੇ ਵਰਕਰਾਂ ਨੂੰ ਅਪ੍ਰੈਲ 2026 ਤੋਂ ਅਗਸਤ ਤੱਕ ਦੀਆਂ ਰਹਿੰਦੀਆਂ ਤਨਖਾਹਾਂ ਦਾ ਬਜਟ ਅਲਾਟ ਕਰਕੇ ਤਨਖਾਹਾਂ ਦਿੱਤੀਆਂ ਜਾਣ, ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਵਿੱਚ ਕੰਮ ਕਰਦੇ ਵਰਕਰਾਂ ਨੂੰ 00ਲਗਾਤਾਰ 10 ਸਾਲ ਦੀ ਸਰਵਿਸ ਵਿੱਚ ਛੂਟ ਦੇ ਕੇ ਪੱਕਾ ਕੀਤਾ ਜਾਵੇ, ਜੰਗਲਾਤ ਵਿਭਾਗ ਵਿੱਚ ਕੰਮ ਕਰਦੇ ਸਮੂਹ ਡੇਲੀ ਵੇਜ ਕਾਮਿਆਂ ਨੂੰ ਪੱਕਾ ਕਰਨ ਲਈ ਤਿੰਨ ਸਾਲ ਦੀ ਨਵੀਂ ਪਾਲਸੀ ਬਣਾਈ ਜਾਵੇ, ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਵਿੱਚ ਕੰਮ ਕਰਦੇ ਵਰਕਰਾਂ ਦੀ ਸੀਨੀਅਰਤਾ ਸੂਚੀ ਜੁਲਾਈ 2026 ਤੱਕ ਤਿਆਰ ਕੀਤੀ ਜਾਵੇ, ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਜਿਨ੍ਹਾਂ ਵਰਕਰਾਂ ਨੂੰ 16-5-2023 ਦੀ ਪਾਲਸੀ ਰਾਹੀਂ ਪੁਲਿਸਮੈਂਟ ਦਿੱਤੀ ਗਈ ਹੈ ਉਹਨਾਂ ਵਰਕਰਾਂ ਦੀ ਉਮਰ ਹੱਦ 60 ਸਾਲ ਅਤੇ ਤਨਖਾਹ ਬੇਸ਼ਕ ਪੇ + ਡੀਏ + ਗ੍ਰੇਡ ਪੇ ਨਾਲ ਦਿੱਤੀ ਜਾਵੇ, ਵਣ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਵਿੱਚ ਨਵੇਂ ਕੰਮ ਚਲਾਏ ਜਾਣ ਅਤੇ ਨਵੇਂ ਵਰਕਰਾਂ ਨੂੰ ਕੰਮ ਦਿੱਤਾ ਜਾਵੇ। ਜਥੇਬੰਦੀ ਨੇ ਚੇਤਾਵਨੀ ਦਿੱਤੀ ਗਈ ਜੇਕਰ ਸੋਮਵਾਰ ਤੱਕ ਮੰਗ ਪੱਤਰ ਅਨੁਸਾਰ ਮੰਗਾਂ ਦਾ ਹੱਲ ਨਾ ਕੀਤਾ ਗਿਆ ਤਾਂ 18 ਅਗਸਤ 2026 ਨੂੰ ਵਿੱਤ ਮੰਤਰੀ ਦੇ ਵਿਧਾਨ ਸਭਾ ਹਲਕਾ ਦਿੜਬਾ ਵਿਖੇ ਸੂਬਾ ਪੱਧਰੀ ਰੋਸ ਰੈਲੀ ਕਰਨ ਉਪਰੰਤ ਪੱਕਾ ਮੋਰਚਾ ਲਾਇਆ ਜਾਵੇਗਾ। ਜਿਸ ਦੀ ਸਮੁੱਚੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

# ਨੌਜਵਾਨੀ ਨੂੰ ਨਿਗਲਦਾ ਨਸ਼ਾ: ਜਾਗਰੂਕਤਾ ਅਤੇ ਸਾਂਝੀ ਜ਼ਿੰਮੇਵਾਰੀ ਦੀ ਲੋੜ



ਨਸ਼ਾ ਅੱਜ ਦੇ ਸਮਾਜ ਲਈ ਇੱਕ ਵੱਡੀ ਚੁਣੌਤੀ ਬਣ ਚੁੱਕਾ ਹੈ ਜੋ ਸਿਰਫ਼ ਵਿਅਕਤੀ ਦੀ ਸਿਹਤ ਨੂੰ ਹੀ ਨਹੀਂ, ਸਗੋਂ ਪਰਿਵਾਰਾਂ ਦੀ ਖੁਸ਼ਹਾਲੀ, ਨੌਜਵਾਨ ਪੀੜ੍ਹੀ ਦੇ ਭਵਿੱਖ ਅਤੇ ਸਮਾਜਕ ਸੰਰਚਨਾ ਨੂੰ ਵੀ ਗੰਭੀਰ ਤੌਰ 'ਤੇ ਪ੍ਰਭਾਵਿਤ ਕਰ ਰਿਹਾ ਹੈ। ਇੱਕ ਸਮਾਂ ਸੀ ਜਦੋਂ ਨਸ਼ੇ ਨੂੰ ਕੁਝ ਲੋਕਾਂ ਦੀ ਗਲਤ ਆਦਤ ਮੰਨਿਆ ਜਾਂਦਾ ਸੀ, ਪਰ ਅੱਜ ਇਹ ਇੱਕ ਵੱਡਾ ਜਾਲ ਬਣ ਚੁੱਕਾ ਹੈ ਜਿਸ ਵਿੱਚ ਖ਼ਾਸ ਕਰਕੇ ਨੌਜਵਾਨ ਤੇਜ਼ੀ ਨਾਲ ਫਸਦੇ ਜਾ ਰਹੇ ਹਨ। ਆਧੁਨਿਕ ਜੀਵਨ ਦੀ ਦੌੜ-ਭੱਜ, ਬੇਰੁਜ਼ਗਾਰੀ, ਮਨੋਵਿਗਿਆਨਕ ਦਬਾਅ, ਮਾੜੀ ਸੰਗਤ ਅਤੇ ਆਸਾਨੀ ਨਾਲ ਨਸ਼ੀਲੇ ਪਦਾਰਥਾਂ ਦੀ ਉਪਲਬਧਤਾ ਇਸ ਸਮੱਸਿਆ ਨੂੰ ਹੋਰ ਵੀ ਭਿਆਨਕ ਬਣਾ ਰਹੀ ਹੈ। ਨਸ਼ਾ ਸਿਰਫ਼ ਸਰੀਰ ਨੂੰ ਹੀ ਖ਼ਤਮ ਨਹੀਂ ਕਰਦਾ, ਇਹ ਮਨੁੱਖ ਦੀ ਸੋਚ, ਸੰਸਕਾਰ ਅਤੇ ਜੀਵਨ ਦੇ ਮਕਸਦ ਨੂੰ ਵੀ ਖੋਖਲਾ ਕਰ ਦਿੰਦਾ ਹੈ। ਜਦੋਂ ਕੋਈ ਨੌਜਵਾਨ ਨਸ਼ੇ ਦੀ ਲਤ ਵਿੱਚ ਫਸਦਾ ਹੈ ਤਾਂ ਉਸ ਦੀ ਸਿੱਖਿਆ, ਰੋਜ਼ਗਾਰ ਅਤੇ ਸਮਾਜਿਕ ਸੰਬੰਧ ਸਭ ਕੁਝ ਪ੍ਰਭਾਵਿਤ ਹੁੰਦੇ ਹਨ ਅਤੇ ਆਖ਼ਿਰਕਾਰ ਉਹ ਆਪਣੀ ਪਹਿਚਾਣ ਤੱਕ ਗੁਆ ਬੈਠਦਾ ਹੈ। ਨਸ਼ੇ ਦੀ ਵੱਧ ਰਹੀ ਸਮੱਸਿਆ ਦੇ ਪਿੱਛੇ ਕਈ ਕਾਰਣ ਹਨ ਜਿਵੇਂ ਕਿ ਘਰੇਲੂ ਤਣਾਅ, ਦੋਸਤਾਂ ਦਾ ਦਬਾਅ, ਮਨੋਰੰਜਨ ਦੀ ਘਾਟ, ਆਰਥਿਕ ਤੰਗੀ ਅਤੇ ਜੀਵਨ ਵਿੱਚ ਮਕਸਦ ਦੀ ਕਮੀ। ਕੁਝ ਲੋਕ ਸ਼ੁਰੂ ਵਿੱਚ ਸਿਰਫ਼ ਮਜ਼ੇ ਲਈ ਜਾਂ ਸਟਾਈਲ ਦੇ ਨਾਂ 'ਤੇ ਨਸ਼ਾ ਕਰਦੇ ਹਨ, ਪਰ ਹੌਲੀ-ਹੌਲੀ ਇਹ ਆਦਤ ਉਨ੍ਹਾਂ ਦੀ ਜ਼ਿੰਦਗੀ ਉੱਤੇ ਕਬਜ਼ਾ ਕਰ ਲੈਂਦੀ ਹੈ। ਸੋਸ਼ਲ ਮੀਡੀਆ ਅਤੇ ਫ਼ਿਲਮਾਂ ਵਿੱਚ ਨਸ਼ੇ ਨੂੰ ਕਈ ਵਾਰ ਗਲਤ ਤਰੀਕੇ ਨਾਲ ਗਲੈਮਰਾਈਜ਼ ਕੀਤਾ ਜਾਂਦਾ ਹੈ ਜਿਸ ਨਾਲ ਨੌਜਵਾਨਾਂ ਵਿੱਚ ਗਲਤ ਸੰਦੇਸ਼ ਜਾਂਦਾ ਹੈ। ਨਸ਼ੇ ਦੇ ਕਾਰਨ ਸਿਹਤ ਸੰਬੰਧੀ ਸਮੱਸਿਆਵਾਂ ਜਿਵੇਂ ਕਿ ਦਿਲ ਦੀਆਂ ਬਿਮਾਰੀਆਂ, ਜਿਗਰ ਦੀ ਖ਼ਰਾਬੀ, ਦਿਮਾਗੀ ਬਿਮਾਰੀਆਂ ਅਤੇ ਮਾਨਸਿਕ ਤਣਾਅ ਵੱਧ ਰਹੇ ਹਨ। ਇਸ ਦੇ ਨਾਲ-ਨਾਲ ਘਰੇਲੂ ਹਿੰਸਾ, ਅਪਰਾਧ ਅਤੇ ਹਾਦਸਿਆਂ ਦੀ ਦਰ ਵੀ ਵਧਦੀ ਹੈ ਜਿਸ ਨਾਲ ਪੂਰਾ ਸਮਾਜ ਪ੍ਰਭਾਵਿਤ ਹੁੰਦਾ ਹੈ। ਨਸ਼ੇ ਦਾ ਜਾਲ ਸਿਰਫ਼ ਸ਼ਹਿਰਾਂ ਤੱਕ ਸੀਮਿਤ ਨਹੀਂ ਰਿਹਾ, ਇਹ ਪਿੰਡਾਂ ਵਿੱਚ ਵੀ ਆਪਣੀਆਂ ਜੜ੍ਹਾਂ ਮਜ਼ਬੂਤ ਕਰ ਰਿਹਾ ਹੈ ਜਿਸ ਨਾਲ ਖੇਤੀਬਾੜੀ ਅਤੇ ਮਿਹਨਤਕਸ਼ ਵਰਗ ਵੀ ਇਸ ਦੀ ਚਪੇਟ ਵਿੱਚ ਆ ਰਹੇ ਹਨ। ਕਈ ਪਰਿਵਾਰ ਆਪਣੇ ਨੌਜਵਾਨਾਂ ਨੂੰ ਬਚਾਉਣ ਲਈ ਸੰਘਰਸ਼ ਕਰ ਰਹੇ ਹਨ ਪਰ ਜਾਣਕਾਰੀ ਦੀ ਘਾਟ ਅਤੇ ਸਮਾਜਕ ਦਬਾਅ ਕਾਰਨ ਉਹ ਸਮੇਂ ਸਿਰ ਮਦਦ ਨਹੀਂ ਲੈ ਸਕਦੇ। ਇਸ ਸਮੱਸਿਆ ਦਾ ਹੱਲ ਸਿਰਫ਼ ਸਰਕਾਰਾਂ ਦੀ ਜ਼ਿੰਮੇਵਾਰੀ ਨਹੀਂ, ਸਗੋਂ ਪੂਰੇ ਸਮਾਜ ਦੀ ਸਾਂਝੀ ਕੋਸ਼ਿਸ਼ ਨਾਲ ਹੀ ਸੰਭਵ ਹੈ। ਸਕੂਲਾਂ ਅਤੇ ਕਾਲਜਾਂ ਵਿੱਚ ਜਾਗਰੂਕਤਾ ਮੁਹਿੰਮਾਂ ਚਲਾਉਣੀਆਂ ਚਾਹੀਦੀਆਂ ਹਨ ਤਾਂ ਜੋ ਨੌਜਵਾਨਾਂ ਨੂੰ ਨਸ਼ੇ ਦੇ ਨੁਕਸਾਨ ਬਾਰੇ ਸਹੀ ਜਾਣਕਾਰੀ ਮਿਲੇ। ਮਾਪਿਆਂ ਨੂੰ ਆਪਣੇ ਬੱਚਿਆਂ ਨਾਲ ਖੁੱਲ੍ਹ ਕੇ ਗੱਲਬਾਤ ਕਰਨੀ ਚਾਹੀਦੀ ਹੈ ਅਤੇ ਉਨ੍ਹਾਂ ਦੇ ਦੋਸਤਾਂ, ਆਦਤਾਂ ਅਤੇ ਮਨੋਵਿਗਿਆਨਕ ਹਾਲਤ 'ਤੇ ਧਿਆਨ ਦੇਣਾ ਚਾਹੀਦਾ ਹੈ। ਖੇਡਾਂ, ਕਲਾ ਅਤੇ ਰਚਨਾਤਮਕ ਗਤੀਵਿਧੀਆਂ ਨੂੰ ਵਧਾਵਾ ਦੇ ਕੇ ਨੌਜਵਾਨਾਂ ਨੂੰ ਸਿਹਤਮੰਦ ਜੀਵਨਸ਼ੈਲੀ ਵੱਲ ਪ੍ਰੇਰਿਤ ਕੀਤਾ ਜਾ ਸਕਦਾ ਹੈ। ਸਰਕਾਰ ਵੱਲੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਰੋਕਣ ਲਈ ਸਖ਼ਤ ਕਾਨੂੰਨ ਅਤੇ ਪ੍ਰਭਾਵਸ਼ਾਲੀ ਕਾਰਵਾਈ ਵੀ ਬਹੁਤ ਜ਼ਰੂਰੀ ਹੈ। ਨਸ਼ੇ ਦੇ ਸ਼ਿਕਾਰ ਲੋਕਾਂ ਲਈ ਰਿਹੈਬਿਲੀਟੇਸ਼ਨ ਕੇਂਦਰਾਂ ਦੀ ਗਿਣਤੀ ਅਤੇ ਗੁਣਵੱਤਾ ਵਧਾਉਣੀ ਚਾਹੀਦੀ ਹੈ ਤਾਂ ਜੋ ਉਹ ਇਲਾਜ ਅਤੇ ਮਨੋਵਿਗਿਆਨਕ ਸਹਾਇਤਾ ਲੈ ਕੇ ਮੁੜ ਨਵੀਂ ਜ਼ਿੰਦਗੀ ਸ਼ੁਰੂ ਕਰ ਸਕਣ। ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਵੀ ਨਸ਼ਾ ਮੁਕਤੀ ਮੁਹਿੰਮਾਂ ਰਾਹੀਂ ਵੱਡਾ ਯੋਗਦਾਨ ਪਾ ਸਕਦੀਆਂ ਹਨ ਕਿਉਂਕਿ ਉਹ ਲੋਕਾਂ ਦੇ ਦਿਲਾਂ ਨਾਲ ਜੁੜੀਆਂ ਹੁੰਦੀਆਂ ਹਨ। ਮੀਡੀਆ ਨੂੰ ਇਸ ਨਸਿਆ ਦੇ ਨੁਕਸਾਨ ਬਾਰੇ ਜਾਗਰੂਕਤਾ ਫੈਲਾਉਣੀ ਚਾਹੀਦੀ ਹੈ। ਜੇਕਰ ਸਮਾਜ ਦੇ ਹਰ ਵਰਗ ਵੱਲੋਂ ਮਿਲ ਕੇ ਯਤਨ ਕੀਤੇ ਜਾਣ ਤਾਂ ਨਸ਼ੇ ਦੇ ਵੱਧ ਰਹੇ ਜਾਲ ਨੂੰ ਤੋੜਿਆ ਜਾ ਸਕਦਾ ਹੈ। ਸਭ ਤੋਂ ਵੱਡੀ ਲੋੜ ਇਹ ਹੈ ਕਿ ਨੌਜਵਾਨਾਂ ਨੂੰ ਜੀਵਨ ਦਾ ਮਕਸਦ, ਸਹੀ ਦਿਸ਼ਾ ਅਤੇ ਮਾਨਸਿਕ ਮਜ਼ਬੂਤੀ ਦਿੱਤੀ ਜਾਵੇ ਤਾਂ ਜੋ ਉਹ ਕਿਸੇ ਵੀ ਗਲਤ ਰਸਤੇ ਤੋਂ ਬਚ ਸਕਣ। ਨਸ਼ਾ ਇੱਕ ਅਜਿਹੀ ਅੱਗ ਹੈ ਜੋ ਇੱਕ ਵਿਅਕਤੀ ਤੋਂ ਸ਼ੁਰੂ ਹੋ ਕੇ ਪੂਰੇ ਪਰਿਵਾਰ ਅਤੇ ਸਮਾਜ ਨੂੰ ਸਾੜ ਸਕਦੀ ਹੈ, ਇਸ ਲਈ ਇਸ ਦੇ ਖ਼ਿਲਾਫ਼ ਸਮੇਂ ਸਿਰ ਕਦਮ ਚੁੱਕਣੇ ਬਹੁਤ ਜ਼ਰੂਰੀ ਹਨ। ਜਾਗਰੂਕਤਾ, ਸਿੱਖਿਆ, ਸਖ਼ਤ ਕਾਨੂੰਨ ਅਤੇ ਸਮਾਜਕ ਸਹਿਯੋਗ ਦੇ ਨਾਲ ਹੀ ਅਸੀਂ ਇੱਕ ਨਸ਼ਾ-ਮੁਕਤ ਅਤੇ ਸਿਹਤਮੰਦ ਸਮਾਜ ਦੀ ਨੀਂਹ ਰੱਖ ਸਕਦੇ ਹਾਂ ਜਿੱਥੇ ਨੌਜਵਾਨ ਆਪਣੀ ਤਾਕਤ ਅਤੇ ਕਾਬਲੀਅਤ ਨੂੰ ਸਹੀ ਦਿਸ਼ਾ ਵਿੱਚ ਲਗਾ ਕੇ ਦੇਸ਼ ਅਤੇ ਸਮਾਜ ਦੀ ਤਰੱਕੀ ਵਿੱਚ ਯੋਗਦਾਨ ਪਾਉਣ। ਨਸ਼ਾ ਅੱਜ ਦੇ ਸਮਾਜ ਲਈ ਇੱਕ ਵੱਡੀ ਚੁਣੌਤੀ ਬਣ ਚੁੱਕਾ ਹੈ ਜੋ ਸਿਰਫ਼ ਵਿਅਕਤੀ ਦੀ ਸਿਹਤ ਨੂੰ ਹੀ ਨਹੀਂ, ਸਗੋਂ ਪਰਿਵਾਰਾਂ ਦੀ ਖੁਸ਼ਹਾਲੀ, ਨੌਜਵਾਨ ਪੀੜ੍ਹੀ ਦੇ ਭਵਿੱਖ ਅਤੇ ਸਮਾਜਕ ਸੰਰਚਨਾ ਨੂੰ ਵੀ ਗੰਭੀਰ ਤੌਰ 'ਤੇ ਪ੍ਰਭਾਵਿਤ ਕਰ ਰਿਹਾ ਹੈ। ਇੱਕ ਸਮਾਂ ਸੀ ਜਦੋਂ ਨਸ਼ੇ ਨੂੰ ਕੁਝ ਲੋਕਾਂ ਦੀ ਗਲਤ ਆਦਤ ਮੰਨਿਆ ਜਾਂਦਾ ਸੀ, ਪਰ ਅੱਜ ਇਹ ਇੱਕ ਵੱਡਾ ਜਾਲ ਬਣ ਚੁੱਕਾ ਹੈ ਜਿਸ ਵਿੱਚ ਖ਼ਾਸ ਕਰਕੇ ਨੌਜਵਾਨ ਤੇਜ਼ੀ ਨਾਲ ਫਸਦੇ ਜਾ ਰਹੇ ਹਨ। ਆਧੁਨਿਕ ਜੀਵਨ ਦੀ ਦੌੜ-ਭੱਜ, ਬੇਰੁਜ਼ਗਾਰੀ, ਮਨੋਵਿਗਿਆਨਕ ਦਬਾਅ, ਮਾੜੀ ਸੰਗਤ ਅਤੇ ਆਸਾਨੀ ਨਾਲ ਨਸ਼ੀਲੇ ਪਦਾਰਥਾਂ ਦੀ ਉਪਲਬਧਤਾ ਇਸ ਸਮੱਸਿਆ ਨੂੰ ਹੋਰ ਵੀ ਭਿਆਨਕ ਬਣਾ ਰਹੀ ਹੈ। ਨਸ਼ਾ ਸਿਰਫ਼ ਸਰੀਰ ਨੂੰ ਹੀ ਖ਼ਤਮ ਨਹੀਂ ਕਰਦਾ, ਇਹ ਮਨੁੱਖ ਦੀ ਸੋਚ, ਸੰਸਕਾਰ ਅਤੇ ਜੀਵਨ ਦੇ ਮਕਸਦ ਨੂੰ ਵੀ ਖੋਖਲਾ ਕਰ ਦਿੰਦਾ ਹੈ। ਜਦੋਂ ਕੋਈ ਨੌਜਵਾਨ ਨਸ਼ੇ ਦੀ ਲਤ ਵਿੱਚ ਫਸਦਾ ਹੈ ਤਾਂ ਉਸ ਦੀ ਸਿੱਖਿਆ, ਰੋਜ਼ਗਾਰ ਅਤੇ ਸਮਾਜਿਕ ਸੰਬੰਧ ਸਭ ਕੁਝ ਪ੍ਰਭਾਵਿਤ ਹੁੰਦੇ ਹਨ ਅਤੇ ਆਖ਼ਿਰਕਾਰ ਉਹ ਆਪਣੀ ਪਹਿਚਾਣ ਤੱਕ ਗੁਆ ਬੈਠਦਾ ਹੈ। ਨਸ਼ੇ ਦੀ ਵੱਧ ਰਹੀ ਸਮੱਸਿਆ ਦੇ ਪਿੱਛੇ ਕਈ ਕਾਰਣ ਹਨ ਜਿਵੇਂ ਕਿ ਘਰੇਲੂ ਤਣਾਅ, ਦੋਸਤਾਂ ਦਾ ਦਬਾਅ, ਮਨੋਰੰਜਨ ਦੀ ਘਾਟ, ਆਰਥਿਕ ਤੰਗੀ ਅਤੇ ਜੀਵਨ ਵਿੱਚ ਮਕਸਦ ਦੀ ਕਮੀ। ਕੁਝ ਲੋਕ ਸ਼ੁਰੂ ਵਿੱਚ ਸਿਰਫ਼ ਮਜ਼ੇ ਲਈ ਜਾਂ ਸਟਾਈਲ ਦੇ ਨਾਂ 'ਤੇ ਨਸ਼ਾ ਕਰਦੇ ਹਨ, ਪਰ ਹੌਲੀ-ਹੌਲੀ ਇਹ ਆਦਤ ਉਨ੍ਹਾਂ ਦੀ ਜ਼ਿੰਦਗੀ ਉੱਤੇ ਕਬਜ਼ਾ ਕਰ ਲੈਂਦੀ ਹੈ। ਸੋਸ਼ਲ ਮੀਡੀਆ ਅਤੇ ਫ਼ਿਲਮਾਂ ਵਿੱਚ ਨਸ਼ੇ ਨੂੰ ਕਈ ਵਾਰ ਗਲਤ ਤਰੀਕੇ ਨਾਲ ਗਲੈਮਰਾਈਜ਼ ਕੀਤਾ ਜਾਂਦਾ ਹੈ ਜਿਸ ਨਾਲ ਨੌਜਵਾਨਾਂ ਵਿੱਚ ਗਲਤ ਸੰਦੇਸ਼ ਜਾਂਦਾ ਹੈ। ਨਸ਼ੇ ਦੇ ਕਾਰਨ ਸਿਹਤ ਸੰਬੰਧੀ ਸਮੱਸਿਆਵਾਂ ਜਿਵੇਂ ਕਿ ਦਿਲ ਦੀਆਂ ਬਿਮਾਰੀਆਂ, ਜਿਗਰ ਦੀ ਖ਼ਰਾਬੀ, ਦਿਮਾਗੀ ਬਿਮਾਰੀਆਂ ਅਤੇ ਮਾਨਸਿਕ ਤਣਾਅ ਵੱਧ ਰਹੇ ਹਨ। ਇਸ ਦੇ ਨਾਲ-ਨਾਲ ਘਰੇਲੂ ਹਿੰਸਾ, ਅਪਰਾਧ ਅਤੇ ਹਾਦਸਿਆਂ ਦੀ ਦਰ ਵੀ ਵਧਦੀ ਹੈ ਜਿਸ ਨਾਲ ਪੂਰਾ ਸਮਾਜ ਪ੍ਰਭਾਵਿਤ ਹੁੰਦਾ ਹੈ।

**-ਦਵਿੰਦਰਪਾਲ ਸਿੰਘ ਹਮੀਦੀ**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243